ਮਾਘ (ਨਾਨਕਸ਼ਾਹੀ ਸੰਮਤ ੫੫੭)
ਜਨਵਰੀ 2026

2/- ਰੁਪਏ
PRGI No. 88, Vol. 70, Issue 1, January 2026

ਮਾਸਿਕ

ਗੁਰਦੁਆਰਾ ਗਜ਼ਟ



ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੀ ਯਾਦ ਵਿਚ
ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਸਜਾਏ ਗਏ ਸ਼ਹੀਦੀ ਨਗਰ ਕੀਰਤਨ ਦਾ ਦ੍ਰਿਸ਼



ਸਾਕਾ ਚਮਕੌਰ ਸਾਹਿਬ ਨੂੰ ਰੂਪਮਾਨ ਕਰਦਾ ਇੱਕ ਚਿੱਤਰ

ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

ਗੁਰਦੁਆਰਾ ਗਜ਼ਟ

ਸਥਾਪਤ ੧੯੨੯

ਮਾਘ	:	ਨਾਨਕਸ਼ਾਹੀ ਸੰਮਤ ੫੫੭
ਅੰਕ ੧	:	ਜਿਲਦ 70
ਜਨਵਰੀ	:	2026

ਸੰਪਾਦਕ : ਪ੍ਰਤਾਪ ਸਿੰਘ

ਐਸੋਸੀਏਟ ਸੰਪਾਦਕ: ਡਾ. ਰਾਜਵਿੰਦਰ ਸਿੰਘ ਜੋਗਾ

ਚੰਦਾ

ਦੇਸ਼		ਵਿਦੇਸ਼
ਸਾਲਾਨਾ 20/-	:	ਸਾਲਾਨਾ 500/-
ਲਾਈਫ 200/-	:	(ਹਵਾਈ ਡਾਕ)

Website : www.sgpc.net
E-mail : gurdwaragazette@gmail.com
info@sgpc.net
Phone : 0183-255 3956-60, Ext. 254

ਸੂਚਨਾ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਮਾਸਿਕ ਪੱਤਰ ਗੁਰਦੁਆਰਾ ਗਜ਼ਟ ਦੀ ਸਥਾਪਤੀ ਦੇ ਸਮੇਂ ਤੋਂ ਚੱਲ ਰਹੇ ਜਿਲਦ ਨੰਬਰ ਦੀ ਲੜੀ ਅਨੁਸਾਰ ਸਾਲ ੨੦੨੦ ਵਿਚ ਜਿਲਦ ਨੰਬਰ ੯੨ ਛਪ ਰਿਹਾ ਸੀ। ਪਰੰਤੂ ਆਰ.ਐਨ.ਆਈ. ਵਿਭਾਗ ਭਾਰਤ ਸਰਕਾਰ ਪਾਸ ਪਰਚੇ ਦੀ ਰਜਿਸਟ੍ਰੇਸ਼ਨ ੧੯੫੭ ਵਿਚ ਹੋਈ ਸੀ, ਜਿਸ ਸਬੰਧੀ ਆਰ.ਐਨ.ਆਈ. ਵਿਭਾਗ ਵੱਲੋਂ ਪੁੱਜੇ ਪੱਤਰ ਦੀ ਰੌਸ਼ਨੀ ਵਿਚ ਅੰਤ੍ਰਿੰਗ ਕਮੇਟੀ ਦੇ ਮਤਾ ਨੰਬਰ ੫੨੪ ਮਿਤੀ ੫-੯-੨੦੨੦ ਰਾਹੀਂ ਸਤੰਬਰ ੨੦੨੦ ਦੇ ਅੰਕ ਤੋਂ ਜਿਲਦ ਨੰਬਰ ੯੨ ਦੀ ਜਗ੍ਹਾ ੯੪ ਕੀਤਾ ਗਿਆ।

ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-68/10258 ਮਿਤੀ 20-6-67 ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

ਪ੍ਰਤੀ ਕਾਪੀ 2/-ਰੁਪਏ

ਤਤਕਰਾ

ਲੇਖ	ਪੰਨਾ
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰ ਮਰਯਾਦਾ	4
ਇਤਿਹਾਸਕ ਦਿਹਾੜੇ	5
ਗੁਰਬਾਣੀ ਵਿਚਾਰ	6
ਸੰਪਾਦਕੀ	7
ਖਿਦਰਾਣੇ ਦੀ ਢਾਬ (ਸ੍ਰੀ ਮੁਕਤਸਰ ਸਾਹਿਬ) -ਸ. ਬੋਹੜ ਸਿੰਘ ਮੱਲਣ	9
ਸ਼੍ਰੋਮਣੀ ਕਮੇਟੀ ਖ਼ਬਰਨਾਮਾ	12
ਹਿਸਾਬ ਕਿਤਾਬ	40
ਮਤੇ	90

English Section

Historical Events	93
SGPC News	94
Govt. of India - AvSec Order No. 11/2024 Date 30.10.2024 (related to carrying a Kirpan on the Plane)	101

ਪਾਠਕ ਧਿਆਨ ਦੇਣ

ਸਮੂਹ ਸੰਗਤ ਨੂੰ ਸਤਿਕਾਰ ਸਹਿਤ ਬੇਨਤੀ ਹੈ ਕਿ 'ਗੁਰਦੁਆਰਾ ਗਜ਼ਟ' ਮੈਗਜ਼ੀਨ ਵਿਚ ਧਾਰਮਿਕ ਸਮੱਗਰੀ ਅਤੇ ਗਤੀਵਿਧੀਆਂ ਛਾਪੀਆਂ ਜਾਂਦੀਆਂ ਹਨ। ਇਸ ਲਈ ਹਰੇਕ ਪਾਠਕ ਲਈ ਇਸ ਮੈਗਜ਼ੀਨ ਨੂੰ ਪੂਰਨ ਸਤਿਕਾਰਤ ਰੂਪ ਵਿਚ ਸੰਭਾਲਣਾ ਜ਼ਰੂਰੀ ਹੈ। ਇਸ ਨੂੰ ਪੜ੍ਹ ਕੇ ਏਧਰ-ਓਧਰ ਸੁੱਟਣ ਦੀ ਬਜਾਇ ਕਿਸੇ ਹੋਰ ਧਾਰਮਿਕ ਰੁਚੀ ਵਾਲੇ ਪਾਠਕ ਨੂੰ ਦੇ ਦਿਓ ਜਾਂ ਆਪਣੇ ਨੇੜੇ ਦੀ ਕਿਸੇ ਲਾਇਬ੍ਰੇਰੀ ਵਿਚ ਜਮ੍ਹਾਂ ਕਰਵਾ ਦਿਓ ਜੀ। ਪਰੰਤੂ ਜਾਣੇ-ਅਣਜਾਣੇ ਇਸ ਧਾਰਮਿਕ ਰਸਾਲੇ ਨੂੰ ਰੱਦੀ ਵਿਚ ਦੇ ਕੇ ਬੇਅਦਬੀ ਨਾ ਕਰੋ ਜੀ। -ਸੰਪਾਦਕ

ੴ ਸਤਿਗੁਰ ਪ੍ਰਸਾਦਿ॥

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰ ਮਰਯਾਦਾ

ਮਹੀਨਾ ਮਾਘ

* ਕਿਵਾੜ ਖੁੱਲ੍ਹਣ ਦਾ ਸਮਾਂ ੩-੦੦ ਵਜੇ ਅੰਮ੍ਰਿਤ ਵੇਲੇ
* ਕੀਰਤਨ ਆਰੰਭ ੩-੦੦ ਵਜੇ ਅੰਮ੍ਰਿਤ ਵੇਲੇ
* ਆਸਾ ਦੀ ਵਾਰ ਦਾ ਕੀਰਤਨ ਆਰੰਭ ੪-੦੦ ਵਜੇ ਸਵੇਰੇ
* ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ ੫-੦੦ ਵਜੇ ਸਵੇਰੇ
* ਪਹਿਲਾ ਹੁਕਮਨਾਮਾ ੫-੩੦ ਵਜੇ ਸਵੇਰੇ
* ਪਹਿਲੀ ਅਰਦਾਸ ੬-੦੦ ਵਜੇ ਸਵੇਰੇ
* ਆਸਾ ਦੀ ਵਾਰ ਦੀ ਸਮਾਪਤੀ ੭-੦੦ ਵਜੇ ਸਵੇਰੇ
* ਦੂਸਰੀ ਅਰਦਾਸ ਤੇ ਹੁਕਮਨਾਮਾ ੭-੧੫ ਵਜੇ ਤੱਕ ਸਵੇਰੇ
* ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ।
* ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ ੯-੩੦ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ ੯-੪੫ ਵਜੇ ਰਾਤ
* ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ ੧੦-੦੦ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ।

ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ-੧੪੩੦੦੬

ਫੋਨ : ੦੦੬੧-੧੮੩-੨੫੫੩੬੫੭,੫੮,੫੯

16 ਜਨਵਰੀ ਤੋਂ 15 ਫਰਵਰੀ ਤਕ ਦੇ ਇਤਿਹਾਸਕ ਦਿਹਾੜੇ

੧੭ ਜਨਵਰੀ	ਸਰਕਾਰ ਨੇ ਗੁਰਦੁਆਰਾ ਸੈਂਟਰਲ ਬੋਰਡ ਦਾ ਨਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਜੋਂ ਪ੍ਰਵਾਨ ਕਰ ਲਿਆ। (੧੭-੧-੧੯੨੭)
੨੦ ਜਨਵਰੀ	ਸਿੱਖਾਂ ਨੇ ਚਾਬੀਆਂ ਦਾ ਮੋਰਚਾ ਜਿੱਤਿਆ ਤੇ ਸਰਕਾਰ ਨੇ ਚਾਬੀਆਂ ਸਿੱਖਾਂ ਨੂੰ ਸੌਂਪੀਆਂ। (੨੦-੧-੧੯੨੨)
੨੩ ਜਨਵਰੀ	(ੳ) ਵਿਆਹ ਪੁਰਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ। (ਮਾਘ ਸੁਦੀ ੫) (ਅ) ਬਸੰਤ ਪੰਚਮੀ (ਮਾਘ ਸੁਦੀ ੫)
੨੪ ਜਨਵਰੀ	ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ੧੨੯ ਮੈਂਬਰਾਂ ਅਤੇ ਦਸ ਹਜ਼ਾਰ ਸਿੱਖਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਪੰਜਾਬੀ ਸੂਬੇ ਦੀ ਪ੍ਰਾਪਤੀ ਲਈ ਜਾਨਾਂ ਵਾਰਨ ਦਾ ਪ੍ਰਣ ਕੀਤਾ। (੨੪-੧-੧੯੬੦)
੨੫ ਜਨਵਰੀ	ਸਿੱਖਾਂ ਦਾ ਇਕ ਜੱਥਾ ਤਰਨ ਤਾਰਨ ਵਿਖੇ ਪੁੱਜਾ ਅਤੇ ਮਹੰਤ ਦੇ ਕਿਰਾਏ ਦੇ ਬੰਦਿਆਂ ਨੇ ਸਿੱਖਾਂ 'ਤੇ ਹਮਲਾ ਕਰ ਦਿੱਤਾ, ਜਿਸ ਨਾਲ ਭਾਈ ਹਜ਼ਾਰਾ ਸਿੰਘ, ਭਾਈ ਹੁਕਮ ਸਿੰਘ ਅਤੇ ਕਈ ਹੋਰ ਸਿੰਘ ਸਖ਼ਤ ਜ਼ਖ਼ਮੀ ਹੋਏ। ਭਾਈ ਹਜ਼ਾਰਾ ਸਿੰਘ ੨੭ ਜਨਵਰੀ ਅਤੇ ਭਾਈ ਹੁਕਮ ਸਿੰਘ ੪ ਫਰਵਰੀ ਨੂੰ ਅਕਾਲ ਚਲਾਣਾ ਕਰ ਗਏ। ਇਹ ਦੋਵੇਂ ਗੁਰਸਿੱਖ ਅਕਾਲੀ ਲਹਿਰ ਦੇ ਪਹਿਲੇ ਸ਼ਹੀਦ ਸਨ। (੨੫-੧-੧੯੨੧)
੨੭ ਜਨਵਰੀ	ਬਾਬਾ ਦੀਪ ਸਿੰਘ ਜੀ ਦਾ ਜਨਮ ਭਾਈ ਭਗਤ ਸਿੰਘ ਦੇ ਗ੍ਰਿਹ ਮਾਤਾ ਜਿਉਣੀ ਜੀ ਦੀ ਕੁੱਖੋਂ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਪਹੁਵਿੰਡ ਵਿਖੇ ਹੋਇਆ। (੧੪ ਮਾਘ)
੩੦ ਜਨਵਰੀ	ਭਾਈ ਹਕੀਕਤ ਰਾਏ ਨੂੰ ਸ਼ਹੀਦ ਕੀਤਾ ਗਿਆ। (੩੦-੧-੧੭੪੨)
੩੧ ਜਨਵਰੀ	(ੳ) ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ। (੧੮ ਮਾਘ) (ਅ) ਸਿੱਖਾਂ ਦੇ ਧਾਰਮਿਕ ਚਿੰਨ੍ਹ ਕਿਰਪਾਨ 'ਤੇ ਲੱਗੀ ਪਾਬੰਦੀ ਵਾਪਸ ਲਈ ਗਈ ਅਤੇ ਇੱਕ ਨੋਟੀਫਿਕੇਸ਼ਨ ਰਾਹੀਂ ਐਲਾਨ ਕੀਤਾ ਗਿਆ ਕਿ ਕਿਰਪਾਨ ਹਥਿਆਰ ਨਹੀਂ ਹੈ। (੩੧-੧-੧੯੩੬)
੧ ਫਰਵਰੀ	ਜਨਮ ਦਿਹਾੜਾ ਭਗਤ ਰਵਿਦਾਸ ਜੀ (ਮਾਘ ਸੁਦੀ ਪੂਰਨਮਾਸ਼ੀ)
੯ ਫਰਵਰੀ	ਵੱਡਾ ਘੱਲੂਘਾਰਾ ਕੁੱਪ ਰੋਹੀੜਾ (ਸੰਗਰੂਰ) (੨੭ ਮਾਘ)
੧੦ ਫਰਵਰੀ	ਅੰਗਰੇਜ਼ਾਂ ਤੇ ਸਿੱਖਾਂ ਵਿਚ ਸਭਰਾਵਾਂ ਦੀ ਲੜਾਈ ਵਿਚ ਲਾਲ ਸਿੰਘ, ਤੇਜ ਸਿੰਘ ਅਤੇ ਗੁਲਾਬ ਸਿੰਘ ਡੋਗਰੇ ਦੀ ਗ਼ੱਦਾਰੀ ਦੇ ਕਾਰਨ ਸਿੱਖਾਂ ਨੂੰ ਹਾਰ ਦਾ ਮੂੰਹ ਵੇਖਣਾ ਪਿਆ ਅਤੇ ਮਹਾਨ ਜਰਨੈਲ ਸ. ਸ਼ਾਮ ਸਿੰਘ ਅਟਾਰੀਵਾਲਾ ਸ਼ਹੀਦ ਹੋ ਗਏ। (੧੦-੨-੧੮੪੬)
੧੧ ਫਰਵਰੀ	ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ। (੨੯ ਮਾਘ)

ਗੁਰਬਾਣੀ ਵਿਚਾਰ:

ਮਾਘਿ ਮਜਨੁ ਸੰਗਿ ਸਾਧੂਆ...

ਮਾਘਿ ਮਜਨੁ ਸੰਗਿ ਸਾਧੂਆ ਧੂੜੀ ਕਰਿ ਇਸਨਾਨੁ॥
ਹਰਿ ਕਾ ਨਾਮੁ ਧਿਆਇ ਸੁਣਿ ਸਭਨਾ ਨੋ ਕਰਿ ਦਾਨੁ॥
ਜਨਮ ਕਰਮ ਮਲੁ ਉਤਰੈ ਮਨ ਤੇ ਜਾਇ ਗੁਮਾਨੁ॥
ਕਾਮਿ ਕਰੋਧਿ ਨ ਮੋਹਿਐ ਬਿਨਸੈ ਲੋਭੁ ਸੁਆਨੁ॥
ਸਚੈ ਮਾਰਗਿ ਚਲਦਿਆ ਉਸਤਤਿ ਕਰੇ ਜਹਾਨੁ॥
ਅਠਸਠਿ ਤੀਰਥ ਸਗਲ ਪੁੰਨ ਜੀਅ ਦਇਆ ਪਰਵਾਨੁ॥
ਜਿਸ ਨੋ ਦੇਵੈ ਦਇਆ ਕਰਿ ਸੋਈ ਪੁਰਖੁ ਸੁਜਾਨੁ॥
ਜਿਨਾ ਮਿਲਿਆ ਪ੍ਰਭੁ ਆਪਣਾ ਨਾਨਕ ਤਿਨ ਕੁਰਬਾਨੁ॥
ਮਾਘਿ ਸੁਚੇ ਸੇ ਕਾਂਢੀਅਹਿ ਜਿਨ ਪੂਰਾ ਗੁਰੁ ਮਿਹਰਵਾਨੁ ॥੧੨॥

ਮਾਘ ਵਿਚ (ਮਾਘੀ ਵਾਲੇ ਦਿਨ) ਲੋਕ ਪ੍ਰਯਾਗ ਆਦਿਕ ਤੀਰਥਾਂ 'ਤੇ ਇਸ਼ਨਾਨ ਕਰਨਾ ਬੜਾ ਪੁੰਨ ਸਮਝਦੇ ਹਨ, ਪਰ ਹੇ ਭਾਈ! ਤੂੰ ਗੁਰਮੁਖਾਂ ਦੀ ਸੰਗਤਿ ਵਿਚ (ਬੈਠ, ਇਹੀ ਹੈ ਤੀਰਥਾਂ ਦਾ) ਇਸ਼ਨਾਨ, ਉਨ੍ਹਾਂ ਦੀ ਚਰਨ-ਧੂੜ ਵਿਚ ਇਸ਼ਨਾਨ ਕਰ (ਨਿਮਰਤਾ-ਭਾਵ ਨਾਲ ਗੁਰਮੁਖਾਂ ਦੀ ਸੰਗਤ ਕਰ, ਉਥੇ) ਪਰਮਾਤਮਾ ਦਾ ਨਾਮ ਜਪ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣ, ਹੋਰ ਸਭਨਾਂ ਨੂੰ ਇਹ ਨਾਮ ਦੀ ਦਾਤ ਵੰਡ, (ਇਸ ਤਰ੍ਹਾਂ) ਕਈ ਜਨਮਾਂ ਦੇ ਕੀਤੇ ਕਰਮਾਂ ਤੋਂ ਪੈਦਾ ਹੋਈ ਵਿਕਾਰਾਂ ਦੀ ਮੈਲ਼ (ਤੇਰੇ ਮਨ ਤੋਂ) ਲਹਿ ਜਾਏਗੀ, ਤੇਰੇ ਮਨ ਵਿੱਚੋਂ ਅਹੰਕਾਰ ਦੂਰ ਹੋ ਜਾਏਗਾ।

(ਸਿਮਰਨ ਦੀ ਬਰਕਤਿ ਨਾਲ) ਕਾਮ ਵਿਚ, ਕ੍ਰੋਧ ਵਿਚ ਨਹੀਂ ਫਸੀਦਾ, ਲੋਭ-ਕੁੱਤਾ ਭੀ ਮੁੱਕ ਜਾਂਦਾ ਹੈ (ਲੋਭ, ਜਿਸ ਦੇ ਅਸਰ ਹੇਠ ਮਨੁੱਖ ਕੁੱਤੇ ਵਾਂਗ ਦਰ-ਦਰ 'ਤੇ ਭਟਕਦਾ ਹੈ)। ਇਸ ਸੱਚੇ ਰਸਤੇ ਉੱਤੇ ਤੁਰਿਆਂ ਜਗਤ ਵੀ ਸ਼ੋਭਾ ਕਰਦਾ ਹੈ। ਅਠਾਹਠ ਤੀਰਥਾਂ ਦਾ ਇਸ਼ਨਾਨ, ਸਾਰੇ ਪੁੰਨ ਕਰਮ, ਜੀਵਾਂ ਉੱਤੇ ਦਇਆ ਕਰਨੀ ਜੋ ਧਾਰਮਿਕ ਕੰਮ ਮੰਨੀ ਗਈ ਹੈ (ਇਹ ਸਭ ਕੁਝ ਸਿਮਰਨ ਦੇ ਵਿਚ ਹੀ ਆ ਜਾਂਦਾ ਹੈ)।

ਪਰਮਾਤਮਾ ਕਿਰਪਾ ਕਰ ਕੇ ਜਿਸ ਮਨੁੱਖ ਨੂੰ (ਸਿਮਰਨ ਦੀ ਦਾਤ) ਦਿੰਦਾ ਹੈ, ਉਹ ਮਨੁੱਖ (ਜ਼ਿੰਦਗੀ ਦੇ ਸਹੀ ਰਸਤੇ ਦੀ ਪਛਾਣ ਵਾਲਾ) ਸਿਆਣਾ ਹੋ ਜਾਂਦਾ ਹੈ।

ਹੇ ਨਾਨਕ! ਜਿਨ੍ਹਾਂ ਨੂੰ ਪਿਆਰਾ ਪ੍ਰਭੂ ਮਿਲ ਪਿਆ ਹੈ, ਮੈਂ ਉਨ੍ਹਾਂ ਤੋਂ ਸਦਕੇ ਹਾਂ। ਮਾਘ ਮਹੀਨੇ ਵਿਚ ਸਿਰਫ਼ ਉਹੀ ਸੁੱਚੇ ਬੰਦੇ ਆਖੇ ਜਾਂਦੇ ਹਨ, ਜਿਨ੍ਹਾਂ ਉੱਤੇ ਪੂਰਾ ਸਤਿਗੁਰੂ ਦਇਆਵਾਨ ਹੁੰਦਾ ਹੈ (ਤੇ ਜਿਨ੍ਹਾਂ ਨੂੰ ਸਿਮਰਨ ਦੀ ਦਾਤ ਦਿੰਦਾ ਹੈ) ॥੧੨॥

ਸੰਪਾਦਕੀ...

ਸ਼ਾਹੇ-ਸ਼ਹਿਨਸ਼ਾਹ ਗੁਰੂ ਗੋਬਿੰਦ ਸਿੰਘ

ਦਸਵੇਂ ਪਾਤਸ਼ਾਹ, ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੁਨੀਆਂ ਦੇ ਇਤਿਹਾਸ ਵਿਚ ਐਸੇ ਗੁਰੂ ਹੋਏ ਹਨ ਜਿਨ੍ਹਾਂ ਨੇ ਧਰਮ, ਕੌਮ ਤੇ ਹੱਕ-ਸੱਚ ਲਈ ਆਪਣਾ ਸਾਰਾ ਸਰਬੰਸ ਹੀ ਕੁਰਬਾਨ ਕਰ ਦਿੱਤਾ। ਆਪ ਜੀ ਦਾ ਜੀਵਨ ਸੰਗਰਾਮ ਬੜਾ ਹੀ ਵਿਸ਼ਾਲ ਤੇ ਵਿਲੱਖਣ ਹੈ, ਜਿਸ ਬਾਰੇ ਲਿਖਣਾ, ਬੋਲਣਾ ਜਾਂ ਬਿਆਨ ਕਰਨਾ ਸੰਭਵ ਹੀ ਨਹੀਂ, ਬਲਕਿ ਨਾਮੁਮਕਿਨ ਹੈ। ਆਪ ਜੀ ੪੨ ਕੁ ਸਾਲ ਦੀ ਉਮਰ ਵਿਚ ਹੀ ਸ੍ਰੀ ਅਬਚਲ ਨਗਰ ਹਜ਼ੂਰ ਸਾਹਿਬ, ਨਾਂਦੇੜ (ਮਹਾਂਰਾਸ਼ਟਰ) ਵਿਖੇ ਕੱਤਕ ਸੁਦੀ ੫, ਸੰਮਤ ੧੭੬੫ ਬਿ. (੧੭੦੮ ਈ.) ਨੂੰ ਜੋਤੀ-ਜੋਤਿ ਸਮਾ ਗਏ। ਇੱਥੇ ਹੀ ਆਪ ਜੀ ਨੇ ਸ੍ਰੀ ਆਦਿ (ਗੁਰੂ) ਗ੍ਰੰਥ ਸਾਹਿਬ ਜੀ ਨੂੰ ਗੁਰਿਆਈ ਬਖ਼ਸ਼ੀ ਤੇ ਸਮੁੱਚੇ ਸਿੱਖ ਜਗਤ ਨੂੰ ਸਦੀਵੀ ਤੌਰ 'ਤੇ ਸ਼ਬਦ ਗੁਰੂ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਤਾਬਿਆ ਕਰ ਦਿੱਤਾ।

ਆਪ ਜੀ ਨੂੰ ਕਲਗੀਧਰ ਪਾਤਸ਼ਾਹ, ਸਰਬੰਸਦਾਨੀ, ਸ਼ਾਹੇ-ਸ਼ਹਿਨਸ਼ਾਹ ਆਦਿ ਕਿੰਨੇ ਹੀ ਅਜੀਮ ਲਕਬਾਂ ਨਾਲ ਸੰਬੋਧਨ ਕੀਤਾ ਜਾਂਦਾ ਹੈ। ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਆਪ ਜੀ ਦੀ ਸ਼ਖ਼ਸੀਅਤ ਦਾ ਜਗਤ ਅੰਦਰ ਹੋਰ ਕੋਈ ਸਾਨੀ ਵੀ ਨਹੀਂ ਹੈ। ਜਦੋਂ ਅਸੀਂ ਗੁਰੂ ਪਾਤਸ਼ਾਹ ਜੀ ਦੇ ਸਰਬੰਸ ਦਾਨ ਦੀ ਗੱਲ ਕਰਦੇ ਹਾਂ ਤਾਂ ਪਤਾ ਲੱਗਦਾ ਹੈ ਕਿ ਆਪ ਜੀ ਦੇ ਪੜਦਾਦਾ ਸ੍ਰੀ ਗੁਰੂ ਅਰਜਨ ਦੇਵ ਜੀ, ਪਿਤਾ ਸ੍ਰੀ ਗੁਰੂ ਤੇਗ ਬਹਾਦਰ ਜੀ, ਮਾਤਾ ਮਾਤਾ ਗੁਜਰੀ ਜੀ, ਆਪ ਜੀ ਦੇ ਲਖਤੇ ਜਿਗਰ ਚਾਰ ਸਾਹਿਬਜ਼ਾਦੇ, ਸਾਹਿਬਜ਼ਾਦਾ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ, ਬਾਬਾ ਜੋਰਾਵਰ ਸਿੰਘ ਤੇ ਬਾਬਾ ਫਤਹਿ ਸਿੰਘ ਜੀ, ਭੂਆ ਬੀਬੀ ਵੀਰੋ ਜੀ ਦੇ ਪੰਜ ਸਪੁੱਤਰ ਅਤੇ ਇਸ ਤੋਂ ਇਲਾਵਾ ਗੁਰੂ ਸਾਹਿਬ ਦੇ ਜ਼ਿੰਦ-ਜਾਨ ਤੋਂ ਪਿਆਰੇ ਬੇਅੰਤ ਸਿੱਖ, ਸ਼ਰਧਾਲੂ ਤੇ ਮੁਰੀਦ ਸ਼ਹੀਦ ਹੋਏ। ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਅਗਵਾਈ ਵਿਚ ਭੰਗਾਣੀ ਦੀ ਜੰਗ ਤੋਂ ਲੈ ਕੇ ਸ੍ਰੀ ਮੁਕਤਸਰ ਸਾਹਿਬ ਦੀ ਜੰਗ ਤਕ ਸਿੱਖਾਂ ਨੇ ਛੋਟੀਆਂ-ਵੱਡੀਆਂ ਲਗਪਗ ੧੬ ਜੰਗਾਂ ਲੜੀਆਂ ਤੇ ਸਾਰੀਆਂ ਵਿਚ ਹੀ ਦੁਸ਼ਮਣ ਨੂੰ ਲੋਹੇ ਦੇ ਚਨੇ ਚਬਾ ਕੇ ਜਿੱਤਾਂ ਪ੍ਰਾਪਤ ਕੀਤੀਆਂ। ਇਨ੍ਹਾਂ ਸਾਰੀਆਂ ਹੀ ਜੰਗਾਂ ਵਿਚ ਦੁਸ਼ਮਣ ਫੌਜਾਂ ਦੇ ਮੁਕਾਬਲੇ ਗੁਰੂ ਸਾਹਿਬ ਕੋਲ ਬਹੁਤ ਘੱਟ, ਭਾਵ ਗਿਣਤੀ ਯੋਗ ਸਿੱਖ/ਸ਼ਰਧਾਲੂ ਯੋਧੇ ਸਿੱਖ ਸਨ ਤੇ ਦੂਜੇ ਪਾਸੇ ਵੱਡੇ-ਵੱਡੇ ਮੁਗ਼ਲ ਜਰਨੈਲ। ਇਤਿਹਾਸਕਾਰਾਂ, ਵਿਦਵਾਨਾਂ ਵੱਲੋਂ ਇਨ੍ਹਾਂ ਜੰਗਾਂ ਵਿਚ ਖਾਸ ਕਰਕੇ ਸ੍ਰੀ ਚਮਕੌਰ ਸਾਹਿਬ ਦੀ ਜੰਗ ਨੂੰ 'ਅਸਾਮੀ ਜੰਗ' ਕਿਹਾ ਜਾਂਦਾ ਹੈ, ਕਿਉਂਕਿ ਇਸ ਵਿਚ ਗੁਰੂ ਸਾਹਿਬ ਦੇ ਨਾਲ ਸਿਰਫ ੪੦-੪੫ ਸਿੱਖ ਹੀ ਸਨ ਤੇ ਦੂਜੇ ਪਾਸੇ ਲੱਖਾਂ ਦੀ ਫੌਜ। ਇਨ੍ਹਾਂ ਗਿਣਤੀ ਦੇ ਸਿੰਘਾਂ ਨੇ ਹੀ ਦੁਸ਼ਮਣ ਫੌਜਾਂ ਨੂੰ ਭਾਜੜਾਂ ਪਾ ਦਿੱਤੀਆਂ ਸਨ। ਇਸ ਜੰਗ ਵਿਚ ਦੋ ਵੱਡੇ ਸਾਹਿਬਜ਼ਾਦਿਆਂ ਨੇ ੪੦ ਸਿੱਖਾਂ ਸਮੇਤ ਸ਼ਹਾਦਤਾਂ ਪਾਈਆਂ, ਜਿੰਨ੍ਹਾਂ ਨੂੰ ਸਤਿਕਾਰ ਸਹਿਤ ਸ੍ਰੀ ਚਮਕੌਰ ਸਾਹਿਬ ਦੇ 'ਚਾਲੀ ਮੁਕਤੇ' ਕਹਿ ਕੇ ਨਮਨ ਕੀਤਾ ਜਾਂਦਾ ਹੈ। ਇਸ ਤੋਂ ਬਾਅਦ ਸੂਬਾ-ਏ-ਸਰਹਿੰਦ ਵਜ਼ੀਰ ਖਾਨ ਨੇ ਛੋਟੇ ਸਾਹਿਬਜ਼ਾਦਿਆਂ ਨੂੰ ਵੀ ਸਰਹਿੰਦ ਦੀਆਂ ਨੀਂਹਾਂ ਵਿੱਚ ਜ਼ਿੰਦਾ ਚਿਣ ਕੇ ਸ਼ਹੀਦ ਕਰਵਾ ਦਿੱਤਾ ਅਤੇ ਇੱਥੇ ਹੀ ਮਾਤਾ ਗੁਜਰੀ ਜੀ ਬਜ਼ੁਰਗ ਅਵਸਥਾ ਵਿਚ ਜ਼ਾਲਮ ਹਕੂਮਤ ਦੇ ਤਸੀਹੇ ਝੱਲਦੇ ਹੋਏ ਸ਼ਹਾਦਤ ਪਾ ਗਏ ਸਨ।

ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਸਮਾਨ ਇਸ ਦੁਨੀਆਂ ਵਿਚ ਤਿਆਗੀ ਵੀ ਕੋਈ ਨਹੀਂ ਨਜ਼ਰ ਆਉਂਦਾ। ਜੇਕਰ ਦੁਨਿਆਵੀ ਵਸਤਾਂ ਦੀ ਗੱਲ ਕੀਤੀ ਜਾਵੇ ਤਾਂ ਇਤਿਹਾਸ ਵਿਚੋਂ ਇਸ ਪ੍ਰਥਾਇ

ਆਪ ਜੀ ਦੇ ਬਚਪਨ ਦੀ ਘਟਨਾ ਦਾ ਖਾਸ ਜ਼ਿਕਰ ਕੀਤਾ ਜਾਂਦਾ ਹੈ, ਜਦੋਂ ਆਪ ਜੀ ਨੂੰ ਇਕ ਬਹੁਤ ਹੀ ਸੁੰਦਰ ਕੰਗਣ ਭੇਟ ਕੀਤਾ ਗਿਆ ਸੀ ਤੇ ਆਪ ਜੀ ਨੇ ਉਹ ਕੰਗਣ ਗੰਗਾ ਵਿਚ ਵਗਾਹ ਮਾਰਿਆ ਸੀ। ਲੋੜ ਪੈਣ 'ਤੇ ਆਪ ਜੀ ਨੇ ਆਪਣਾ ਰਹਿਣ ਬਸੇਰਾ ਅਨੰਦਾਂ ਦੀ ਪੁਰੀ ਸ੍ਰੀ ਅਨੰਦਪੁਰ ਸਾਹਿਬ ਤੇ ਹੋਰ ਕਿੰਨੀਆਂ ਹੀ ਕੀਮਤੀ ਵਸਤੂਆਂ ਛੱਡ ਕੇ ਇਕ ਮੁਸਾਫ਼ਰ ਦੀ ਤਰ੍ਹਾਂ ਛੱਡ ਕੇ ਤੁਰ ਪਏ ਸਨ। ਗੁਰੂ ਸਾਹਿਬ ਦੇ ਜਿਗਰੇ ਵਰਗਾ ਹੋਰ ਜਿਗਰਾ ਕਿਸ ਦਾ ਹੋ ਸਕਦਾ ਹੈ? ਜਿਨ੍ਹਾਂ ਨੇ ਆਪਣੇ ਲਖਤੇ ਜਿਗਰ, ਪਰਿਵਾਰ ਅਤੇ ਜਾਨ ਤੋਂ ਪਿਆਰੇ ਬੇਅੰਤ ਗੁਰਸਿੱਖਾਂ ਤੇ ਸ਼ਰਧਾਲੂਆਂ ਦੀਆਂ ਕੁਰਬਾਨੀਆਂ ਆਪਣੇ ਅੱਖੀਂ ਡਿੱਠੀਆਂ ਹੋਣ। ਇੰਨਾ ਕੁਝ ਹੋਣ ਦੇ ਵਾਬਜੂਦ ਵੀ ਗੁਰੂ ਸਾਹਿਬ ਚੜ੍ਹਦੀ ਕਲਾ ਵਿੱਚ ਰਹੇ ਤੇ ਮਾਛੀਵਾੜੇ ਦੇ ਜੰਗਲ ਵਿੱਚ ਆ ਕੇ ਅਕਾਲ ਪੁਰਖ ਦਾ ਸ਼ੁਕਰਾਨਾ ਕਰਦੇ ਹੋਏ ਫੁਰਮਾਇਆ–

'ਮਿਤ੍ਰ ਪਿਆਰੇ ਨੂੰ ਹਾਲ ਮੁਰੀਦਾਂ ਦਾ ਕਹਿਣਾ॥
ਤੁਧੁ ਬਿਨੁ ਰੋਗੁ ਰਜਾਈਆਂ ਦਾ ਓਢਣ ਨਾਗ ਨਿਵਾਸਾਂ ਦੇ ਰਹਿਣਾ॥...
ਯਾਰੜੇ ਦਾ ਸਾਨੂੰ ਸੱਥਰ ਚੰਗਾ ਭੱਠ ਖੇੜਿਆਂ ਦਾ ਰਹਿਣਾ॥'

ਲੜਾਈਆਂ, ਝਗੜੇ ਤੇ ਜੰਗ-ਯੁੱਧ ਖਾਸ ਕਰਕੇ ਜ਼ਰ, ਜ਼ੋਰੂ ਤੇ ਜ਼ਮੀਨ ਦੀ ਖਾਤਰ ਹੁੰਦੇ ਰਹੇ ਹਨ ਪਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਸਿੱਖਾਂ ਤੇ ਸੇਵਕਾਂ ਦੀ ਮਦਦ ਨਾਲ ਜ਼ਬਰ ਤੇ ਜ਼ੁਲਮ ਅਤੇ ਅਧਰਮ ਦੇ ਵਿਰੁੱਧ ਕਈ ਯੁੱਧ ਕੀਤੇ, ਪਰ ਕਦੇ ਵੀ ਕਿਸੇ ਦੁਸ਼ਮਣ ਉਪਰ ਪਹਿਲਾਂ ਹਮਲਾ ਨਹੀਂ ਕੀਤਾ ਤੇ ਨਾ ਹੀ ਕਦੇ ਕਿਸੇ ਨਿਹੱਥੇ ਉਪਰ ਵਾਰ ਕੀਤਾ। ਸਿੱਖ ਇਤਿਹਾਸ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਗੁਰੂ ਸਾਹਿਬ ਅਤੇ ਗੁਰੂ ਕੇ ਖ਼ਾਲਸੇ ਨੇ ਕਦੇ ਪਿੱਠ ਨਹੀਂ ਦਿਖਾਈ, ਨਾ ਕਦੇ ਡੋਲਿਆ ਤੇ ਨਾ ਹੀ ਕਿਸੇ ਅੱਗੇ ਝੁਕਿਆ, ਉਹ ਹਮੇਸ਼ਾ ਚੜ੍ਹਦੀ ਕਲਾ ਵਿੱਚ ਹੀ ਰਿਹਾ ਹੈ। ਗੁਰੂ ਸਾਹਿਬ ਨੇ ਨਾ ਚਾਹੁੰਦੇ ਹੋਏ ਵੀ ਜੋ ਜੰਗ ਕੀਤੇ ਉਸ ਵਿਚ ਵੇਖਣ ਵਾਲੀ ਖਾਸ ਗੱਲ ਇਹ ਹੈ, ਕਿ ਉਨ੍ਹਾਂ ਨੇ ਜਿਹੜੇ ਦੁਸ਼ਮਣ ਨੂੰ ਸੋਧਿਆ (ਜਖ਼ਮੀ ਕੀਤਾ ਜਾਂ ਮਾਰਿਆ) ਉਸ ਦੇ ਇਲਾਜ ਜਾਂ ਸਸਕਾਰ ਲਈ ਕੁਝ ਸਹਾਇਤਾ ਵੀ ਪ੍ਰਦਾਨ ਕੀਤੀ, ਭਾਵ ਗੁਰੂ ਸਾਹਿਬ ਵੱਲੋਂ ਛੱਡੇ ਤੀਰਾਂ ਦੀ ਨੋਕ 'ਤੇ ਕੁਝ (ਇਕ ਤੋਲਾ ਜਾਂ ਇਸ ਤੋਂ ਵੱਧ ਵੀ) ਸੋਨਾ ਲੱਗਿਆ ਹੁੰਦਾ ਸੀ, ਤਾਂ ਕਿ ਜਿਸ ਨੂੰ ਉਹ ਤੀਰ ਲੱਗੇ ਜੇਕਰ ਉਹ ਜਖ਼ਮੀ ਹੋਵੇ ਤਾਂ ਆਪਣਾ ਇਲਾਜ ਕਰਵਾ ਸਕੇ ਅਤੇ ਜੇਕਰ ਮਰ ਜਾਵੇ, ਤਾਂ ਉਸ ਦਾ ਅੰਤਿਮ ਸਸਕਾਰ ਕੀਤਾ ਜਾ ਸਕੇ। ਦੁਨੀਆਂ ਦੇ ਇਤਿਹਾਸ ਵਿੱਚ ਹੋਣ ਵਾਲੇ ਜੰਗਾਂ-ਯੁੱਧਾਂ ਸਮੇਂ ਅਜਿਹੀ ਦਿਆਨਤਦਾਰੀ ਕਿਧਰੇ ਨਹੀਂ ਮਿਲਦੀ, ਕਿ ਪਹਿਲਾਂ ਦੁਸ਼ਮਣ ਨੂੰ ਫੱਟੜ ਕੀਤਾ ਜਾਵੇ ਜਾਂ ਮਾਰ ਦਿੱਤਾ ਜਾਵੇ ਤੇ ਫਿਰ ਉਸ ਦੇ ਇਲਾਜ ਲਈ ਕੁਝ ਮਦਦ ਵੀ ਕੀਤੀ ਗਈ ਹੋਵੇ। ਜਦੋਂਕਿ ਜੰਗਾਂ-ਯੁੱਧਾਂ ਵਿਚ ਜਿੱਤਣ ਵਾਲੀ ਧਰ ਹਾਰਨ ਵਾਲੇ ਨੂੰ ਹਮੇਸ਼ਾ ਲੁੱਟਦੀ ਰਹੀ ਹੈ। ਇਤਿਹਾਸ ਵਿਚ ਇਹ ਵੀ ਜ਼ਿਕਰ ਮਿਲਦਾ ਹੈ, ਕਿ ਕਈ ਵਾਰ ਦੁਸ਼ਮਣ ਦੀ ਫ਼ੌਜ ਵਲੋਂ ਲੜਣ ਵਾਲੇ ਜਰਨੈਲ ਗੁਰੂ ਸਾਹਿਬ ਜੀ ਦੇ ਦਰਸ਼ਨ ਕਰਕੇ ਗੁਰੂ ਜੀ ਦੀ ਸ਼ਰਨ ਵਿਚ ਆ ਗਏ ਤੇ ਉਨ੍ਹਾਂ ਦੇ ਮੁਰੀਦ ਬਣ ਗਏ ਸਨ। ਕਹਿਣ ਤੋਂ ਭਾਵ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਪ੍ਰਤਿਭਾਸ਼ੀਲ ਸ਼ਖ਼ਸੀਅਤ ਦਾ ਉਨ੍ਹਾਂ ਦੇ ਦਰਸ਼ਨ ਕਰਨ ਵਾਲਿਆਂ ਉੱਤੇ ਕਾਇਆ-ਕਲਪ ਕਰ ਦੇਣ ਵਾਲਾ ਗਹਿਰਾ ਪ੍ਰਭਾਵ ਪੈ ਜਾਂਦਾ ਸੀ ਤੇ ਉਹ ਗੁਰੂ ਜੀ ਦੇ ਮਰਜੀਵੜੇ ਸਿੱਖ ਹੋ ਨਿਤਰਦੇ ਸਨ।

ਕਲਗੀਧਰ ਪਾਤਸ਼ਾਹ ਜੀ ਨੇ ਜਿਹੜੀਆਂ ਕੀਮਤਾਂ ਦੀ ਸਥਾਪਨਾ ਕੀਤੀ, ਉਹ ਚਿਰ-ਜੀਵੀ, ਲੋਕ-ਹਿਤਕਾਰੀ ਅਤੇ ਕਲਿਆਣਕਾਰੀ ਹਨ। ਸੋ ਅਜਿਹੀ ਸਖਸ਼ੀਅਤ ਦੀ ਪ੍ਰਤਿਭਾ ਦੇ ਗੁਣਾਂ ਨੂੰ ਬਿਆਨ ਕਰਨਾ ਕਠਿਨ ਹੀ ਨਹੀਂ, ਬਲਕਿ ਨਾਮੁਮਕਿਨ ਵੀ ਹੈ। ਆਪ ਜੀ ਦੇ ਗੁਣਾਂ ਨੂੰ ਦੇਸੀ-ਵਿਦੇਸ਼ੀ, ਸਿੱਖ ਅਤੇ ਗ਼ੈਰ-ਸਿੱਖ ਕਵੀਆਂ ਨੇ ਆਪਣੇ-ਆਪਣੇ ਮਨ ਦੇ ਵਲਵਲਿਆਂ ਅਨੁਸਾਰ ਬਿਆਨ ਕਰਨ ਦੇ ਜਤਨ ਕੀਤੇ ਹਨ। ਸੰਸਾਰ ਵਿਚ ਸ਼ਾਇਦ ਹੀ ਕੋਈ ਅਜਿਹਾ ਮਹਾਂਪੁਰਸ਼ ਹੋਵੇਗਾ, ਜਿਸ ਨੂੰ ਇੰਨੇ ਅਜੀਮ ਲਕਬਾਂ ਨਾਲ ਨਿਵਾਜਿਆ ਗਿਆ ਹੋਵੇ।

ਖਿਦਰਾਣੇ ਦੀ ਢਾਬ (ਸ੍ਰੀ ਮੁਕਤਸਰ ਸਾਹਿਬ)

-ਸ. ਬੋਹੜ ਸਿੰਘ ਮੱਲਣ*

ਸ੍ਰੀ ਅਨੰਦਪੁਰ ਸਾਹਿਬ ਦੀ ਚੌਥੀ ਲੜਾਈ ਵਿਚ ਮੁਗ਼ਲ ਫੌਜਾਂ ਅਤੇ ਉਸ ਦੇ ਸਹਿਯੋਗੀਆਂ ਨੇ ਇਕ-ਮੁੱਠ ਹੋ ਕੇ ਲਗਾਤਾਰ ਕਿਲ੍ਹੇ ਨੂੰ ਅੱਠ ਮਹੀਨੇ ਘੇਰਾ ਪਾਈ ਰੱਖਿਆ। ਕਿਲ੍ਹੇ ਅੰਦਰਲਾ ਰਾਸ਼ਨ ਖ਼ਤਮ ਹੋ ਗਿਆ ਅਤੇ ਬਾਹਰੋਂ ਰਸਦ ਆਉਣੀ ਬੰਦ ਹੋ ਗਈ। ਦੁਸ਼ਮਣਾਂ ਨੇ ਕਿਲ੍ਹੇ ਅੰਦਰ ਆਉਂਦੀ ਪਾਣੀ ਦੀ ਫ਼ਸੀਲ ਵੀ ਕੱਟ ਦਿੱਤੀ। ਸਿੰਘ ਕਈ ਕਈ ਦਿਨ ਬ਼ਗ਼ੈਰ ਖਾਣੇ ਦੇ ਲੜੇ। ਪ੍ਰਸਾਦੀ ਹਾਥੀ ਅਤੇ ਹੋਰ ਕੀਮਤੀ ਘੋੜੇ ਭੁੱਖ ਨਾਲ ਦਮ ਤੋੜ ਗਏ। ਇਤਨੀ ਤੰਗੀ ਦੇ ਬਾਵਜੂਦ ਵੀ ਗੁਰੂ ਜੀ ਚੜ੍ਹਦੀਆਂ ਕਲਾਂ ਵਿਚ ਰਹੇ। ਗੁਰੂ ਜੀ ਨੂੰ ਆਤਮ-ਵਿਸ਼ਵਾਸ ਤੇ ਅਕਾਲ ਪੁਰਖ 'ਤੇ ਭਰੋਸਾ ਸੀ। ਕਿਲ੍ਹੇ ਵਿਚ ਕਈ ਸਿੱਖ ਭੁੱਖ ਤੋਂ ਤੰਗ ਆ ਕੇ ਗੁਰੂ ਸਾਹਿਬ ਕੋਲੋਂ ਘਰਾਂ ਨੂੰ ਜਾਣ ਦੀ ਆਗਿਆ ਮੰਗਣ ਲੱਗੇ। ਗੁਰੂ ਸਾਹਿਬ ਨੇ ਕੁਝ ਸਮਾਂ ਰੁਕਣ ਲਈ ਕਿਹਾ ਪਰੰਤੂ ਸਿੰਘਾਂ ਨੇ ਜ਼ਿੱਦ ਕੀਤੀ। ਗੁਰੂ ਸਾਹਿਬ ਨੇ ਕਿਹਾ, "ਭਾਈ ਬੇਸ਼ੱਕ ਚਲੇ ਜਾਓ, ਪਰੰਤੂ ਸਾਨੂੰ ਲਿਖ ਕੇ ਦੇ ਜਾਓ ਕਿ ਅਸੀਂ ਤੇਰੇ ਸਿੱਖ ਨਹੀਂ।" ਭੁੱਖੇ ਸਿੰਘਾਂ ਨੇ ਝੱਟ ਇਹ ਬੇਦਾਵਾ ਲਿਖ ਦਿੱਤਾ ਤੇ ਘਰਾਂ ਨੂੰ ਚਲੇ ਗਏ। ਇਨ੍ਹਾਂ ਵਿੱਚੋਂ ਬਹੁਤੇ ਮਾਝੇ ਦੇ ਵਸਨੀਕ ਸਨ।

ਜਦ ਇਨ੍ਹਾਂ ਸਿੰਘਾਂ ਨੇ ਘਰੀਂ ਜਾ ਕੇ ਆਪਣੇ ਆਉਣ ਦਾ ਕਾਰਨ ਦੱਸਿਆ ਤਾਂ ਘਰਾਂ ਵਿਚ ਮੌਜੂਦ ਸਿੰਘਣੀਆਂ (ਮਾਂਵਾਂ, ਭੈਣਾਂ, ਪਤਨੀਆਂ ਆਦਿ) ਨੇ ਅੱਗ-ਭਬੂਕਾ ਹੋ ਕੇ ਲਾਹਨਤਾਂ ਪਾਈਆਂ। ਚੂੜੀਆਂ ਪਾ ਕੇ ਘਰ ਬੈਠਣ ਤੇ ਚਰਖ਼ੇ ਕੱਤਣ ਜਿਹੇ ਤਾਅਨੇ ਦਿੱਤੇ। ਮਾਈ ਭਾਗੋ ਜੀ ਤਾਂ ਜਥਾ ਲੈ ਕੇ ਗੁਰੂ ਜੀ ਦੀ ਮਦਦ ਲਈ ਵੀ ਚੱਲ ਪਏ। ਇਤਨੇ ਸਖ਼ਤ ਸ਼ਬਦ ਸੁਣ ਕੇ ਉਹ ਸਿੰਘ ਉਨ੍ਹੀਂ ਪੈਰੀਂ ਵਾਪਸ ਗੁਰੂ ਜੀ ਦੀ ਭਾਲ ਵਿਚ ਤੁਰ ਪਏ। ਰਸਤੇ ਵਿਚ ਉਨ੍ਹਾਂ ਨੂੰ ਗੁਰੂ ਸਾਹਿਬ ਦੇ ਸ੍ਰੀ ਅਨੰਦਪੁਰ ਦਾ ਕਿਲ੍ਹਾ ਛੱਡਣ ਤੇ ਉਨ੍ਹਾਂ ਦੇ ਸਾਹਿਬਜ਼ਾਦਿਆਂ ਤੇ ਮਾਤਾ ਜੀ ਦੀਆਂ ਸ਼ਹੀਦੀਆਂ ਦਾ ਪਤਾ ਲੱਗਿਆ। ਗੁਰੂ ਸਾਹਿਬ ਚਮਕੌਰ ਤੋਂ ਬਾਅਦ ਮਾਛੀਵਾੜੇ, ਆਲਮਗੀਰ, ਲੰਮੇ ਜੱਟਪੁਰੇ, ਰਾਏਕੋਟ, ਦੀਨਾ-ਕਾਂਗੜ, ਕੋਟਕਪੂਰਾ, ਜੈਤੋ ਰਾਹੀਂ ਰਾਮੇਆਣੇ ਪੁੱਜੇ। ਇੱਥੇ ਗੁਰੂ ਸਾਹਿਬ ਨੂੰ ਸ਼ਾਹੀ ਫੌਜਾਂ ਦੇ ਨਜ਼ਦੀਕ ਹੀ ਆਉਣ ਦਾ ਪਤਾ ਲੱਗਾ। ਇੱਥੇ ਹੀ ਮਾਝੇ ਦੇ ਉਹ ਸਿੰਘ ਗੁਰੂ ਸਾਹਿਬ ਨੂੰ ਆ ਮਿਲੇ ਜੋ ਸ੍ਰੀ ਅਨੰਦਪੁਰ ਸਾਹਿਬ ਦੇ ਘੇਰੇ ਸਮੇਂ ਬੇਦਾਵਾ ਲਿਖ ਕੇ ਦੇ ਗਏ ਸਨ। ਇਨ੍ਹਾਂ ਨਾਲ ਆਏ ਲਾਹੌਰ ਦਰਬਾਰ ਦੇ ਨਜ਼ਦੀਕ ਸਮਝਣ ਵਾਲੇ ਵਿਚੋਲੇ ਵੀ ਗੁਰੂ ਸਾਹਿਬ ਨੂੰ ਮਿਲੇ ਤੇ ਸੂਬਾ ਲਾਹੌਰ ਨਾਲ ਸੁਲ੍ਹਾ ਕਰਨ ਦੀ ਸਲਾਹ ਦਿੱਤੀ ਪਰੰਤੂ ਗੁਰੂ ਸਾਹਿਬ ਨੇ ਇਨ੍ਹਾਂ ਨੂੰ ਮੂੰਹ ਨਾ ਲਾਇਆ ਤੇ ਆਪਣੇ ਘੋੜੇ "ਜਾਨ ਭਾਈ" ਨੂੰ ਅੱਡੀ ਮਾਰ ਦਿੱਤੀ ਤੇ ਅੱਗੇ ਨੂੰ ਚੱਲ ਪਏ।

ਗੁਰੂ ਜੀ ਦੇ ਤੁਰ ਜਾਣ ਬਾਅਦ ਭਾਈ ਰਾਇ ਸਿੰਘ (ਜੋ ਭਾਈ ਮਹਾਂ ਸਿੰਘ ਦੇ ਪਿਤਾ ਸਨ) ਨੇ ਲਕੀਰ ਖਿੱਚੀ ਤੇ ਗੁਰੂ ਜੀ ਤੋਂ ਕੁਰਬਾਨ ਹੋਣ ਲਈ ਵੰਗਾਰਿਆ। ਇਹ ਸਿੰਘ ਗੁਰੂ ਸਾਹਿਬ ਦੇ ਪਿੱਛੇ-ਪਿੱਛੇ ਤੁਰ ਪਏ। ਗੁਰੂ ਸਾਹਿਬ ਨੇ ਦੁਸ਼ਮਣ ਨੇੜੇ ਆਇਆ ਜਾਣ ਕੇ ਖਿਦਰਾਣੇ ਦੀ ਢਾਬ ਤੋਂ ਡੇਢ-ਦੋ ਕੁ ਕਿਲੋਮੀਟਰ ਅੱਗੇ ਇਕ ਉੱਚੇ ਟਿੱਬੇ ਉੱਤੇ ਆਪਣਾ ਟਿਕਾਣਾ ਕਰ ਲਿਆ, ਜਿਥੋਂ ਸਭ ਕੁਝ ਸਾਫ ਦਿਖਾਈ ਦਿੰਦਾ ਸੀ। ਇਸ ਅਸਥਾਨ 'ਤੇ ਅੱਜਕਲ੍ਹ ਗੁਰਦੁਆਰਾ "ਟਿੱਬੀ ਸਾਹਿਬ" ਸੁਸ਼ੋਭਿਤ ਹੈ। ਸਿੰਘਾਂ

**ਸਾਬਕਾ ਪ*

ਨੇ ਖਿਦਰਾਣੇ ਦੀ ਢਾਬ 'ਤੇ ਕਬਜ਼ਾ ਕਰ ਕੇ ਡੇਰੇ ਲਾ ਦਿੱਤੇ, ਜਿਨ੍ਹਾਂ ਵਿਚ ਮਾਝੇ ਦੇ ਭਾਈ ਮਹਾਂ ਸਿੰਘ ਤੇ ਉਨ੍ਹਾਂ ਦੇ ਸਾਥੀ ਮੋਹਰੀ ਸਨ। ਉਨ੍ਹਾਂ ਨੇ ਆਪਣੇ ਖੱਦਰ ਦੇ ਚਾਦਰੇ ਤੇ ਹੋਰ ਬਸਤਰ ਨਜ਼ਦੀਕੀ ਝਾੜੀਆਂ 'ਤੇ ਪਾ ਕੇ ਆਪਣੀ ਬਹੁ-ਗਿਣਤੀ ਦਾ ਸਬੂਤ ਦੇਣ ਲਈ ਤੰਬੂਆਂ ਦੀ ਸ਼ਕਲ ਬਣਾ ਦਿੱਤੀ। ਇਸ ਥਾਂ 'ਤੇ ਅੱਜਕਲ੍ਹ ਗੁਰਦੁਆਰਾ "ਤੰਬੂ ਸਾਹਿਬ" ਸੁਭਾਇਮਾਨ ਹੈ।

ਇਤਨੇ ਵਿਚ ਸ਼ਾਹੀ ਫ਼ੌਜਾਂ ਵੀ ਆ ਪਹੁੰਚੀਆਂ। ਘਮਸਾਨ ਦਾ ਯੁੱਧ ਸ਼ੁਰੂ ਹੋ ਗਿਆ। ਇਸ ਜੰਗ ਦੀ ਵਿਲੱਖਣਤਾ ਇਹ ਸੀ ਕਿ ਇਹ ਬਿਨਾਂ ਕਿਸੇ ਕਿਲ੍ਹੇ, ਕੰਧ ਦੇ ਆਸਰੇ ਤੋਂ ਲੜੀ ਗਈ। ਮੁਗ਼ਲ ਫ਼ੌਜਾਂ ਦਾ ਪਹਿਲਾ ਟਾਕਰਾ ਭਾਈ ਰਾਇ ਸਿੰਘ ਤੇ ਭਾਈ ਮਹਾਂ ਸਿੰਘ ਦੇ ਚਾਲ੍ਹੀ ਸਿੰਘਾਂ ਨਾਲ ਹੀ ਹੋਇਆ। ਉਨ੍ਹਾਂ ਚਾਲ੍ਹੀਆਂ ਨੇ ਐਸੀ ਵਿਉਂਤ ਬਣਾਈ ਕਿ ਇੱਕ-ਇੱਕ ਸਿੰਘ ਅਗਾਂਹ ਟਾਕਰੇ ਲਈ ਨਿਕਲੇ, ਉਸ ਪਿੱਛੋਂ ਪੰਜ ਹੋਰ ਉਸ ਦੀ ਸਹਾਇਤਾ ਲਈ ਨਿਕਲਣ। ਗੁਰੂ ਜੀ ਉੱਚੇ ਟਿੱਬੇ ਉੱਤੇ ਇਹ ਸਾਰਾ ਯੁੱਧ ਵੇਖ ਰਹੇ ਸਨ ਕਿ ਸਿੰਘ ਕਿਵੇਂ ਜਾਨਾਂ ਹੂਲ ਰਹੇ ਹਨ। ਉਹ ਵੀ ਤਿੱਖੇ ਤੀਰਾਂ ਦੀ ਵਰਖਾ ਕਰਦੇ ਰਹੇ ਤਾਂਕਿ ਦੁਸ਼ਮਣ ਨੂੰ ਭਾਜੜ ਪਈ ਰਹੇ ਤੇ ਸਿੰਘਾਂ ਦੇ ਹੌਂਸਲੇ ਵਧੇ ਰਹਿਣ। ਦੁਸ਼ਮਣ ਦੀ ਗਿਣਤੀ ਜ਼ਿਆਦਾ ਹੋਣ ਦੇ ਬਾਵਜੂਦ ਵੀ ਸਿੰਘ ਇੱਕ-ਇੱਕ ਕਰਕੇ ਦੁਸ਼ਮਣ ਨੂੰ ਹਫ਼ਾ-ਹਫ਼ਾ ਕੇ ਮਾਰਦੇ ਰਹੇ। ਸਿੰਘਾਂ ਦਾ ਪਾਣੀ ਉੱਤੇ ਕਬਜ਼ਾ ਹੋਣ ਕਾਰਨ ਦੁਸ਼ਮਣਾਂ ਦਾ ਬਹੁਤੀ ਦੇਰ ਉਨ੍ਹਾਂ ਦੇ ਟਾਕਰੇ ਉੱਤੇ ਟਿਕਣਾ ਅਸੰਭਵ ਸੀ। ਜਦ ਇਸ ਤਰ੍ਹਾਂ ਕਾਫ਼ੀ ਸਮਾਂ ਹੋ ਗਿਆ ਤਾਂ ਵੈਰੀਆਂ ਦੇ ਲੀਡਰ ਨੇ ਵੀ ਇੱਕ ਤਕੜਾ ਹੱਲਾ ਬੋਲਿਆ। ਗੋਲੀਆਂ ਤੇ ਗੋਲੇ ਸਿੰਘਾਂ ਨੂੰ ਵੱਡੀ ਗਿਣਤੀ ਵਿਚ ਸ਼ਹੀਦ ਕਰ ਗਏ। ਭਾਈ ਰਾਇ ਸਿੰਘ ਥਾਂ ਉੱਤੇ ਸ਼ਹੀਦ ਹੋ ਗਏ ਪਰ ਉਨ੍ਹਾਂ ਦੀ ਥਾਂ ਭਾਈ ਮਹਾਂ ਸਿੰਘ ਨੇ ਲੈ ਲਈ। ਗੁਰੂ ਜੀ ਲਗਾਤਾਰ ਤੀਰ ਚਲਾਉਂਦੇ ਰਹੇ। ਦੁਸ਼ਮਣਾਂ ਨੇ ਇਹੀ ਸਮਝਿਆ ਕਿ ਹਾਲੇ ਸਿੱਖ ਵੱਡੀ ਗਿਣਤੀ ਵਿਚ ਹਨ। ਇਹ ਵਿਚਾਰ ਕੇ ਨਵਾਬ ਨੇ ਸਾਰਿਆਂ ਨੂੰ ਇਕ ਵਾਰੀ ਫਿਰ ਹੱਲਾ ਬੋਲਣ ਲਈ ਕਿਹਾ। ਇਸ ਹੱਲੇ ਦੇ ਟਾਕਰੇ ਲਈ ਫਿਰ ਗਿਆਰ੍ਹਾਂ ਸਿੰਘ ਨਿੱਤਰੇ ਤੇ ਉਹ ਲੜਦੇ ਹੋਏ ਸ਼ਹੀਦੀ ਪਾ ਗਏ। ਜਦ ਸਾਰੇ ਦੇ ਸਾਰੇ ਭਾਈ ਰਾਇ ਸਿੰਘ ਵਾਲੇ ਜਥੇ ਦੇ ਸਿੰਘਾਂ ਨੇ ਸ਼ਹੀਦੀ ਪਾ ਲਈ ਤਾਂ ਗੁਰੂ ਜੀ ਦੀ ਫੌਜ ਦੇ ਸਿੰਘਾਂ ਨੇ ਉਨ੍ਹਾਂ ਦੀ ਥਾਂ ਕਮਾਨ ਸੰਭਾਲ ਲਈ। ਪਾਣੀ ਦਾ ਕਬਜ਼ਾ ਨਾ ਛੱਡਿਆ। ਤੁਰਕੀ ਫੌਜ ਤ੍ਰੇਹ ਨਾਲ ਹਉਕਣ ਲੱਗੀ। ਉਨ੍ਹਾਂ ਪਿੱਛੇ ਮੁੜਨਾ ਹੀ ਠੀਕ ਸਮਝਿਆ। ਇਉਂ ਸ਼ਾਹੀ ਫ਼ੌਜਾਂ ਭੱਜ ਗਈਆਂ। ਜਿੱਤ ਗੁਰੂ ਸਾਹਿਬ ਦੀ ਹੋਈ। ਤ੍ਰਿਹਾਈਆਂ ਮੁਗ਼ਲ ਫ਼ੌਜਾਂ ਨੇ ਵਾਪਸ ਕੋਟਕਪੁਰੇ ਆ ਕੇ ਸਾਹ ਲਿਆ।

ਯੁੱਧ ਦੀ ਸਮਾਪਤੀ 'ਤੇ ਗੁਰੂ ਸਾਹਿਬ "ਜਾਨ-ਭਾਈ" 'ਤੇ ਸਵਾਰ ਹੋ ਕੇ ਸਿੰਘਾਂ ਸਮੇਤ ਯੁੱਧ ਵਾਲੀ ਜਗ੍ਹਾ 'ਤੇ ਪਹੁੰਚੇ। ਪਵਿੱਤਰ ਹੱਥਾਂ ਨਾਲ ਲਾਸ਼ਾਂ ਚੁੱਕਦੇ, ਕਮਰਕੱਸੇ ਨਾਲ ਮੁਖੜੇ ਸਾਫ ਕਰਦੇ ਅਤੇ ਸੀਸ ਗੋਦ ਵਿਚ ਰੱਖ, ਹਰ ਇੱਕ ਦੇ ਕਾਰਨਾਮੇ ਵਿਚਾਰ ਕੇ ਬਖ਼ਸ਼ਿਸ਼ਾਂ ਕਰਦੇ। ਜਦ ੩੯ ਸਿੰਘਾਂ ਨੂੰ ਬਖ਼ਸ਼ਿਸ਼ਾਂ ਵੰਡ ਚੁੱਕੇ ਤਾਂ ਅਖੀਰ ਭਾਈ ਮਹਾਂ ਸਿੰਘ ਕੋਲ ਪਹੁੰਚੇ। ਨਬਜ਼ 'ਤੇ ਹੱਥ ਧਰਿਆ, ਉਹ ਅਜੇ ਚੱਲ ਰਹੀ ਸੀ। ਗੁਰੂ ਜੀ ਨੇ ਬੀਰ ਆਸਣ ਲਗਾ ਕੇ ਸਿੰਘ ਦਾ ਸੀਸ ਆਪਣੇ ਪਵਿੱਤਰ ਪੱਟ 'ਤੇ ਰੱਖਿਆ। ਭਾਈ ਮਹਾਂ ਸਿੰਘ ਦਾ ਮੂੰਹ ਜੋ ਲਹੂ-ਲੁਹਾਣ ਸੀ, ਪੂੰਝਿਆ। ਉਸ ਦੇ ਮੂੰਹ ਵਿਚ ਜਲ ਵੀ ਚੁਆਇਆ। ਭਾਈ ਮਹਾਂ ਸਿੰਘ ਨੇ ਨੈਣ ਖੋਲ੍ਹੇ ਤੇ ਕਿਹਾ, "ਵਾਹ ਗੁਰੂ! ਧੰਨ ਗੁਰੂ!!" ਗੁਰੂ ਸਾਹਿਬ ਨੇ ਕਿਹਾ, "ਮਹਾਂ ਸਿੰਘਾ! ਜੋ ਮੰਗਣਾ ਹੈ ਮੰਗ।" ਭਾਈ ਮਹਾਂ ਸਿੰਘ ਨੇ ਕਿਹਾ, "ਆਖ਼ਰੀ ਸਮੇਂ ਤੁਹਾਡੇ ਦਰਸ਼ਨ ਹੋ ਗਏ, ਕੋਈ ਖਾਹਿਸ਼ ਨਹੀਂ ਰਹੀ।" ਗੁਰੂ ਸਾਹਿਬ ਨੇ ਫਿਰ ਕਿਹਾ, "ਕੁਝ ਤਾਂ ਮੰਗ, ਅਸੀਂ ਖੁਸ਼ ਹਾਂ।" ਭਾਈ ਮਹਾਂ ਸਿੰਘ ਨੇ ਕਿਹਾ, "ਗੁਰੂ ਸਾਹਿਬ ਜੇ ਤੁੱਠੇ ਹੋ ਤਾਂ ਸਾਡੇ ਵੱਲੋਂ ਲਿਖਿਆ ਬੇਦਾਵਾ ਪਾੜ ਦਿਓ ਤੇ ਸਾਡੀ ਟੁੱਟੀ ਗੰਢੋ।" ਗੁਰੂ ਸਾਹਿਬ ਨੇ ਕਮਰਕੱਸੇ ਵਿੱਚੋਂ ਬੇਦਾਵੇ ਵਾਲਾ ਕਾਗਜ਼ ਕੱਢਿਆ, ਦੋ ਟੋਟੇ ਕਰ ਦਿੱਤਾ ਤੇ ਬੋਲੇ, "ਟੁੱਟੀ ਗੰਢੀ।" ਭਾਈ ਮਹਾਂ ਸਿੰਘ ਦਾ ਭੌਰ ਉਡਾਰੀ ਮਾਰ ਗਿਆ ਤੇ ਰੂਹ ਸੱਚਖੰਡ ਜਾ ਪਹੁੰਚੀ। ਇਸ ਅਸਥਾਨ 'ਤੇ ਅੱਜ ਗੁਰਦੁਆਰਾ "ਟੁੱਟੀ ਗੰਢੀ ਸਾਹਿਬ" ਸੁਸ਼ੋਭਿਤ ਹੈ। ਇਸ ਦੇ ਨਾਲ ਹੀ ਵਣ

ਦਾ ਉਹ ਦਰਖ਼ਤ ਕਾਇਮ ਹੈ ਜਿਸ ਨਾਲ ਗੁਰੂ ਸਾਹਿਬ ਨੇ ਘੋੜਾ ਬੰਨ੍ਹਿਆ ਸੀ। ਨਜ਼ਦੀਕ ਹੀ ਮਾਈ ਭਾਗੋ ਜੀ ਜ਼ਖ਼ਮੀ ਹਾਲਤ ਵਿਚ ਪਈ ਸੀ। ਉਸ ਦੀ ਮੱਲ੍ਹਮ-ਪੱਟੀ ਕੀਤੀ। ਉਹ ਠੀਕ ਹੋ ਗਈ ਤੇ ਅਖ਼ੀਰ ਨੰਦੇੜ (ਹਜ਼ੂਰ ਸਾਹਿਬ) ਤਕ ਗੁਰੂ ਜੀ ਨਾਲ ਰਹੀ। ਇਸ ਦੀ ਯਾਦਗਾਰ ਗੁਰਦੁਆਰਾ ਤੰਬੂ ਸਾਹਿਬ ਦੇ ਨਾਲ ਬਣੀ ਹੈ। ਗੁਰੂ ਸਾਹਿਬ ਨੇ ਸਾਰੇ ਸ਼ਹੀਦ ਹੋਏ ਸਿੰਘਾਂ ਦਾ ਆਪਣੇ ਹੱਥੀਂ ਅੰਤਮ ਸਸਕਾਰ ਕੀਤਾ। ਇੱਥੇ ਗੁਰਦੁਆਰਾ "ਅੰਗੀਠਾ (ਸ਼ਹੀਦਗੰਜ) ਸਾਹਿਬ" ਬਣਿਆ ਹੋਇਆ ਹੈ। ਗੁਰੂ ਸਾਹਿਬ ਨੇ ਖਿਦਰਾਣੇ ਦੀ ਢਾਬ ਨੂੰ, ਚਾਲ੍ਹੀ ਮੁਕਤਿਆਂ ਦੀ ਧਰਤੀ "ਮੁਕਤਸਰ" ਦਾ ਵਰ ਦਿੱਤਾ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ

ਧਰਮ ਪ੍ਰਚਾਰ ਕਮੇਟੀ ਵੱਲੋਂ

ਦੋ-ਸਾਲਾ ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ

ਪੰਜਾਬੀ/ਹਿੰਦੀ/ਅੰਗਰੇਜ਼ੀ ਮੀਡੀਅਮ ਵਿਚ ਕਰਵਾਇਆ ਜਾਂਦਾ ਹੈ।

ਇਸ ਕੋਰਸ ਵਿਚ ਗੁਰਬਾਣੀ, ਇਤਿਹਾਸ, ਸਿੱਖ ਸਿਧਾਂਤ ਅਤੇ ਸਿੱਖ ਰਹਿਤ ਮਰਯਾਦਾ ਦੀ ਜਾਣਕਾਰੀ ਦਿੱਤੀ ਜਾਂਦੀ ਹੈ। ਦਾਖ਼ਲਾ ਲੈਣ ਵਾਲੇ ਨੂੰ ਕੋਰਸ ਦੇ ਸਿਲੇਬਸ ਨਾਲ ਸੰਬੰਧਿਤ ਪਾਠ ਸਮੱਗਰੀ ਭੇਟਾ-ਰਹਿਤ ਦਿੱਤੀ ਜਾਂਦੀ ਹੈ।

* ਇਸ ਕੋਰਸ ਵਿਚ ਹਰ ਧਰਮ, ਹਰ ਖੇਤਰ ਨਾਲ ਸੰਬੰਧਿਤ ਵਿਅਕਤੀ, ਜਿਸ ਦੀ ਉਮਰ 16 ਸਾਲ ਤੋਂ ਉੱਪਰ ਹੋਵੇ, ਦਾਖ਼ਲਾ ਲੈ ਕੇ ਘਰ ਬੈਠਿਆਂ ਦੋ ਸਾਲ ਵਿਚ ਸਿੱਖ ਧਰਮ ਸਬੰਧੀ ਭਰਪੂਰ ਜਾਣਕਾਰੀ ਪ੍ਰਾਪਤ ਕਰ ਸਕਦਾ ਹੈ।
* ਕੋਰਸ ਦੀ ਦਾਖ਼ਲਾ ਫੀਸ ਭਾਰਤੀ ਨਾਗਰਿਕਾਂ ਲਈ ਕੇਵਲ 100/- ਰੁਪਏ ਅਤੇ ਵਿਦੇਸ਼ੀ ਨਾਗਰਿਕਾਂ ਲਈ 30 ਅਮਰੀਕੀ ਡਾਲਰ ਜਾਂ 20 ਪੌਂਡ (ਯੂ.ਕੇ.) ਜਾਂ ਭਾਰਤੀ ਮੁਦਰਾ ਵਿਚ 1500/- ਸੌ ਰੁਪਏ ਹੈ। ਦਾਖ਼ਲਾ ਫੀਸ ਸਕੱਤਰ, ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਨਾਮ ਬੈਂਕ ਡਰਾਫਟ ਜਾਂ ਈ-ਮਨੀਆਰਡਰ ਜਾਂ ਨਗਦ ਰੂਪ ਵਿਚ ਦਫ਼ਤਰ, ਧਾਰਮਿਕ ਪ੍ਰੀਖਿਆ ਵਿਖੇ ਜਮ੍ਹਾਂ ਕਰਵਾਈ ਜਾ ਸਕਦੀ ਹੈ। ਇਸ ਸਬੰਧੀ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ ਜਾਂ ਸਿੱਖ ਮਿਸ਼ਨ ਦੇ ਇੰਚਾਰਜ ਸਾਹਿਬਾਨ ਨਾਲ ਵੀ ਸੰਪਰਕ ਕੀਤਾ ਜਾ ਸਕਦਾ ਹੈ।
* ਕੋਰਸ ਵਿਚ ਪਹਿਲਾ, ਦੂਸਰਾ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਪ੍ਰੀਖਿਆਰਥੀਆਂ ਨੂੰ ਕ੍ਰਮਵਾਰ 5100/-, 4100/- ਤੇ 3100/- ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਂਦਾ ਹੈ ਅਤੇ 80% ਤੋਂ ਵੱਧ ਨੰਬਰ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ 1100/- ਰੁਪਏ ਪ੍ਰਤੀ ਵਿਦਿਆਰਥੀ ਦੇ ਕੇ ਸਨਮਾਨਿਤ ਕੀਤਾ ਜਾਂਦਾ ਹੈ।

ਚਿੱਠੀ ਪੱਤਰ ਲਈ ਪਤਾ:- ਇੰਚਾਰਜ ਧਾਰਮਿਕ ਪ੍ਰੀਖਿਆ,
ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
ਫੋਨ: 0183-2553956-59, ਐਕਸ: 305, ਫੈਸਕ: 91-0183-2553919
E-mail: religiousexam@gmail.com Web: www.sgpc.net
ਸਮਾਂ ਸਵੇਰੇ 9:30 ਵਜੇ ਤੋਂ ਸ਼ਾਮ 4:30 ਵਜੇ ਤਕ

ਸ਼੍ਰੋਮਣੀ ਕਮੇਟੀ ਖ਼ਬਰਨਾਮਾ

ਬਾਬਾ ਸੁੱਚਾ ਸਿੰਘ ਜੀ ਕਾਰਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲਿਆਂ ਦੇ ਅਕਾਲ ਚਲਾਣੇ 'ਤੇ ਐਡਵੋਕੇਟ ਧਾਮੀ ਵੱਲੋਂ ਦੁੱਖ ਪ੍ਰਗਟ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬਾਬਾ ਸੁੱਚਾ ਸਿੰਘ ਜੀ ਕਾਰ ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲਿਆਂ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬਾਬਾ ਸੁੱਚਾ ਸਿੰਘ ਜੀ ਨੇ ਗੁਰੂ ਘਰ ਦੀਆਂ ਸੇਵਾਵਾਂ ਸਮਰਪਣ ਭਾਵ ਨਾਲ ਕੀਤੀਆਂ। ਉਨ੍ਹਾਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਕਈ ਗੁਰਦੁਆਰਾ ਸਾਹਿਬਾਨ ਦੀਆਂ ਇਮਾਰਤਾਂ ਦੀ ਸੇਵਾ ਕਰਵਾਈ ਗਈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਬਾਬਾ ਸੁੱਚਾ ਸਿੰਘ ਜੀ ਦੀ ਨਿਮਰਤਾ, ਪਿਆਰ ਅਤੇ ਗੁਰੂ ਘਰਾਂ ਦੀ ਸੇਵਾ ਲਈ ਸਮਰਪਣ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਬਾਬਾ ਜੀ ਦੇ ਅਕਾਲ ਚਲਾਣੇ ਨਾਲ ਪੂਰੇ ਪੰਥ ਨੂੰ ਵੱਡਾ ਘਾਟਾ ਪਿਆ ਹੈ। ਐਡਵੋਕੇਟ ਧਾਮੀ ਨੇ ਬਾਬਾ ਜੀ ਨੂੰ ਸਤਿਕਾਰ ਭੇਟ ਕਰਦਿਆਂ ਕਰਤਾ ਪੁਰਖੁ ਅਗੇ ਅਰਦਾਸ ਕੀਤੀ ਕਿ ਸੰਗਤਾਂ ਅਤੇ ਸਨੇਹੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੁਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਰਨਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ ਤੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਵੀ ਬਾਬਾ ਸੁੱਚਾ ਸਿੰਘ ਦੇ ਅਕਾਲ ਚਲਾਣੇ 'ਤੇ ਸੰਵੇਦਨਾ ਪ੍ਰਗਟ ਕਰਦਿਆਂ ਵਾਹਿਗੁਰੂ ਅੱਗੇ ਉਨ੍ਹਾਂ ਨਮਿਤ ਅਰਦਾਸ ਕੀਤੀ। ੧ ਦਸੰਬਰ

ਪੰਜਾਬ ਸਰਕਾਰ ਵੱਲੋਂ 'ਵੀਰ ਬਾਲ ਦਿਵਸ' ਤਹਿਤ ਸਮਾਗਮ ਕਰਵਾਉਣੇ ਸਿੱਖ ਪ੍ਰੰਪਰਾਵਾਂ ਤੇ ਭਾਵਨਾਵਾਂ ਦੇ ਵਿਰੁੱਧ- ਐਡਵੋਕੇਟ ਧਾਮੀ

ਕਿਹਾ; ਇਸ ਨਾਮ 'ਤੇ ਪੰਥ ਵੱਲੋਂ ਪਹਿਲਾਂ ਹੀ ਕੀਤਾ ਜਾ ਚੁੱਕਾ ਹੈ ਇਤਰਾਜ਼

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਸਰਕਾਰ ਵੱਲੋਂ ੧੨ ਦਸੰਬਰ ੨੦੨੫ ਨੂੰ ਲੁਧਿਆਣਾ ਵਿਖੇ ਆਯੋਜਤ ਕੀਤੇ ਜਾ ਰਹੇ ਰਾਜ ਪੱਧਰੀ 'ਵੀਰ ਬਾਲ ਦਿਵਸ' 'ਤੇ ਸਖ਼ਤ ਇਤਰਾਜ਼ ਪ੍ਰਗਟ ਕਰਦਿਆਂ ਇਸ ਨੂੰ ਸਿੱਖ ਸਿਧਾਂਤਾਂ ਤੇ ਪ੍ਰੰਪਰਾਵਾਂ ਵਿਰੁੱਧ ਕਰਾਰ ਦਿੱਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਸਿਧਾਂਤਾਂ, ਰਵਾਇਤਾਂ, ਪਰੰਪਰਾਵਾਂ ਅਤੇ ਕਦਰਾਂ ਕੀਮਤਾਂ ਦੇ ਵਿਰੁੱਧ ਕੋਈ ਵੀ ਕਾਰਵਾਈ ਸਿੱਖ ਮਾਨਸਿਕਤਾ ਨੂੰ ਸੱਟ ਮਾਰਦੀ ਹੈ ਅਤੇ ਪੰਜਾਬ ਸਰਕਾਰ ਵੱਲੋਂ ਵੀਰ ਬਾਲ ਦਿਵਸ ਸਬੰਧੀ ਕੀਤੇ ਨਿਰਦੇਸ਼ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਅਦੁੱਤੀ ਸ਼ਹਾਦਤ ਦੀ ਪਵਿੱਤਰਤਾ ਨੂੰ ਠੇਸ ਪਹੁੰਚਾਉਣ ਅਤੇ ਘੱਟ ਕਰਨ ਵਾਲੇ ਹਨ। ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਬਾਲ ਸੰਗਿਆ ਨਾਲ ਜੋੜ ਕੇ ਵੀਰ ਬਾਲ ਦਿਵਸ ਤੱਕ ਸੀਮਤ ਰੱਖਣਾ ਸ਼ਹਾਦਤਾਂ ਦੀ ਭਾਵਨਾ ਤੇ ਸਿੱਖ ਰਵਾਇਤਾਂ ਦੇ ਵਿਰੁੱਧ ਹੈ। ਸਿੱਖ ਇਤਿਹਾਸ ਅਤੇ ਪ੍ਰੰਪਰਾਵਾਂ ਦੇ ਮੱਦੇਨਜ਼ਰ ਦਸਵੇਂ ਪਾਤਸ਼ਾਹ

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀਆਂ ਲਾਸਾਨੀ ਕੁਰਬਾਨੀਆਂ ਵੱਡੇ ਯੋਧਿਆਂ ਵਰਗੀਆਂ ਹਨ, ਇਸੇ ਲਈ ਸਾਹਿਬਜ਼ਾਦਿਆਂ ਨੂੰ ਸੰਬੋਧਨ ਸਮੇਂ ਬਾਬਾ ਸ਼ਬਦ ਨਾਲ ਸਤਿਕਾਰ ਦਿੱਤਾ ਜਾਂਦਾ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਸਮੇਂ ਕਰਵਾਏ ਕਈ ਧਾਰਮਿਕ ਸਮਾਗਮਾਂ 'ਚ ਵੀ ਮਰਯਾਦਾ ਅਤੇ ਪ੍ਰੰਪਰਾਵਾਂ ਦਾ ਉਲੰਘਣ ਕੀਤਾ ਗਿਆ, ਜਿਸ ਨੇ ਸਿੱਖ ਭਾਵਨਾਵਾਂ ਨੂੰ ਸੱਟ ਮਾਰੀ ਹੈ। ਸਰਕਾਰ ਨੇ ਗੁਰਮਤਿ ਸਮਾਗਮਾਂ ਨੂੰ ਕੇਵਲ ਇਕ ਸਰਕਾਰੀ ਪ੍ਰੋਗਰਾਮ ਬਣਾ ਕੇ ਪੰਜਾਬ ਦੇ ਖ਼ਜ਼ਾਨੇ ਦਾ ਫਾਇਦਾ ਬਾਹਰੀ ਕੰਪਨੀਆਂ ਨੂੰ ਪਹੁੰਚਾਇਆ। ਉਨ੍ਹਾਂ ਕਿਹਾ ਕਿ ਹੁਣ 'ਵੀਰ ਬਾਲ ਦਿਵਸ' ਦੇ ਪ੍ਰੋਗਰਾਮ ਤਹਿਤ ਫੈਂਸੀ ਡਰੈੱਸ ਮੁਕਾਬਲੇ ਦੇ ਨਾਂ 'ਤੇ ਮਾਤਾ ਗੁਜਰੀ ਜੀ, ਛੋਟੇ ਸਾਹਿਬਜ਼ਾਦਿਆਂ ਅਤੇ ਸ਼ਹੀਦ ਸਿੰਘਾਂ ਦੀ ਡਰੈੱਸ ਪਵਾ ਕੇ ਸਕੂਲਾਂ ਵਿਚ ਮੁਕਾਬਲੇ ਕਰਵਾਉਣ ਦਾ ਅਮਲ ਸਿੱਖ ਮਰਯਾਦਾ ਦੇ ਖਿਲਾਫ਼ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਵੀਰ ਬਾਲ ਦਿਵਸ ਸਬੰਧੀ ਪਹਿਲਾਂ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਕੇਂਦਰ ਸਰਕਾਰ ਨੂੰ ਇਸ ਦਾ ਨਾਮ ਬਦਲਣ ਲਈ ਲਿਖਿਆ ਗਿਆ ਸੀ, ਪਰ ਸਰਕਾਰ ਨੇ ਇਸ ਨੂੰ ਅੱਜ ਤੱਕ ਗੰਭੀਰਤਾ ਨਾਲ ਨਹੀਂ ਲਿਆ। ਇਸ ਸਬੰਧ ਵਿੱਚ ਸ਼੍ਰੋਮਣੀ ਕਮੇਟੀ ਅਤੇ ਸਿੱਖ ਸੰਗਤ ਦਾ ਜੋ ਖਦਸ਼ਾ ਸੀ ਉਸੇ ਦਾ ਹੀ ਨਤੀਜਾ ਹੈ ਕਿ ਸਿੱਖ ਪਰੰਪਰਾਵਾਂ ਦੇ ਵਿਰੁੱਧ ਜਾ ਕੇ ਹੁਣ ਸਾਹਿਬਜ਼ਾਦਿਆਂ ਦੇ ਕਿਰਦਾਰ ਬੱਚਿਆਂ ਪਾਸੋਂ ਕਰਵਾਉਣ ਦੀਆਂ ਹਰਕਤਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਸਿੱਖ ਵਿਰੋਧੀ ਵਰਤਾਰੇ ਦੀ ਜਿੰਮੇਵਾਰੀ ਸਿੱਧੇ ਤੌਰ 'ਤੇ ਕੇਂਦਰ ਸਰਕਾਰ ਅਤੇ ਸਬੰਧਤ ਸੂਬਾ ਸਰਕਾਰਾਂ ਦੀ ਬਣਦੀ ਹੈ। ਅਜਿਹੀਆਂ ਕਾਰਵਾਈਆਂ ਨੂੰ ਸਿੱਖ ਜਗਤ ਕਦੇ ਵੀ ਪ੍ਰਵਾਨ ਨਹੀਂ ਕਰ ਸਕਦਾ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਅਜਿਹੇ ਸਿੱਖ ਵਿਰੋਧੀ ਪ੍ਰਗਟਾਵੇ ਵਾਲੇ ਸਮਾਗਮਾਂ ਵਿਚ ਆਪਣੇ ਬੱਚਿਆਂ ਨੂੰ ਸ਼ਮੂਲੀਅਤ ਤੋਂ ਰੋਕੇ, ਤਾਂ ਜੋ ਸਿੱਖ ਪ੍ਰੰਪਰਾਵਾਂ ਤੇ ਕਦਰਾਂ ਕੀਮਤਾਂ ਦੀ ਮੌਲਿਕਤਾ ਬਣੀ ਰਹੇ। ੩ ਦਸੰਬਰ

ਸ਼੍ਰੋਮਣੀ ਕਮੇਟੀ ਸਕੱਤਰ ਸ. ਪ੍ਰਤਾਪ ਸਿੰਘ ਨੇ ਬੰਦੀ ਸਿੰਘ ਭਾਈ ਗੁਰਦੀਪ ਸਿੰਘ ਖੈੜਾ ਦੀ ਸਿਹਤ ਦਾ ਹਾਲ ਜਾਣਿਆ

ਅੰਮ੍ਰਿਤਸਰ-ਪਿਛਲੇ ਤਿੰਨ ਦਹਾਕਿਆਂ ਤੋਂ ਜੇਲ੍ਹ 'ਚ ਨਜ਼ਰਬੰਦ ਚਲੇ ਆ ਰਹੇ ਬੰਦੀ ਸਿੰਘ ਭਾਈ ਗੁਰਦੀਪ ਸਿੰਘ ਖੈੜਾ ਜੋ ਸਿਹਤ ਠੀਕ ਨਾ ਹੋਣ ਕਾਰਨ ਅੰਮ੍ਰਿਤਸਰ ਸਥਿਤ ਗੁਰੂ ਨਾਨਕ ਦੇਵ ਹਸਪਤਾਲ ਵਿਖੇ ਜ਼ੇਰੇ-ਇਲਾਜ਼ ਹਨ, ਦਾ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਹਸਪਤਾਲ ਪਹੁੰਚ ਕੇ ਹਾਲ ਜਾਣਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ 'ਤੇ ਬੰਦੀ ਸਿੰਘ ਭਾਈ ਗੁਰਦੀਪ ਸਿੰਘ ਖੈੜਾ ਨਾਲ ਮੁਲਾਕਾਤ ਕਰਨ ਆਏ ਸਕੱਤਰ ਸ. ਪ੍ਰਤਾਪ ਸਿੰਘ ਨੇ ਉਨ੍ਹਾਂ ਦੀ ਜਲਦ ਸਿਹਤਯਾਬੀ ਦੀ ਕਾਮਨਾ ਕੀਤੀ।

ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਬੰਦੀ ਸਿੰਘ ਸਿੱਖ ਕੌਮ ਦਾ ਸਰਮਾਇਆ ਹਨ ਅਤੇ ਸ਼੍ਰੋਮਣੀ ਕਮੇਟੀ ਹਮੇਸ਼ਾ ਬੰਦੀ ਸਿੰਘਾਂ ਨਾਲ ਖੜ੍ਹਨਾ ਆਪਣੀ ਜ਼ੁੰਮੇਵਾਰੀ ਸਮਝਦੀ ਹੈ। ਉਨ੍ਹਾਂ ਆਖਿਆ ਕਿ ਸਿੱਖ ਕੌਮ ਦੀ ਪ੍ਰਤੀਨਿਧ ਸੰਸਥਾ ਸ਼੍ਰੋਮਣੀ ਕਮੇਟੀ ਬੰਦੀ ਸਿੰਘਾਂ ਦੀ ਰਿਹਾਈ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਭਵਿੱਖ ਅੰਦਰ ਵੀ ਇਸ ਸਬੰਧ ਵਿਚ ਆਪਣਾ ਫ਼ਰਜ਼ ਨਿਭਾਉਂਦੀ ਰਹੇਗੀ। ੩ ਦਸੰਬਰ

ਸ਼੍ਰੋਮਣੀ ਕਮੇਟੀ ਨੇ ਬਾਬਾ ਗੁਰਬਖਸ਼ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦਾ ਸ਼ਹੀਦੀ

ਦਿਹਾੜਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਥਿਤ ਉਨ੍ਹਾਂ ਨਾਲ ਸਬੰਧਤ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਵਿਖੇ ਸ਼ਰਧਾ ਨਾਲ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਜਤਿੰਦਰਪਾਲ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਲਿਆ।

ਉਨ੍ਹਾਂ ਸੰਗਤਾਂ ਨਾਲ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦੇ ਜੀਵਨ ਇਤਿਹਾਸ ਸਬੰਧੀ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਜਦੋਂ ਵੀ ਸਰਕਾਰਾਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹਮਲੇ ਕੀਤੇ ਜਾਂਦੇ ਰਹੇ, ਤਾਂ ਸਿੱਖ ਸੂਰਮਿਆਂ ਨੇ ਹਮੇਸ਼ਾਂ ਡੱਟ ਕੇ ਮੁਕਾਬਲਾ ਕੀਤਾ। ਅਹਿਮਦ ਸ਼ਾਹ ਅਬਦਾਲੀ ਵੱਲੋਂ ਕੀਤੇ ਗਏ ਹਮਲੇ ਸਮੇਂ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦੀ ਅਗਵਾਈ ਹੇਠ ਸਿੰਘਾਂ ਨੇ ਡੱਟ ਕੇ ਮੁਕਾਬਲਾ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪਵਿੱਤਰਤਾ ਨੂੰ ਕਾਇਮ ਰੱਖਣ ਲਈ ਸ਼ਹਾਦਤ ਪ੍ਰਾਪਤ ਕੀਤੀ। ਉਨ੍ਹਾਂ ਸੰਗਤਾਂ ਨੂੰ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦੇ ਜੀਵਨ ਇਤਿਹਾਸ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ।

ਸਮਾਗਮ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਤੇ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਬਿਕਰਮਜੀਤ ਸਿੰਘ ਝੰਗੀ, ਸ. ਗੁਰਵਿੰਦਰ ਸਿੰਘ ਦੇਵੀਦਾਸਪੁਰ, ਸ. ਜਸਬੀਰ ਸਿੰਘ, ਸ. ਗੁਰਤਿੰਦਰਪਾਲ ਸਿੰਘ ਕਾਦੀਆ, ਸ. ਅਜੈ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

ਸ਼੍ਰੋਮਣੀ ਕਮੇਟੀ ਵੱਲੋਂ ਭਗਤ ਸੈਣ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ

ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਸੈਣ ਜੀ ਦਾ ਜਨਮ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਸਬੰਧ ਵਿਚ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਉਪਰੰਤ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਹਰਪਾਲ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਸੁਖਦੇਵ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਹੁਕਮਨਾਮਾ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਸਰਵਣ ਕਰਵਾਇਆ। ੪ ਦਸੰਬਰ

ਸ਼੍ਰੋਮਣੀ ਕਮੇਟੀ ਦੇ ਸੁਪਰਵਾਈਜ਼ਰ ਸ. ਇਕਬਾਲ ਸਿੰਘ ਨੂੰ ਸੇਵਾ ਮੁਕਤ ਹੋਣ 'ਤੇ ਕੀਤਾ ਸਨਮਾਨਤ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੈਕਸ਼ਨ-੮੫ ਵਿਭਾਗ ਵਿਖੇ ਸੇਵਾ ਨਿਭਾਅ ਰਹੇ ਸੁਪਰਵਾਈਜ਼ਰ ਸ. ਇਕਬਾਲ ਸਿੰਘ ਨੂੰ ਸੇਵਾ ਮੁਕਤ ਹੋਣ 'ਤੇ ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ ਤੇ ਹੋਰ ਅਧਿਕਾਰੀਆਂ ਨੇ ਗੁਰੂ ਬਖਸ਼ਿਸ਼ ਸਿਰੋਪਾਓ, ਸ੍ਰੀ ਸਾਹਿਬ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਤ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਓਐਸਡੀ ਸ. ਸਤਬੀਰ ਸਿੰਘ ਧਾਮੀ ਤੇ ਸਕੱਤਰ ਸ. ਪ੍ਰਤਾਪ ਸਿੰਘ ਨੇ ਸੁਪਰਵਾਈਜ਼ਰ ਸ. ਇਕਬਾਲ ਸਿੰਘ ਦੇ ਕੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਨੇ ਆਪਣੇ ਜ਼ੁੰਮੇ ਲੱਗੀ ਡਿਊਟੀ ਨੂੰ ਪੂਰੀ ਤਨਦੇਹੀ ਨਾਲ ਨਿਭਾਇਆ ਹੈ ਅਤੇ ਆਸ ਕਰਦੇ ਹਾਂ ਕਿ ਭਵਿੱਖ ਵਿਚ ਨਿਸ਼ਕਾਮ ਭਾਵਨਾ ਨਾਲ ਸਿੱਖ ਸੰਸਥਾ ਨੂੰ ਸਹਿਯੋਗ ਕਰਦੇ ਰਹਿਣਗੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਇੰਚਾਰਜ ਸ. ਮੇਜਰ ਸਿੰਘ, ਸ. ਗੁਰਮੇਜ ਸਿੰਘ, ਸ. ਸਿਮਰਜੀਤ ਸਿੰਘ ਕੰਗ, ਸ. ਜਗਦੀਸ਼ ਸਿੰਘ ਬੁੱਟਰ, ਸ. ਜਗਜੀਤ ਸਿੰਘ, ਵਧੀਕ ਮੈਨੇਜਰ ਸ. ਗੁਰਤਿੰਦਰਪਾਲ ਸਿੰਘ ਕਾਦੀਆਂ ਅਤੇ ਸ. ਇਕਬਾਲ ਸਿੰਘ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ। ੪ ਦਸੰਬਰ

ਗਿਆਨੀ ਗੁਰਬਖ਼ਸ਼ ਸਿੰਘ ਗੁਲਸ਼ਨ ਦੀ ਪੁਸਤਕ 'ਜੀਵਨ ਗਾਥਾ ਸ੍ਰੀ ਗੁਰੂ ਅੰਗਦ ਦੇਵ ਜੀ' ਐਡਵੋਕੇਟ ਧਾਮੀ ਵੱਲੋਂ ਸੰਗਤ ਅਰਪਣ

ਅੰਮ੍ਰਿਤਸਰ-ਸਿੱਖ ਵਿਦਵਾਨ ਗਿਆਨੀ ਗੁਰਬਖ਼ਸ਼ ਸਿੰਘ ਗੁਲਸ਼ਨ ਦੁਆਰਾ ਰਚਿਤ ਪੁਸਤਕ 'ਜੀਵਨ ਗਾਥਾ ਸ੍ਰੀ ਗੁਰੂ ਅੰਗਦ ਦੇਵ ਜੀ' ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਅਰਦਾਸ ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ 'ਚ ਸੰਗਤ ਅਰਪਣ ਕੀਤੀ ਗਈ। ਇਹ ਪੁਸਤਕ ਖ਼ਾਲਸਾ ਪ੍ਰਚਾਰਕ ਜਥਾ ਯੂਕੇ ਵੱਲੋਂ ਪ੍ਰਕਾਸਿਤ ਕੀਤੀ ਗਈ ਹੈ।

ਪੁਸਤਕ ਜਾਰੀ ਕਰਨ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਗਿਆਨੀ ਗੁਰਬਖ਼ਸ਼ ਸਿੰਘ ਗੁਲਸ਼ਨ ਗੁਰਬਾਣੀ ਤੇ ਸਿੱਖ ਇਤਿਹਾਸ ਦੀ ਕਥਾ ਰਾਹੀਂ ਸੰਗਤਾਂ ਨੂੰ ਸਿੱਖ ਵਿਰਸੇ ਨਾਲ ਜੋੜਨ ਦੇ ਨਾਲ-ਨਾਲ ਆਪਣੀਆਂ ਲਿਖਤਾਂ ਨਾਲ ਵੀ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਵੱਡੀਆਂ ਸੇਵਾਵਾਂ ਨਿਭਾਅ ਰਹੇ ਹਨ। ਇਨ੍ਹਾਂ ਵੱਲੋਂ ਪਹਿਲਾਂ ਲਿਖੀਆਂ ਪੁਸਤਕਾਂ ਵਿਚ 'ਦਰਪਣ ਸਿੱਖ ਰਹਿਤ ਮਰਯਾਦਾ, ਬਾਦਸ਼ਾਹ ਦਰਵੇਸ਼, ਗੁਰੂ ਨਾਨਕ ਉਦਾਸੀ ਦਰਪਣ, ਜ਼ਫ਼ਰਨਾਮਾ ਦਰਪਣ' ਸਮੇਤ ਹੋਰ ਪੁਸਤਕਾਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਗਿਆਨੀ ਗੁਲਸ਼ਨ ਦੀ ਲੇਖਣੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਅਤੇ ਗੁਰਮਤਿ ਸਿਧਾਂਤਾਂ ਨੂੰ ਪ੍ਰਣਾਈ ਹੋਈ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗਿਆਨੀ ਗੁਰਬਖ਼ਸ਼ ਸਿੰਘ ਗੁਲਸ਼ਾਨ ਵੱਲੋਂ ਲਿਖੀ ਗਈ ਇਹ ਪੁਸਤਕ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਜੀਵਨ ਇਤਿਹਾਸ ਤੋਂ ਸੰਗਤਾਂ ਨੂੰ ਜਾਣੂ ਕਰਵਾਉਣ ਦਾ ਵੱਡਾ ਉਪਰਾਲਾ ਹੈ, ਜਿਸ ਲਈ ਉਹ ਵਧਾਈ ਦੇ ਪਾਤਰ ਹਨ।

ਇਸ ਮੌਕੇ ਗਿਆਨੀ ਗੁਰਬਖ਼ਸ਼ ਸਿੰਘ ਗੁਲਸ਼ਨ ਨੇ ਕਿਹਾ ਗੁਰੂ ਸਾਹਿਬ ਦੀ ਬਖਸ਼ਿਸ ਅਤੇ ਸੰਗਤਾਂ ਦੀ ਪ੍ਰੇਰਨਾਂ ਸਦਕਾ ਗੁਰੂ ਸਾਹਿਬਾਨ ਦੇ ਇਤਿਹਾਸ ਨੂੰ ਲਿਖਣ ਦਾ ਯਤਨ ਕਰ ਰਹੇ ਹਾਂ, ਜਿਸ ਨੂੰ ਸੰਗਤਾਂ ਵੱਲੋਂ ਮਾਣ ਦਿੱਤਾ ਜਾ ਰਿਹਾ ਹੈ। ਉਨ੍ਹਾਂ ਪੁਸਤਕ ਜਾਰੀ ਕਰਨ ਪੁੱਜੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਪ੍ਰਮੁੱਖ ਸਖਸੀਅਤਾਂ ਦਾ ਧੰਨਵਾਦ ਕੀਤਾ।

ਇਸੇ ਦੌਰਾਨ ਗਿਆਨੀ ਗੁਰਬਖ਼ਸ਼ ਸਿੰਘ ਗੁਲਸ਼ਨ ਨੇ ਖ਼ਾਲਸਾ ਪ੍ਰਚਾਰਕ ਜਥਾ ਯੂਕੇ ਵੱਲੋਂ ੧੫੦੦ ਡਾਲਰ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਸੌਂਪੇ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਗਿਆਨੀ ਗੁਰਬਖ਼ਸ਼ ਸਿੰਘ ਗੁਲਸ਼ਨ ਨੂੰ ਸਿਰੋਪਾਓ, ਲੋਈ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਿਹਰੀ ਮਾਡਲ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸਾਬਕਾ ਸਕੱਤਰ ਸ. ਵਰਿਆਮ ਸਿੰਘ ਤੇ ਸ. ਜਗਜੀਤ ਸਿੰਘ ਜੱਗੀ, ਮੈਨੇਜਰ ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਗੁਰਵਿੰਦਰ

ਸਿੰਘ ਦੇਵੀਦਾਸਪੁਰ, ਸੂਚਨਾ ਅਧਿਕਾਰੀ ਸ. ਅੰਮ੍ਰਿਤਪਾਲ ਸਿੰਘ, ਸ. ਜਤਿੰਦਰ ਸਿੰਘ ਅਤੇ ਹੋਰ ਮੌਜੂਦ ਸਨ। ੬ ਦਸੰਬਰ

ਡਾ. ਦਲਵੀਰ ਸਿੰਘ ਪੰਨੂ ਨੇ ਐਡਵੋਕੇਟ ਧਾਮੀ ਨੂੰ 'ਗੁਰਮੁਖੀ ਅਦਬ ਦਾ ਖ਼ਜ਼ਾਨਾ' ਪੁਸਤਕ ਕੀਤੀ ਭੇਟ

ਅੰਮ੍ਰਿਤਸਰ-ਅਮਰੀਕਾ ਨਿਵਾਸੀ ਡਾ. ਦਲਵੀਰ ਸਿੰਘ ਪੰਨੂ ਨੇ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਆਪਣੀ ਪੁਸਤਕ 'ਗੁਰਮੁਖੀ ਅਦਬ ਦਾ ਖ਼ਜ਼ਾਨਾ' ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ 'ਚ ਭੇਟ ਕੀਤੀ। ਇਸ ਪੁਸਤਕ ਵਿਚ ਡਾ. ਦਲਵੀਰ ਸਿੰਘ ਪੰਨੂ ਵੱਲੋਂ ਪਾਕਿਸਤਾਨ ਸਥਿਤ ਪੰਜਾਬ ਪਬਲਿਕ ਲਾਇਬ੍ਰੇਰੀ ਲਾਹੌਰ ਵਿਖੇ ਸਿੱਖ ਇਤਿਹਾਸ ਨਾਲ ਸਬੰਧਤ ਕੀਮਤੀ ਖ਼ਜ਼ਾਨੇ ਬਾਰੇ ਭਰਪੂਰ ਜਾਣਕਾਰੀ ਦਰਜ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਡਾ. ਦਲਵੀਰ ਸਿੰਘ ਪੰਨੂ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਕਾਰਜ ਸਿੱਖ ਇਤਿਹਾਸ ਦੇ ਖੋਜਾਰਥੀਆਂ ਲਈ ਲਾਹੇਵੰਦ ਸਾਬਤ ਹੋਵੇਗਾ। ਉਨ੍ਹਾਂ ਡਾ. ਪੰਨੂ ਨੇ ਪਬਲਿਕ ਲਾਇਬ੍ਰੇਰੀ ਲਾਹੌਰ ਵਿਖੇ ਪੰਜਾਬੀ ਸਾਹਿਤ ਲਈ ਇਕ ਵੱਖਰਾ ਹਾਲ ਤਿਆਰ ਕਰਵਾ ਕੇ ਸਿੱਖ ਇਤਿਹਾਸ ਦੇ ਕੀਮਤੀ ਖ਼ਜ਼ਾਨੇ ਨੂੰ ਸੰਭਾਲਣ ਦਾ ਉਪਰਾਲਾ ਕਰਨ ਦੇ ਨਾਲ-ਨਾਲ ਇਸ ਦਾ ਡਾਟਾਬੇਸ ਤਿਆਰ ਕਰਕੇ ਇਸ ਖ਼ਜ਼ਾਨੇ ਦੀ ਜਾਣਕਾਰੀ ਸੰਗਤਾਂ ਤੱਕ ਪਹੁੰਚਾਉਣ ਦੇ ਯਤਨ ਦੀ ਸ਼ਲਾਘਾ ਕੀਤੀ। ਐਡਵੋਕੇਟ ਧਾਮੀ ਨੇ ਕਿਹਾ ਕਿ ਇਨ੍ਹਾਂ ਦੀ ਖੋਜ ਅਨੁਸਾਰ ਪੰਜਾਬ ਪਬਲਿਕ ਲਾਇਬ੍ਰੇਰੀ ਲਾਹੌਰ ਵਿਖੇ ਸਿੱਖ ਸਾਕਿਆਂ ਦੀ ਜਾਣਕਾਰੀ ਬਿਆਨ ਕਰਦੀਆਂ ਉਹ ਅਖ਼ਬਾਰਾਂ ਵੀ ਸ਼ਾਮਲ ਹਨ, ਜਿਨ੍ਹਾਂ ਵਿਚ ਜ਼ਿਕਰ ਹੈ ਕਿ ਸਾਡੇ ਪੁਰਖਿਆਂ ਨੇ ਮਹੰਤਾਂ ਪਾਸੋਂ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਪੰਥਕ ਹੱਥਾਂ ਵਿਚ ਲੈਣ ਲਈ ਆਪਣੀਆਂ ਜਾਇਦਾਦਾਂ ਤੱਕ ਵੇਚ ਦਿੱਤੀਆਂ ਸਨ, ਜੋ ਸਿੱਖਾਂ ਦਾ ਗੁਰੂ ਅਤੇ ਗੁਰੂ ਘਰਾਂ ਪ੍ਰਤੀ ਸਮਰਪਣ ਸੀ। ਡਾ. ਪੰਨੂ ਦੇ ਯਤਨ ਨਵੇਂ ਸਿੱਖ ਸਕਾਲਰਾਂ ਲਈ ਪ੍ਰੇਰਨਾ ਹਨ।

ਇਸ ਮੌਕੇ ਗੱਲ ਕਰਦਿਆਂ ਡਾ. ਦਲਵੀਰ ਸਿੰਘ ਪੰਨੂ ਨੇ ਕਿਹਾ ਕਿ ਦੁਨੀਆ ਦੀਆਂ ਚੌਣਵੀਆਂ ਲਾਇਬ੍ਰੇਰੀਆਂ ਵੇਖਣ ਦੌਰਾਨ ਪੰਜਾਬ ਪਬਲਿਕ ਲਾਇਬ੍ਰੇਰੀ ਲਾਹੌਰ ਵਿਖੇ ਸਿੱਖ ਇਤਿਹਾਸ ਨਾਲ ਸਬੰਧਤ ਕੀਮਤੀ ਖ਼ਜ਼ਾਨੇ ਦੀ ਜਾਣਕਾਰੀ ਮਿਲੀ, ਜਿਸ ਨੂੰ ਉਨ੍ਹਾਂ ਨੇ ਸੰਗਤਾਂ ਅਤੇ ਖੋਜਾਰਥੀਆਂ ਤੱਕ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਵੱਲੋਂ ਸਮੇਂ-ਸਮੇਂ 'ਤੇ ਵੱਡਾ ਸਹਿਯੋਗ ਦਿੱਤਾ ਗਿਆ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਡਾ. ਚੇਤਨ ਸਿੰਘ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਭਾਈ ਸਤਪਾਲ ਸਿੰਘ ਕੋਹਲੀ ਯੂਐਸਏ, ਸਾਬਕਾ ਸਕੱਤਰ ਸ. ਵਰਿਆਮ ਸਿੰਘ ਤੇ ਸ. ਜਗਜੀਤ ਸਿੰਘ ਜੱਗੀ, ਮੈਨੇਜਰ ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਗੁਰਵਿੰਦਰ ਸਿੰਘ ਦੇਵੀਦਾਸਪੁਰ, ਸੂਚਨਾ ਅਧਿਕਾਰੀ ਸ. ਅੰਮ੍ਰਿਤਪਾਲ ਸਿੰਘ, ਸ. ਜਤਿੰਦਰ ਸਿੰਘ ਅਤੇ ਹੋਰ ਮੌਜੂਦ ਸਨ। ੬ ਦਸੰਬਰ

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੁਰੰਮਤ ਮਗਰੋਂ ਲਗਾਏ ਸੋਨੇ ਦੇ ਪੱਤਰੇ

ਅੰਮ੍ਰਿਤਸਰ-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਚੱਲ ਰਹੀ ਸੋਨੇ ਦੇ ਪੱਤਰਿਆਂ ਅਤੇ ਮੀਨਾਕਾਰੀ ਦੀ ਸਾਂਭ-ਸੰਭਾਲ ਦੀ ਸੇਵਾ ਤਹਿਤ ਅੱਜ ਮੁੱਖ ਦਰਬਾਰ ਦੇ ਅੰਦਰੂਨੀ ਹਿੱਸੇ (ਲਹਿੰਦੇ ਪਾਸੇ ਦੀ ਬਾਹੀ)

ਵਿਚ ਸੋਨੇ ਦੇ ਪੱਤਰੇ ਲਗਾਏ ਗਏ। ਸ਼੍ਰੋਮਣੀ ਕਮੇਟੀ ਵੱਲੋਂ ਇਹ ਸੇਵਾ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ ਨੂੰ ਸੌਂਪੀ ਗਈ ਸੀ, ਜਿਨ੍ਹਾਂ ਨੇ ਲੋੜ ਅਨੁਸਾਰ ਮੁਰੰਮਤ ਦਾ ਕਾਰਜ ਕੀਤਾ ਹੈ। ਅੱਜ ਅਰਦਾਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਨਿਸ਼ਕਾਮ ਸੇਵਕ ਜਥੇ ਦੇ ਮੁਖੀ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਸੋਨੇ ਦੇ ਪੱਤਰੇ ਲੈ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਹੁੰਚੇ ਅਤੇ ਸ਼ਰਧਾ ਨਾਲ ਪੱਤਰੇ ਲਗਾਉਣ ਦੀ ਸੇਵਾ ਆਰੰਭ ਕਰਵਾਈ।

ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਗੇ ਸੁਨਹਿਰੀ ਪੱਤਰੇ ਅਤੇ ਮੀਨਾਕਾਰੀ ਨੂੰ ਸੁਰੱਖਿਅਤ ਰੱਖਣ ਲਈ ਸਮੇਂ-ਸਮੇਂ ਕਾਰਜ ਕੀਤੇ ਜਾਂਦੇ ਹਨ ਅਤੇ ਇਸੇ ਤਹਿਤ ਹੀ ਗੁਰੂ ਨਾਨਕ ਨਿਸ਼ਕਾਮ ਸੇਵਕ ਜਥੇ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸੇਵਾ ਸੌਂਪੀ ਗਈ ਹੈ। ਉਨ੍ਹਾਂ ਕਿਹਾ ਕਿ ਚੱਲ ਰਹੀ ਸੇਵਾ ਦੌਰਾਨ ਪੱਤਰਿਆਂ ਨੂੰ ਪਹਿਲਾਂ ਦੀ ਤਰ੍ਹਾਂ ਹੂਬਹੂ ਤਿਆਰ ਕਰਕੇ ਮੁੜ ਲਗਾਇਆ ਜਾ ਰਿਹਾ ਹੈ। ਇਸੇ ਤਰ੍ਹਾਂ ਮੀਨਾਕਾਰੀ ਦੀ ਸਾਂਭ-ਸੰਭਾਲ ਦਾ ਕਾਰਜ ਵੀ ਜਾਰੀ ਹੈ। ਉਨ੍ਹਾਂ ਗੁਰੂ ਨਾਨਕ ਨਿਸ਼ਕਾਮ ਸੇਵਕ ਜਥੇ ਵੱਲੋਂ ਸ਼ਰਧਾ ਨਾਲ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ। ਇਸ ਦੌਰਾਨ ਸੇਵਕ ਜਥੇ ਦੇ ਮੁਖੀ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਗੁਰੂ ਘਰ ਦੀਆਂ ਸੇਵਾਵਾਂ ਮਿਲਣੀਆਂ ਗੁਰੂ ਸਾਹਿਬ ਦੀ ਰਹਿਮਤ ਹੈ। ਉਨ੍ਹਾਂ ਸੰਗਤਾਂ ਵੱਲੋਂ ਦਿੱਤੇ ਗਏ ਸਹਿਯੋਗ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ ਦੇ ਮੁਖੀ ਭਾਈ ਸਾਹਿਬ ਭਾਈ ਮਹਿੰਦਰ ਸਿੰਘ, ਭਾਈ ਇੰਦਰਜੀਤ ਸਿੰਘ, ਓਐਸਡੀ ਸ. ਸਤਬੀਰ ਸਿੰਘ, ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਪ੍ਰਚਾਰ ਸ. ਮਲਕੀਤ ਸਿੰਘ ਬਹਿੜਵਾਲ, ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਗੁਰਵਿੰਦਰ ਸਿੰਘ ਦੇਵੀਦਾਸਪੁਰ ਅਤੇ ਹੋਰ ਮੌਜੂਦ ਸਨ। ੬ ਦਸੰਬਰ

ਪੰਜਾਬ ਸਰਕਾਰ ਵੱਲੋਂ ਸਿੱਖ ਸੰਸਥਾਵਾਂ ਵਿੱਚ ਦਖਲ ਬਰਦਾਸ਼ਤ ਨਹੀਂ- ਐਡਵੋਕੇਟ ਧਾਮੀ

ਕਿਹਾ; ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਕਾਰਵਾਈ ਮਗਰੋਂ ਸਰਕਾਰੀ ਦਖਲ ਸਿਆਸਤ ਤੋਂ ਪ੍ਰੇਰਿਤ

ਅੰਮ੍ਰਿਤਸਰ-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ੩੨੯ ਪਾਵਨ ਸਰੂਪਾਂ ਦੇ ਮਾਮਲੇ ਸਬੰਧੀ ਕੁਝ ਜਥੇਬੰਦੀਆਂ ਦੇ ਧਰਨੇ ਦੀ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਕੀਤੀ ਗਈ ਅਗਵਾਈ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਿੱਖ ਸੰਸਥਾਵਾਂ ਵਿੱਚ ਖੁੱਲ੍ਹੀ ਦਖਲਅੰਦਾਜ਼ੀ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਪੁਰਾਣੇ ਮਾਮਲੇ ਵਿੱਚ ਲੱਗੇ ਧਰਨੇ ਵਿਚ ਪੰਜਾਬ ਸਰਕਾਰ ਦੇ ਨੁਮਾਇੰਦਿਆਂ ਦਾ ਸ਼ਾਮਲ ਹੋਣਾ ਅਤੇ ਨਿਰਦੇਸ਼ ਦੇਣੇ ਪੂਰੀ ਤਰ੍ਹਾਂ ਸਿਆਸਤ ਤੋਂ ਪ੍ਰੇਰਿਤ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਸਰਕਾਰ ਇਹ ਸੁਪਨਾ ਲੈਣਾ ਛੱਡ ਦੇਵੇ ਕਿ ਉਹ ਸਿੱਖ ਸੰਸਥਾਵਾਂ ਨੂੰ ਆਪਣੀ ਮਨਮਰਜ਼ੀ ਨਾਲ ਚਲਾਉਣਗੇ। ਉਨ੍ਹਾਂ ਕਿਹਾ ਕਿ ਕੌਮੀ ਸੰਸਥਾਵਾਂ ਸਿਰਫ਼ ਕੌਮ ਦੀਆਂ ਹਨ ਅਤੇ ਇਨ੍ਹਾਂ ਵਿੱਚ ਸਰਕਾਰੀ ਦਖਲ ਦੀ ਕੋਈ ਵੀ ਕੋਸ਼ਿਸ਼ ਕਾਮਯਾਬ ਨਹੀਂ ਹੋਣ ਦਿੱਤੀ ਜਾਵੇਗੀ। ਉਨ੍ਹਾਂ ਸਪਸ਼ਟ ਤੌਰ 'ਤੇ ਆਖਿਆ ਕਿ ਸਿੱਖ ਕੌਮ ਆਪਣੀਆਂ ਧਾਰਮਿਕ ਸੰਸਥਾਵਾਂ ਦੀ ਮਰਯਾਦਾ ਅਤੇ ਪਰੰਪਰਾਵਾਂ ਦੀ ਰੱਖਿਆ ਕਰਨੀ ਜਾਣਦੀ ਹੈ, ਜਿਸ ਬਾਰੇ ਸਰਕਾਰ ਨੂੰ ਚੰਗੀ ਤਰ੍ਹਾਂ ਸਮਝ ਲੈਣਾ ਚਾਹੀਦਾ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੇ ਜਿਸ ਮਾਮਲੇ ਵਿਚ ਸਰਕਾਰ ਦਖਲ ਦੇਣ ਦੀ ਗੰਭੀਰ ਗਲਤੀ ਕਰ ਰਹੀ ਹੈ, ਇਹ ਸਿੱਧੇ ਤੌਰ 'ਤੇ ਸ਼੍ਰੋਮਣੀ ਕਮੇਟੀ ਦਾ ਪ੍ਰਬੰਧਕੀ ਮਾਮਲਾ ਹੈ।

ਉਨ੍ਹਾਂ ਆਖਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ੩੨੯ ਪਾਵਨ ਸਰੂਪਾਂ ਦੇ ਮਾਮਲੇ ਦੀ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਆਪ ਜਾਂਚ ਕਰਵਾਈ ਗਈ ਸੀ ਅਤੇ ਜਾਂਚ ਪੜਤਾਲ ਦੀ ਰੀਪੋਰਟ ਅਤੇ ਸਿਫਾਰਸਾਂ ਅਨੁਸਾਰ ਵਿਭਾਗੀ ਕਾਰਵਾਈ ਕੀਤੀ ਜਾ ਚੁੱਕੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਰੀਪੋਰਟ ਵਿੱਚ ਸਪੱਸ਼ਟ ਹੋ ਚੁੱਕਾ ਹੈ ਕਿ ੩੨੯ ਪਾਵਨ ਸਰੂਪਾਂ ਦਾ ਮਾਮਲਾ ਬੇਅਦਬੀ ਦਾ ਨਹੀਂ ਬਲਕਿ ਕੁਝ ਮੁਲਾਜ਼ਮਾਂ ਵੱਲੋਂ ਪੈਸਿਆਂ ਦੀ ਕੀਤੀ ਹੇਰਾਫੇਰੀ ਦਾ ਹੈ।

ਉਨ੍ਹਾਂ ਕਿਹਾ ਕਿ ਕੌਮ ਅੰਦਰ ਸ੍ਰੀ ਅਕਾਲ ਤਖ਼ਤ ਸਾਹਿਬ ਸਰਬਉੱਚ ਹਨ ਅਤੇ ਜੇਕਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਨੁਸਾਰ ਸਾਰੀ ਕਾਰਵਾਈ ਮੁਕੰਮਲ ਕੀਤੀ ਜਾ ਚੁੱਕੀ ਹੈ ਤਾਂ ਸਰਕਾਰ ਕੌਣ ਹੁੰਦੀ ਹੈ ਕਿ ਉਹ ਇਸ ਉਤੇ ਸਿਆਸਤ ਕਰੇ।

ਐਡਵੋਕੇਟ ਧਾਮੀ ਨੇ ੧੯੯੯ ਵਿੱਚ ਛਪੀ ਕਿਤਾਬ ਦੇ ਮਾਮਲੇ ਨੂੰ ਦਿੱਤੀ ਜਾ ਰਹੀ ਤੂਲ ਨੂੰ ਵੀ ਸਿਆਸੀ ਹਰਕਤ ਦੱਸਿਆ। ਉਨ੍ਹਾਂ ਆਖਿਆ ਕਿ ਜੋ ਅੰਗਰੇਜ਼ੀ ਪੁਸਤਕ ਦਾ ਅਨੁਵਾਦ ਕਰਵਾ ਕੇ ਪੁਸਤਕ ਛਪਾਈ ਗਈ ਸੀ, ਇਤਰਾਜਾਂ ਬਾਅਦ ਸ਼੍ਰੋਮਣੀ ਕਮੇਟੀ ਦੇ ਤਤਕਾਲੀ ਪ੍ਰਬੰਧਕਾਂ ਨੇ ਇਸ 'ਤੇ ਰੋਕ ਲਗਾਉਣ ਦੇ ਨਾਲ ਨਾਲ ਇਸ ਨੂੰ ਵਾਪਸ ਲੈਣ ਲਈ ਅਖ਼ਬਾਰਾਂ ਵਿਚ ਇਸ਼ਤਿਹਾਰ ਵੀ ਦਿੱਤੇ ਸਨ। ਇਸ ਤੋਂ ਇਲਾਵਾ ਬੀਤੇ ਵਿਚ ਇਜਲਾਸ ਦੌਰਾਨ ਭੁੱਲ ਦੀ ਖਿਮਾ ਵੀ ਮੰਗੀ ਗਈ ਸੀ। ਹੁਣ ਇਸ ਨੂੰ ਮੁੜ ਮੁੜ ਉਭਾਰਨ ਦੀ ਕੋਈ ਤੁਕ ਨਹੀਂ ਬਣਦੀ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸ਼੍ਰੋਮਣੀ ਕਮੇਟੀ ਕਿਸੇ ਵੀ ਦਬਾਅ ਜਾਂ ਨੀਵੀਂ ਪੱਧਰ ਦੀ ਸਰਕਾਰੀ ਹਰਕਤ ਤੋਂ ਘਬਰਾਉਣ ਵਾਲੀ ਨਹੀਂ ਅਤੇ ਕਮੇਟੀ ਦੇ ਮੈਂਬਰ ਸਰਕਾਰੀ ਚਾਲਾਂ ਨੂੰ ਕਦੇ ਵੀ ਸਫਲ ਨਹੀਂ ਹੋਣ ਦੇਣਗੇ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਸਿੱਖ ਮਾਮਲਿਆਂ ਵਿੱਚ ਦਖਲਅੰਦਾਜ਼ੀ ਬੰਦ ਕੀਤੀ ਜਾਵੇ। ਜੇਕਰ ਸਿੱਖ ਸੰਸਥਾਵਾਂ ਅਤੇ ਗੁਰੂ ਘਰ ਦੀ ਮਰਯਾਦਾ ਵਿਚ ਦਖਲ ਦੀਆਂ ਹਰਕਤਾਂ ਬੰਦ ਨਾ ਕੀਤੀਆਂ ਤਾਂ ਨਿਕਲਣ ਵਾਲੇ ਨਤੀਜਿਆਂ ਲਈ ਜ਼ੁੰਮੇਵਾਰ ਪੰਜਾਬ ਸਰਕਾਰ ਹੋਵੇਗੀ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਵੀ ਅਪੀਲ ਕੀਤੀ ਕਿ ਜਿਹੜੇ ਮਸਲੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਵਿਚਾਰੇ ਜਾਣ ਬਾਅਦ ਕਾਰਵਾਈ ਕੀਤੀ ਜਾ ਚੁੱਕੀ ਹੈ, ਉਨ੍ਹਾਂ ਵਿਚ ਸਰਕਾਰਾਂ ਦੀ ਦਖਲਅੰਦਾਜ਼ੀ ਦਾ ਨੋਟਿਸ ਲਿਆ ਜਾਵੇ, ਤਾਂ ਜੋ ਪੰਥ ਦੀਆਂ ਰਵਾਇਤਾਂ ਦਾ ਸਤਿਕਾਰ ਬਰਕਰਾਰ ਰਹੇ। ੭ ਦਸੰਬਰ

ਐਡਵੋਕੇਟ ਧਾਮੀ ਨੇ ਨਿਊਜ਼ੀਲੈਂਡ ਚ ਹੋਏ ਤੀਜੇ ਵਿਸ਼ਵ ਕਬੱਡੀ ਕੱਪ ਦੀ ਸਫਲਤਾ 'ਤੇ ਸਮੂਹ ਭਾਈਚਾਰੇ ਨੂੰ ਦਿੱਤੀ ਵਧਾਈ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਨਿਊਜ਼ੀਲੈਂਡ ਵਿਚ ਵੱਸਦੇ ਸਿੱਖ ਅਤੇ ਪੰਜਾਬੀ ਭਾਈਚਾਰੇ ਵੱਲੋਂ ਬੀਤੇ ਦਿਨੀ ਕਰਵਾਏ ਗਏ ਤੀਜੇ ਵਿਸ਼ਵ ਕਬੱਡੀ ਕੱਪ ਦੀ ਸਫਲਤਾ ਤੇ ਵਧਾਈ ਦਿੱਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬੀ ਜਿਸ ਵੀ ਦੇਸ਼ ਵਿਚ ਵੱਸੇ ਹਨ ਉਨ੍ਹਾਂ ਨੇ ਆਪਣੀ ਮਿਹਨਤ ਸਦਕਾ ਵੱਡੇ ਮੁਕਾਮ ਹਾਸਲ ਕੀਤੇ ਹਨ।

(ਬਾਕੀ ਪੰਨਾ ੨੨ 'ਤੇ)



ਅੰਮ੍ਰਿਤਸਰ ਸਥਿਤ ਗੁਰੂ ਨਾਨਕ ਦੇਵ ਹਸਪਤਾਲ ਵਿਖੇ ਜ਼ੇਰੇ-ਇਲਾਜ਼ ਬੰਦੀ ਸਿੰਘ ਭਾਣੀ ਗੁਰਦੀਪ ਸਿੰਘ ਖੇੜਾ ਦਾ ਹਾਲ ਜਾਣਦੇ ਹੋਏ
ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ। (3 ਦਸੰਬਰ)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਥਿਤ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਵਿਖੇ ਬਾਬਾ ਗੁਰਬਖਸ਼ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਸਮੇਂ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਅਰਦਾਸ ਵਿਚ ਸ਼ਾਮਲ
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਪੰਗੋੜਾ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ,
ਸ. ਬਿਕਰਮਜੀਤ ਸਿੰਘ ਝੰਡੀ, ਸ. ਗੁਰਵਿੰਦਰ ਸਿੰਘ ਦੇਵੀਦਾਸਪੁਰ, ਸ. ਜਸਬੀਰ ਸਿੰਘ, ਸ. ਗੁਰਤਿੰਦਰਪਾਲ ਸਿੰਘ ਕਾਦੀਆ, ਸ. ਅਜੈ ਸਿੰਘ ਤੇ ਸੰਗਤਾਂ। (4 ਦਸੰਬਰ)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੁਰੰਮਤ ਮਗਰੋਂ ਸੋਨੇ ਦੇ ਪੱਤਰੇ ਲਗਾਉਣ ਦੀ ਸੇਵਾ ਆਰੰਭ ਕਰਨ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ, ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ ਦੇ ਮੁਖੀ ਭਾਈ ਸਾਹਿਬ ਭਾਈ ਮਹਿੰਦਰ ਸਿੰਘ, ਭਾਈ ਇੰਦਰਜੀਤ ਸਿੰਘ, ਮੈਨੇਜਰ ਸ. ਭਗਵੰਤ ਸਿੰਘ ਪੰਗੋੜਾ ਤੇ ਹੋਰ। (6 ਦਸੰਬਰ)



ਗਿਆਨੀ ਗੁਰਬਖ਼ਸ਼ ਸਿੰਘ ਕੁਲਸ਼ਨ ਦੀ ਪੁਸਤਕ 'ਜੀਵਨ ਗਾਥਾ ਸ੍ਰੀ ਗੁਰੂ ਅੰਗਦ ਦੇਵ ਜੀ' ਸੰਗਤ ਅਰਪਣ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਜਨਰਲ ਮੈਨੇਜਰ ਸ. ਭਗਵੰਤ ਸਿੰਘ ਪੰਗੋੜਾ, ਸਾਬਕਾ ਸਕੱਤਰ ਸ. ਵਰਿਆਮ ਸਿੰਘ ਤੇ ਸ. ਜਗਜੀਤ ਸਿੰਘ ਸੱਗੀ, ਮੈਨੇਜਰ ਸ. ਜਸਪਾਲ ਸਿੰਘ ਢੰਡੇ, ਵਧੀਕ ਮੈਨੇਜਰ ਸ. ਗੁਰਵਿੰਦਰ ਸਿੰਘ ਦੇਵੀਦਾਸਪੁਰ, ਸੂਚਨਾ ਅਧਿਕਾਰੀ ਸ. ਅੰਮ੍ਰਿਤਪਾਲ ਸਿੰਘ, ਸ. ਜਤਿੰਦਰ ਸਿੰਘ ਤੇ ਹੋਰ। (6 ਦਸੰਬਰ)



ਡਾ. ਦਲਵੀਰ ਸਿੰਘ ਪੰਨੂ ਆਪਣੀ ਪੁਸਤਕ 'ਗੁਰਮੁਖੀ ਅਦਬ ਦਾ ਖ਼ਜ਼ਾਨਾ' ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਨੂੰ ਭੇਟ ਕਰਦੇ ਹੋਏ, ਨਾਲ ਹਨ ਸ. ਬੇਚਨ ਸਿੰਘ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਦਕਤਾ, ਕ੍ਰਿਆਨੀ ਗੁਰਬਖਸ਼ ਸਿੰਘ ਗੁਲਸ਼ਨ, ਭਾਈ ਸਤਪਾਲ ਸਿੰਘ ਕੇਹਲੀ ਯੂਐਸਏ ਤੇ ਹੋਰ। (6 ਦਸੰਬਰ)



ਸ਼੍ਰੋਮਣੀ ਕਮੇਟੀ ਦੇ ਦਫ਼ਤਰ ਵਿਖੇ ਹੋਈ ਅੰਤ੍ਰਿਮ ਕਮੇਟੀ ਦੀ ਵਿਸ਼ੇਸ਼ ਇਕੱਤਰਤਾ ਵਿਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿਮ ਮੈਂਬਰਾਨ ਤੇ ਅਧਿਕਾਰੀ। (11 ਦਸੰਬਰ)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ ਹੋਣ ਪੁੱਜੇ ਬ੍ਰਿਟਿਸ਼ ਕੋਲੰਬੀਆ ਦੀ ਵਿਧਾਨ ਸਭਾ ਦੇ ਸਪੀਕਰ ਸ੍ਰੀ ਰਾਜ ਚੌਹਾਨ ਤੇ ਉਨ੍ਹਾਂ ਦੇ ਪਰਿਵਾਰ ਨੂੰ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸਨਮਾਨਿਤ ਕਰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸਕੱਤਰ ਸ, ਬਲਵਿੰਦਰ ਸਿੰਘ ਕਾਹਲਵਾਂ, ਮੈਨੇਜਰ ਸ, ਜਸਪਾਲ ਸਿੰਘ ਵੱਡੇ, ਸੂਚਨਾ ਅਧਿਕਾਰੀ ਸ, ਰਣਧੀਰ ਸਿੰਘ, ਕੈਨੇਡਾ ਨਿਵਾਸੀ ਸ, ਬਲਬੀਰ ਸਿੰਘ ਚੰਗਿਆੜਾ ਤੇ ਹੋਰ। (11 ਦਸੰਬਰ)



ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵੱਡੇ ਸਾਹਿਬਜ਼ਾਦਿਆਂ ਤੇ ਸ੍ਰੀ ਚਮਕੌਰ ਸਾਹਿਬ ਦੇ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਵਿੱਚ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਅਰਦਾਸ ਵਿਚ ਸ਼ਾਮਲ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸ, ਭਗਵੰਤ ਸਿੰਘ ਪੰਜੋੜ, ਸੁਪ੍ਰਿੰਟੈਂਡੈਂਟ ਸ, ਨਿਸ਼ਾਨ ਸਿੰਘ, ਇੰਚਾਰਜ ਸ, ਗੁਰਪ੍ਰੀਤ ਸਿੰਘ ਰੋਡੇ, ਵਧੀਕ ਮੈਨੇਜਰ ਸ, ਗੁਰਿੰਦਰਪਾਲ ਸਿੰਘ ਕਾਦੀਆਂ, ਮੀਤ ਮੈਨੇਜਰ ਸ, ਅਜੈ ਸਿੰਘ, ਸ, ਦਿਲਬਾਗ ਸਿੰਘ ਸਮੇਤ ਸਮੂਹ ਸਟਾਫ਼ ਅਤੇ ਸੰਗਤਾਂ। (22 ਦਸੰਬਰ)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਰਬੀਐਲ ਬੈਂਕ ਵੱਲੋਂ 20 ਐਲਈਟੀਡੀ ਭੇਟ ਕਰਨ ਪੁੱਜੇ ਬੈਂਕ ਦੇ ਅਧਿਕਾਰੀ ਸ੍ਰੀ ਨਰਿੰਦਰ ਅਗਰਵਾਲ ਬੀ.ਬੀ.ਆਰ.ਐੱਲ. ਹੈੱਡ, ਸ੍ਰੀ ਸਲਿੰਦਰ ਮਿਸ਼ਰਾ ਪ੍ਰੋਗਰਾਮ ਹੈੱਡ, ਸਕੱਤਰ ਸ, ਪ੍ਰਤਾਪ ਸਿੰਘ ਤੇ ਸ, ਬਲਵਿੰਦਰ ਸਿੰਘ ਕਾਹਲਵਾਂ ਨੂੰ ਸੌਂਪਦੇ ਹੋਏ, ਨਾਲ ਰਨ ਮੀਤ ਸਕੱਤਰ ਸ, ਮਨਜੀਤ ਸਿੰਘ ਤਲਵੰਡੀ ਤੇ ਸੁਪ੍ਰਿਟੈਂਡੈਂਟ ਸ, ਨਿਸ਼ਾਨ ਸਿੰਘ, ਸ੍ਰੀ ਸਜਗੀਤ ਪਾਲ ਏਰੀਆ ਹੈੱਡ ਟਾਸਕ, ਸ੍ਰੀ ਸਰਵਨ ਸ਼ਰਮਾ ਏਰੀਆ ਹੈੱਡ ਅਤੇ ਬ੍ਰਾਂਚ ਮੈਨੇਜਰ ਸ੍ਰੀ ਹਰਸ ਅਗਰਵਾਲ ਤੇ ਹੋਰ। (23 ਦਸੰਬਰ)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਗਏ ਨਗਰ ਕੀਰਤਨ ਦਾ ਦ੍ਰਿਸ਼ (27 ਦਸੰਬਰ)



ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਸ਼ਹੀਦੀ ਨਗਰ ਕੀਰਤਨ ਦੀ ਆਰੰਭਤਾ ਅਤੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਪਹੁੰਚਣ ਸਮੇਂ ਹਾਜ਼ਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਜਥੇਦਾਰ ਗਿਆਨੀ ਟੇਕ ਸਿੰਘ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ, ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਬਾਬਾ ਅਵਤਾਰ ਸਿੰਘ ਸੁਰਸਿੰਘ, ਗਿਆਨੀ ਹਰਪਾਲ ਸਿੰਘ ਅਤੇ ਸੰਗਤਾਂ। (27 ਦਸੰਬਰ)



ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਸ਼ਹੀਦੀ ਨਗਰ ਕੀਰਤਨ ਸਮੇਂ ਸੰਬੋਧਨ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ,
ਅਤੇ ਹਾਜ਼ਰ ਮੈਂਬਰ ਐਡਵੋਕੇਟ ਸ, ਭਗਵੰਤ ਸਿੰਘ ਸਿਆਲਕਾ, ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਹਰਪਾਲ ਸਿੰਘ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਅਤੇ ਸੰਗਤਾਂ। (27 ਦਸੰਬਰ)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਸਿੱਖ ਮਿਸ਼ਨ ਰਾਪੁੜ ਵੱਲੋਂ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਐਸ ਜੇ ਐਸ ਮੋਟਰਜ਼ ਦੇ ਮਾਲਕ ਸ, ਧਿਆਨ ਸਿੰਘ ਤੇ ਸੰਗਤ ਦੇ ਸਹਿਯੋਗ ਨਾਲ
ਗੁਰੂ ਸਾਹਿਬ ਦੀ ਪਾਲਕੀ ਸਾਹਿਬ ਲਈ ਤਿਆਰ ਕੀਤੀ ਗੱਡੀ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ (ਯੂ.ਪੀ. ਸਿੱਖ ਮਿਸ਼ਨ, ਰਾਪੁੜ) ਲਈ ਸੌਂਪਣ ਸਮੇਂ ਓਐਸਡੀ ਸ, ਸਤਬੀਰ ਸਿੰਘ, ਸਕੱਤਰ ਸ, ਬਲਵਿੰਦਰ ਸਿੰਘ ਕਾਹਲਵਾਂ,
ਮਿਸ਼ਨ ਦੇ ਇੰਚਾਰਜ ਸ, ਬ੍ਰਿਜਪਾਲ ਸਿੰਘ ਅਤੇ ਸੰਗਤਾਂ। (28 ਦਸੰਬਰ)



ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਮਾਮਲੇ ਵਿਚ ਪੱਤਰਕਾਰਾਂ ਨੂੰ ਸੰਬੋਧਨ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ, ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ, ਕੁਲਦੰਤ ਸਿੰਘ ਮੰਨਣ, ਸਾਬਕਾ ਪ੍ਰਧਾਨ ਸ, ਅਲਵਿੰਦਰਪਾਲ ਸਿੰਘ ਪੱਖੋਕੇ, ਅੰਤ੍ਰਿਗ ਮੈਂਬਰ ਸ, ਗੁਰਪ੍ਰੀਤ ਸਿੰਘ ਝੱਬਰ, ਜਥੇਦਾਰ ਮੰਜਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ, ਗੁਰਬਖਸ਼ ਸਿੰਘ ਖਾਲਸਾ, ਸ, ਅਮਰਜੀਤ ਸਿੰਘ ਬੰਡਾਲਾ ਤੇ ਸਕੱਤਰ ਸ, ਪ੍ਰਤਾਪ ਸਿੰਘ। (30 ਦਸੰਬਰ)



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੈਕਸ਼ਨ-85 ਵਿਭਾਗ ਵਿਖੇ ਸੇਵਾ ਨਿਭਾਅ ਰਹੇ ਸੁਪਰਵਾਈਜ਼ਰ ਸ, ਇਕਬਾਲ ਸਿੰਘ ਨੂੰ ਸੇਵਾ ਮੁਕਤ ਹੋਣ 'ਤੇ ਸਨਮਾਨਿਤ ਕਰਦੇ ਹੋਏ ਓਐਸਡੀ ਸ, ਸਤਬੀਰ ਸਿੰਘ ਧਾਮੀ, ਸਕੱਤਰ ਸ, ਪ੍ਰਤਾਪ ਸਿੰਘ, ਵਧੀਕ ਸਕੱਤਰ ਸ, ਬਿਜੈ ਸਿੰਘ, ਮੀਤ ਸਕੱਤਰ ਸ, ਸ, ਗੁਰਨਾਮ ਸਿੰਘ, ਸ, ਬਲਵਿੰਦਰ ਸਿੰਘ ਖੈਰਾਬਾਦ, ਸੁਪ੍ਰਿੰਟੈਂਡੈਂਟ ਸ, ਨਿਸ਼ਾਨ ਸਿੰਘ, ਮੈਨੇਜਰ ਸ, ਰਾਜਿੰਦਰ ਸਿੰਘ ਰੂਬੀ, ਇੰਚਾਰਜ ਸ, ਮੇਜਰ ਸਿੰਘ, ਸ, ਗੁਰਮੇਜ ਸਿੰਘ, ਸ, ਸਿਮਰਜੀਤ ਸਿੰਘ ਕੰਗ, ਸ, ਜਗਦੀਸ਼ ਸਿੰਘ ਬੁੱਟਰ, ਸ, ਜਗਜੀਤ ਸਿੰਘ ਤੇ ਹੋਰ। (4 ਦਸੰਬਰ)

(ਪੰਨਾ ੧੮ ਦਾ ਬਾਕੀ)

ਪੰਜਾਬੀਆਂ ਨੇ ਵਿਦੇਸ਼ ਅੰਦਰ ਰਹਿੰਦਿਆ ਆਪਣੇ ਸਭਿਆਚਾਰ ਅਤੇ ਖੇਡਾਂ ਪ੍ਰਤੀ ਹਮੇਸ਼ਾ ਵੱਡੇ ਉਪਰਾਲੇ ਕੀਤੇ ਅਤੇ ਆਪਣੀਆਂ ਰਵਾਇਤਾਂ ਤੇ ਖੇਡ ਸਭਿਆਚਾਰ ਨੂੰ ਬਰਕਰਾਰ ਰੱਖਿਆ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਸਰੀਰਿਕ ਤੰਦਰੁਸਤੀ ਲਈ ਵਿਰਾਸਤੀ ਖੇਡਾਂ ਨਾਲ ਜੋੜਨਾ ਵੱਡਾ ਉਪਰਾਲਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਬੀਤੇ ਕਈ ਸਾਲਾਂ ਤੋਂ ਨਿਊਜ਼ੀਲੈਂਡ ਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਪੰਜਾਬੀ ਭਾਈਚਾਰੇ ਵੱਲੋਂ ਨੌਜਵਾਨਾ ਨੂੰ ਆਪਣੇ ਵਿਰਸੇ ਨਾਲ ਜੋੜਣ ਲਈ ਕੀਤੇ ਜਾ ਰਹੇ ਅਜਿਹੇ ਉਪਰਾਲੇ ਸ਼ਲਾਘਾਯੋਗ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਵਿਸ਼ਵ ਕਬੱਡੀ ਕੱਪ ਲਈ ਕੀਤੇ ਇਸ ਉਪਰਾਲੇ ਲਈ ਸੁਪਰੀਮ ਸਿੱਖ ਸੁਸਾਇਟੀ ਨਿਊਜ਼ੀਲੈਂਡ ਦੇ ਪ੍ਰਧਾਨ ਭਾਈ ਦਲਜੀਤ ਸਿੰਘ ਅਤੇ ਸਾਰੇ ਪ੍ਰਬੰਧਕਾਂ ਦੇ ਇਸ ਕਾਰਜ ਦੀ ਪ੍ਰਸੰਸਾ ਕਰਦਿਆਂ ਅਜਿਹੇ ਉਪਰਾਲੇ ਇਸੇ ਤਰ੍ਹਾਂ ਜਾਰੀ ਰੱਖਣ ਦੀ ਆਸ ਪ੍ਰਗਟਾਈ। ੮ ਦਸੰਬਰ

ਅੰਤ੍ਰਿੰਗ ਕਮੇਟੀ ਨੇ ਪਾਵਨ ਸਰੂਪਾਂ ਦਾ ਮਾਮਲਾ ਵਿਚਾਰ ਅਤੇ ਆਦੇਸ਼ ਲਈ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਭੇਜਣ ਦਾ ਕੀਤਾ ਫੈਸਲਾ

ਪਾਵਨ ਸਰੂਪਾਂ ਦਾ ਮਾਮਲਾ ਬੇਅਦਬੀ ਜਾਂ ਗੁੰਮ ਹੋਣ ਦਾ ਨਹੀਂ, ਸਗੋਂ ਪੈਸਿਆਂ ਦੀ ਹੇਰਾਫੇਰੀ ਦਾ ਹੈ- ਐਡਵੋਕੇਟ ਧਾਮੀ

ਐਡਵੋਕੇਟ ਧਾਮੀ ਦੀ ਅਗਵਾਈ 'ਚ ਹੋਈ ਅੰਤ੍ਰਿੰਗ ਕਮੇਟੀ ਦੀ ਵਿਸ਼ੇਸ਼ ਇਕੱਤਰਤਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਅੱਜ ਹੋਈ ਅੰਤ੍ਰਿੰਗ ਕਮੇਟੀ ਦੀ ਵਿਸ਼ੇਸ਼ ਇਕੱਤਰਤਾ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਮਾਮਲੇ 'ਚ ਸਰਕਾਰ ਵੱਲੋਂ ਪਰਚਾ ਦਰਜ ਕਰਨ ਦੀ ਕਾਰਵਾਈ ਨੂੰ ਸ੍ਰੀ ਅਕਾਲ ਤਖਤ ਸਾਹਿਬ ਨੂੰ ਸਿੱਧੀ ਚੁਣੌਤੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕੀ ਅਧਿਕਾਰਾਂ ਵਿਚ ਸਰਕਾਰੀ ਦਖਲਅੰਦਾਜ਼ੀ ਕਰਾਰ ਦਿੱਤਾ ਹੈ।

ਇਕੱਤਰਤਾ ਵਿਚ ਪਾਸ ਕੀਤੇ ਗਏ ਮਤੇ ਬਾਰੇ ਜਾਣਕਾਰੀ ਦਿੰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਪਾਵਨ ਸਰੂਪਾਂ ਦੇ ਮਾਮਲੇ ਵਿਚ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਕਾਰਵਾਈ ਮੁਕੰਮਲ ਕੀਤੀ ਜਾ ਚੁੱਕੀ ਹੋਣ ਦੇ ਬਾਵਜੂਦ ਵੀ ਲੰਘੇ ਦਿਨੀਂ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਦੇ ਵਿਰਾਸਤੀ ਮਾਰਗ 'ਤੇ ਕੁਝ ਲੋਕਾਂ ਵੱਲੋਂ ਲਗਾਏ ਗਏ ਧਰਨੇ ਵਿਚ ਸਰਕਾਰ ਦੇ ਮੰਤਰੀ, ਸਪੀਕਰ ਅਤੇ ਵਿਧਾਇਕ ਵੱਲੋਂ ਸ਼ਮੂਲੀਅਤ ਕਰਨੀ ਤੇ ਪੁਲਿਸ ਨੂੰ ਪਰਚਾ ਦਰਜ ਕਰਨ ਦੇ ਆਦੇਸ਼ ਦੇਣ ਤੋਂ ਸਪੱਸ਼ਟ ਹੈ ਕਿ ਸਰਕਾਰ ਜਾਣਬੁਝ ਕੇ ਇਸ ਮਾਮਲੇ ਵਿਚ ਆਪਣੀ ਸਿਆਸਤ ਸਾਧ ਰਹੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦਾ ਮਾਮਲਾ ਬੇਅਦਬੀ ਜਾਂ ਪਾਵਨ ਸਰੂਪ ਗੁੰਮ ਹੋਣ ਦਾ ਨਹੀਂ ਸਗੋਂ ਕੁਝ ਮੁਲਾਜ਼ਮਾਂ ਵੱਲੋਂ ਪੈਸਿਆਂ ਦੀ ਕੀਤੀ ਹੇਰਾਫੇਰੀ ਦਾ ਹੈ। ਇਸ ਮਾਮਲੇ ਨੂੰ ਬੇਅਦਬੀ ਅਤੇ ਪਾਵਨ ਸਰੂਪ ਗੁੰਮ ਹੋਣ ਵਜੋਂ ਪ੍ਰਚਾਰਨਾਂ ਸਿੱਖ ਕੌਮ ਦੀ ਸਿਰਮੌਰ ਸੰਸਥਾ ਨੂੰ ਬਦਨਾਮ ਕਰਨ ਅਤੇ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਨੂੰ ਸੱਟ ਮਾਰਨ ਦੀ ਸਿਆਸੀ ਸਾਜ਼ਿਸ਼ ਹੈ, ਜਿਸ ਵਿਚ ਪੰਜਾਬ ਦੀ ਮੌਜੂਦਾ ਸਰਕਾਰ ਵੀ ਪੂਰੀ ਤਰ੍ਹਾਂ ਸ਼ਾਮਲ ਹੈ।

ਉਨ੍ਹਾਂ ਦੱਸਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਡਾ. ਈਸ਼ਰ ਸਿੰਘ ਐਡਵੋਕੇਟ ਦੀ ਅਗਵਾਈ ਹੇਠ ਬਣਾਈ ਜਾਂਚ ਕਮੇਟੀ ਨੇ ਆਪਣੀ ਰਿਪੋਰਟ ਵਿੱਚ ਸਾਫ਼ ਕੀਤਾ ਹੈ ਕਿ ਸ਼੍ਰੋਮਣੀ ਕਮੇਟੀ ਦੇ ਪਬਲੀਕੇਸ਼ਨ ਵਿਭਾਗ ਵਿਚ ਕੰਮ ਕਰਦੇ ਕੁਝ ਮੁਲਾਜ਼ਮਾਂ ਨੇ ਨਿੱਜੀ ਲਾਲਸਾ ਕਰਕੇ ਆਪਣੇ ਕੁਕਰਮਾਂ ਉੱਪਰ ਪਰਦਾ

ਪਾਉਣ ਦੀ ਅਸਫਲ ਕੋਸ਼ਿਸ਼ ਕੀਤੀ। ਉਨ੍ਹਾਂ ਕਿਹਾ ਕਿ ਇਸ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਬਣਾਈ ਕਮੇਟੀ ਦੀ ਰਿਪੋਰਟ ਅਨੁਸਾਰ ਅੰਤ੍ਰਿੰਗ ਕਮੇਟੀ ਦੇ ਮਤਾ ਨੰਬਰ ੪੬੬, ਮਿਤੀ ੨੭-੦੯-੨੦੨੦ ਰਾਹੀਂ ਕਾਰਵਾਈ ਕੀਤੀ ਗਈ ਅਤੇ ਕੁਝ ਮੁਲਾਜ਼ਮਾਂ 'ਤੇ ਕਾਨੂੰਨੀ ਕਾਰਵਾਈ ਦਾ ਵੀ ਫੈਸਲਾ ਹੋਇਆ। ਪਰੰਤੂ ਵੱਖ ਵੱਖ ਸਿੱਖ ਵਿਦਵਾਨਾਂ ਦੇ ਕਹਿਣ ਅਤੇ ਡਾ. ਈਸ਼ਰ ਸਿੰਘ ਦੀ ਰਿਪੋਰਟ ਵਿਚ ਪਰਚੇ ਦਰਜ ਕਰਵਾਉਣ ਬਾਰੇ ਕੋਈ ਸਿਫਾਰਸ਼ ਨਾ ਹੋਣ ਕਰਕੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੇ ਮਤਾ ਨੰਬਰ ੪੯੩ ਮਿਤੀ ੦੫-੦੯-੨੦੨੦ ਰਾਹੀਂ ਕਾਨੂੰਨੀ ਕਾਰਵਾਈ ਦੀ ਥਾਂ ਆਪਣੇ ਤੌਰ ਪੁਰ ਕਾਰਵਾਈ ਨੂੰ ਪ੍ਰਵਾਨਗੀ ਦਿੱਤੀ ਗਈ। ਇਹ ਇਸ ਲਈ ਸੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਪੜਤਾਲ ਵਿਚ ਪੁਲਿਸ ਦੀ ਦਖਲਅੰਦਾਜ਼ੀ ਮਰਿਆਦਾ ਅਤੇ ਪ੍ਰੰਪਰਾਵਾਂ ਦੇ ਵਿਰੁੱਧ ਹੋਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਇਨ੍ਹਾਂ ਦੋਹਾਂ ਮਤਿਆਂ ਦੀ ਪ੍ਰੋੜ੍ਹਤਾ ਵੀ ਜਨਰਲ ਇਜਲਾਸ ਦੇ ਮਤਾ ਨੰ: ੩੬੬, ਮਿਤੀ ੨੮-੦੨-੨੦੨੦ ਰਾਹੀਂ ਹੋ ਚੁੱਕੀ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਹੁਣ ਸਰਕਾਰ ਵੱਲੋਂ ਇਸ ਮਾਮਲੇ ਵਿਚ ਐਫ.ਆਈ.ਆਰ. ਦਰਜ ਕਰਨ ਦਾ ਫੈਸਲਾ ਆਪਣੀਆਂ ਪੰਜਾਬ ਪ੍ਰਤੀ ਨਾਕਾਮੀਆਂ ਨੂੰ ਛੁਪਾਉਣ ਅਤੇ ਸਿਆਸੀ ਇੱਛਾ ਦੀ ਪੂਰਤੀ ਲਈ ਹੈ, ਕਿਉਂਕਿ ਬੇਅਦਬੀਆਂ 'ਤੇ ਸਿਆਸਤ ਕਰਕੇ ਸੱਤਾ ਹਾਸਲ ਕਰਨ ਵਾਲੇ ਚਾਰ ਸਾਲ ਬੀਤਣ ਬਾਅਦ ਵੀ ਕੋਈ ਇਨਸਾਫ਼ ਨਹੀਂ ਕਰ ਸਕੇ।

ਉਨ੍ਹਾਂ ਦੱਸਿਆ ਕਿ ਅੱਜ ਦੀ ਇਕੱਤਰਤਾ 'ਚ ਪਾਸ ਕੀਤੇ ਮਤੇ ਰਾਹੀਂ ਸਰਕਾਰ ਵੱਲੋਂ ਸਿੱਖ ਸੰਸਥਾ ਦੇ ਪ੍ਰਬੰਧਾਂ ਨੂੰ ਬਦਨਾਮ ਕਰਨ ਦੀ ਨੀਤੀ ਦੀ ਸਖ਼ਤ ਨਿੰਦਾ ਕਰਦਿਆਂ, ਅਗਾਹ ਕੀਤਾ ਗਿਆ ਹੈ ਕਿ ਸਿੱਖ ਕੌਮ ਆਪਣੀਆਂ ਸੰਸਥਾਵਾਂ ਦੇ ਪ੍ਰਬੰਧਾਂ ਵਿਚ ਸਰਕਾਰੀ ਦਖਲ ਨੂੰ ਕਦੇ ਵੀ ਪ੍ਰਵਾਨ ਨਹੀਂ ਕਰੇਗੀ।

ਐਡਵੋਕੇਟ ਧਾਮੀ ਨੇ ਕਿਹਾ ਕਿ ਇਕੱਤਰਤਾ ਵਿਚ ਇਹ ਵੀ ਪ੍ਰਵਾਨ ਹੋਇਆ ਕਿ ਇਸ ਸਾਰੇ ਮਾਮਲੇ ਸਬੰਧੀ ਕਿਉਂਕਿ ਸ੍ਰੀ ਅਕਾਲ ਤਖਤ ਸਾਹਿਬ ਦੀ ਅਗਵਾਈ ਵਿਚ ਡਾ. ਈਸ਼ਰ ਸਿੰਘ ਦੇ ਜਾਂਚ ਕਮਿਸ਼ਨ ਦੀ ਰਿਪੋਰਟ ਅਨੁਸਾਰ ਕਾਰਵਾਈ ਅਮਲ ਵਿਚ ਲਿਆਦੀ ਗਈ ਸੀ, ਇਸ ਲਈ ਸਮੁੱਚਾ ਮਾਮਲਾ ਵਿਚਾਰ ਅਤੇ ਆਦੇਸ਼ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਪਾਸ ਭੇਜਿਆ ਜਾਵੇਗਾ।

ਇਕ ਸਵਾਲ ਦੇ ਜਵਾਬ ਵਿਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ੧੯੯੯ ਵਿਚ ਅੰਗਰੇਜ਼ੀ ਕਿਤਾਬ ਦਾ ਅਨੁਵਾਦ ਕਰਕੇ ਛਾਪੀ 'ਸਿੱਖ ਇਤਿਹਾਸ' ਸਬੰਧੀ ਹਿੰਦੀ ਦੀ ਪੁਸਤਕ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਬੈਨ ਕਰਦਿਆਂ ਵਾਪਸ ਲਿਆ ਜਾ ਚੁੱਕਾ ਹੈ ਅਤੇ ਇਸ ਸਬੰਧੀ ਵੱਖ-ਵੱਖ ਸਮੇਂ 'ਤੇ ਦੋ ਵਾਰ ਅਖ਼ਬਾਰਾਂ ਵਿਚ ਇਸ਼ਤਿਹਾਰ ਵੀ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਬਾਰ-ਬਾਰ ਉਛਾਲਣਾ ਵੀ ਸਿਆਸੀ ਹਿੱਤਾਂ ਦੀ ਪੂਰਤੀ ਲਈ ਹੀ ਹੈ।

ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸੀਨੀ. ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀ. ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਸੁਰਜੀਤ ਸਿੰਘ ਕੰਗ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੇਜਰ ਸਿੰਘ ਢਿੱਲੋਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਡਾ. ਜੰਗ ਬਹਾਦਰ ਸਿੰਘ ਰਾਏ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ: ਸੁਖਮਿੰਦਰ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ, ਇੰਚਾਰਜ ਸ. ਮੇਜਰ ਸਿੰਘ, ਸ. ਅਜ਼ਾਦਦੀਪ ਸਿੰਘ ਆਦਿ ਸ਼ਾਮਲ ਹਨ। ੧੧ ਦਸੰਬਰ

ਬ੍ਰਿਟਿਸ਼ ਕੋਲੰਬੀਆ ਦੀ ਵਿਧਾਨ ਸਭਾ ਦੇ ਸਪੀਕਰ ਸ੍ਰੀ ਰਾਜ ਚੌਹਾਨ ਪਰਿਵਾਰ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ

ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਕੀਤਾ ਸਨਮਾਨਿਤ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ ਬ੍ਰਿਟਿਸ਼ ਕੋਲੰਬੀਆ ਦੀ ਵਿਧਾਨ ਸਭਾ ਦੇ ਸਪੀਕਰ ਸ੍ਰੀ ਰਾਜ ਚੌਹਾਨ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ ਅਤੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸਨਮਾਨਿਤ ਕੀਤਾ।

ਇਸ ਮੌਕੇ ਗੱਲ ਕਰਦਿਆਂ ਸ੍ਰੀ ਰਾਜ ਚੌਹਾਨ ਨੇ ਕਿਹਾ ਕਿ ਉਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਮੌਕੇ ਸ਼ਾਮਲ ਹੋਣ ਲਈ ਸੱਦਾ ਮਿਲਿਆ ਸੀ, ਪਰੰਤੂ ਵਿਧਾਨ ਸਭਾ ਦਾ ਇਜਲਾਸ ਚੱਲ ਰਿਹਾ ਹੋਣ ਕਾਰਨ ਉਹ ਉਸ ਸਮੇਂ ਹਾਜ਼ਰ ਨਹੀਂ ਹੋ ਸਕੇ। ਉਨ੍ਹਾਂ ਕਿਹਾ ਕਿ ਉਹ ਅੱਜ ਆਪਣੇ ਪਰਿਵਾਰ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਅਤੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕਰਨ ਲਈ ਪੁੱਜੇ ਹਨ। ਉਨ੍ਹਾਂ ਕਿਹਾ ਕਿ ਇਹ ਪਾਵਨ ਅਸਥਾਨ ਸਮੁੱਚੀ ਮਾਨਵਤਾ ਲਈ ਅਧਿਆਤਮਕ ਦਾ ਸੋਮਾਂ ਹੈ, ਜਿਥੋਂ ਮਨੁੱਖਤਾ ਨੂੰ ਆਪਸੀ ਭਾਈਚਾਰੇ ਦੀ ਪ੍ਰੇਰਣਾ ਮਿਲਦੀ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਭੇਜੇ ਗਏ ਸੱਦਾ ਪੱਤਰ ਅਤੇ ਮਿਲੇ ਸਨਮਾਨ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਧੰਨਵਾਦ ਕੀਤਾ।

ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੈਨੇਜਰ ਸ. ਜਸਪਾਲ ਸਿੰਘ ਢੱਡੇ, ਸੂਚਨਾ ਅਧਿਕਾਰੀ ਸ. ਰਣਧੀਰ ਸਿੰਘ, ਕੈਨੇਡਾ ਨਿਵਾਸੀ ਸ. ਬਲਬੀਰ ਸਿੰਘ ਚੰਗਿਆੜਾ ਅਤੇ ਸ੍ਰੀ ਰਾਜ ਚੌਹਾਨ ਦੇ ਪਰਿਵਾਰਕ ਮੈਂਬਰ ਭਰਾ ਸ੍ਰੀ ਸੁਰਿੰਦਰਜੀਤ, ਪਤਨੀ ਸ੍ਰੀਮਤੀ ਇੰਦਰ ਚੌਹਾਨ ਅਤੇ ਬੇਟੀ ਅੰਮ੍ਰਿਤਾ ਚੌਹਾਨ ਆਦਿ ਮੌਜੂਦ ਸਨ। ੧੧ ਦਸੰਬਰ

ਨਿਊਜੀਲੈਂਡ ਵਿਚ ਨਗਰ ਕੀਰਤਨ ਦਾ ਵਿਰੋਧ ਵਿਸ਼ਵ ਭਾਈਚਾਰੇ ਦੀ ਸਮਾਜਿਕ ਸਾਂਝ ਨੂੰ ਚੁਣੌਤੀ- ਐਡਵੋਕੇਟ ਧਾਮੀ

ਨਿਊਜੀਲੈਂਡ ਤੇ ਭਾਰਤ ਸਰਕਾਰ ਮਾਮਲੇ ਨੂੰ ਸੰਜੀਦਗੀ ਨਾਲ ਵਿਚਾਰਨ

ਅੰਮ੍ਰਿਤਸਰ-ਸਿੱਖਾਂ ਵੱਲੋਂ ਨਿਊਜੀਲੈਂਡ ਵਿਚ ਸ਼ਾਂਤੀਪੂਰਵਕ ਅਤੇ ਧਾਰਮਿਕ ਮਰਿਆਦਾ ਅਨੁਸਾਰ ਸਜਾਏ ਗਏ ਨਗਰ ਕੀਰਤਨ ਦਾ ਕੁਝ ਸਥਾਨਕ ਲੋਕਾਂ ਵੱਲੋਂ ਵਿਰੋਧ ਕੀਤਾ ਜਾਣਾ ਬੇਹੱਦ ਦੁਖਦਾਈ ਅਤੇ ਚਿੰਤਾਜਨਕ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਮਾਮਲੇ 'ਤੇ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸਿੱਖ ਭਾਈਚਾਰਾ ਸਦਾ ਤੋਂ ਹੀ ਵਿਸ਼ਵ ਭਾਈਚਾਰੇ ਦੀ ਭਲਾਈ, ਸ਼ਾਂਤੀ, ਸਹਿਣਸ਼ੀਲਤਾ ਅਤੇ ਤਰੱਕੀ ਲਈ ਆਪਣਾ ਮਿਸਾਲੀ ਯੋਗਦਾਨ ਪਾਉਂਦਾ ਆ ਰਿਹਾ ਹੈ, ਪਰ ਇਸ ਦੇ ਬਾਵਜੂਦ ਸਿੱਖਾਂ ਦੀਆਂ ਧਾਰਮਿਕ ਰਵਾਇਤਾਂ ਨੂੰ ਨਫ਼ਰਤੀ ਨਜ਼ਰੀਏ ਨਾਲ ਦੇਖਿਆ ਜਾਣਾ ਅਤਿ ਨਿੰਦਣਯੋਗ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਧਰਮ ਦੀ ਬੁਨਿਆਦ ਸਰਬੱਤ ਦਾ ਭਲਾ, ਭਰਾਤਰੀ ਭਾਵ ਅਤੇ ਮਨੁੱਖਤਾ ਦੀ ਸੇਵਾ 'ਤੇ ਟਿਕੀ ਹੋਈ ਹੈ। ਨਗਰ ਕੀਰਤਨ ਸਿੱਖ ਧਰਮ ਦੀ ਇੱਕ ਪਵਿੱਤਰ ਧਾਰਮਿਕ ਪਰੰਪਰਾ ਹੈ ਜੋ ਸਮਾਜ ਵਿਚ ਆਪਸੀ ਸਾਂਝ, ਪਿਆਰ ਅਤੇ ਏਕਤਾ ਦਾ ਸੰਦੇਸ਼ ਦਿੰਦੀ ਹੈ। ਅਜਿਹੇ ਧਾਰਮਿਕ ਸਮਾਗਮਾਂ ਦਾ ਵਿਰੋਧ ਕਰਨਾ ਗੁਰੂ ਸਾਹਿਬਾਨ ਦੇ ਸਰਬ-ਸਾਂਝੇ ਸੰਦੇਸ਼ 'ਤੇ ਸਿੱਧੀ ਸੱਟ

ਹੈ। ਉਨ੍ਹਾਂ ਆਖਿਆ ਕਿ ਦੁਨੀਆ ਭਰ ਦੇ ਵੱਖ-ਵੱਖ ਦੇਸ਼ਾਂ ਵਿਚ ਵੱਸਦਾ ਸਿੱਖ ਭਾਈਚਾਰਾ ਸਦਾ ਹੀ ਸਥਾਨਕ ਲੋਕਾਂ ਨਾਲ ਰਲ ਮਿਲ ਕੇ ਰਹਿੰਦਾ ਹੈ ਅਤੇ ਹਰ ਦੇਸ਼ ਦੇ ਕਾਨੂੰਨਾਂ ਅਤੇ ਸਥਾਨਕ ਸਭਿਆਚਾਰ ਦਾ ਪੂਰਾ ਸਤਿਕਾਰ ਕਰਦਾ ਆਇਆ ਹੈ। ਸਿੱਖ ਸਮਾਗਮਾਂ ਦੌਰਾਨ ਲੰਗਰ ਅਤੇ ਨਿਸ਼ਕਾਮ ਸੇਵਾ ਰਾਹੀਂ ਮਨੁੱਖਤਾ ਦੀ ਭਲਾਈ ਦਾ ਸੁਨੇਹਾ ਦਿੱਤਾ ਜਾਂਦਾ ਹੈ, ਜਿਸ ਨਾਲ ਸਮਾਜਿਕ ਸਾਂਝ ਮਜ਼ਬੂਤ ਹੁੰਦੀ ਹੈ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਨਿਊਜੀਲੈਂਡ ਅਤੇ ਭਾਰਤ ਦੀ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਦਾ ਗੰਭੀਰਤਾ ਨਾਲ ਨੋਟਿਸ ਲੈਣ ਅਤੇ ਸਿੱਖ ਭਾਈਚਾਰੇ ਨੂੰ ਆਪਣੇ ਧਾਰਮਿਕ ਅਧਿਕਾਰਾਂ ਦੇ ਅਨੁਸਾਰ ਸਮਾਗਮ ਕਰਨ ਲਈ ਸੁਰੱਖਿਅਤ ਅਤੇ ਸਹਿਯੋਗੀ ਮਾਹੌਲ ਮੁਹੱਈਆ ਕਰਵਾਉਣ। ਉਨ੍ਹਾਂ ਕਿਹਾ ਕਿ ਧਾਰਮਿਕ ਆਜ਼ਾਦੀ ਅਤੇ ਆਪਸੀ ਸਤਿਕਾਰ ਹੀ ਕਿਸੇ ਵੀ ਬਹੁ-ਸੱਭਿਆਚਾਰਕ ਸਮਾਜ ਦੀ ਅਸਲ ਪਛਾਣ ਹੁੰਦੀ ਹੈ।

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਨਿਊਜੀਲੈਂਡ ਦੇ ਮੋਹਰੀ ਸਿੱਖਾਂ ਨੂੰ ਇਸ ਘਟਨਾ ਸਬੰਧੀ ਉਥੇ ਦੀ ਸਰਕਾਰ ਅਤੇ ਵਿਰੋਧ ਪ੍ਰਦਰਸ਼ਨ ਕਰਨ ਵਾਲੇ ਲੋਕਾਂ ਨਾਲ ਮਿਲ ਬੈਠ ਕੇ ਵਿਚਾਰ ਚਰਚਾ ਕਰਨ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਉਪਦੇਸ਼ਾਂ ਦੀ ਸੇਧ ਵਿਚ ਹੀ ਇਸ ਮਸਲੇ ਨੂੰ ਨਜਿੱਠਣ ਲਈ ਯਤਨ ਕੀਤੇ ਜਾਣ ਅਤੇ ਤਲਖ਼ੀ ਵਾਲ਼ੇ ਮਾਹੌਲ ਤੋਂ ਬਚਿਆ ਜਾਵੇ। ੨੧ ਦਸੰਬਰ

ਦਸਵੇਂ ਪਾਤਸ਼ਾਹ ਜੀ ਦੇ ਵੱਡੇ ਸਾਹਿਬਜ਼ਾਦਿਆਂ ਤੇ ਸ੍ਰੀ ਚਮਕੌਰ ਸਾਹਿਬ ਦੇ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਸਮਾਗਮ

ਅੰਮ੍ਰਿਤਸਰ-ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ ਅਤੇ ਸ੍ਰੀ ਚਮਕੌਰ ਸਾਹਿਬ ਦੇ ਸਮੂਹ ਸ਼ਹੀਦਾਂ ਦੀ ਯਾਦ ਵਿਚ ਅੱਜ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਸਮਾਗਮ ਕਰਵਾਇਆ ਗਿਆ।ਸ਼ਹੀਦਾਂ ਦੀ ਯਾਦ ਵਿੱਚ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਅਰਦਾਸ ਭਾਈ ਬਲਵਿੰਦਰ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਭਾਈ ਵਿਸ਼ਾਲ ਸਿੰਘ ਨੇ ਸਰਵਣ ਕਰਵਾਇਆ। ਇਸ ਉਪਰੰਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀ ਮੁੱਖ ਸਟੇਜ ਉੱਤੇ ਗੁਰਮਤਿ ਸਮਾਗਮ ਚਲਦੇ ਰਹੇ ਜਿਸ ਵਿੱਚ ਕਥਾਵਾਚਕ ਅਤੇ ਕਵੀਸ਼ਰ ਢਾਡੀ ਜਥਿਆਂ ਨੇ ਸੰਗਤ ਨਾਲ ਸ਼ਹੀਦਾਂ ਦਾ ਇਤਿਹਾਸ ਸਾਂਝਾ ਕਰਦਿਆਂ ਸਤਿਕਾਰ ਭੇਟ ਕੀਤਾ।

ਸਮਾਗਮ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਇੰਚਾਰਜ ਸ. ਗੁਰਪ੍ਰੀਤ ਸਿੰਘ ਰੋਡੇ, ਵਧੀਕ ਮੈਨੇਜਰ ਸ. ਗੁਰਤਿੰਦਰਪਾਲ ਸਿੰਘ ਕਾਦੀਆਂ, ਮੀਤ ਮੈਨੇਜਰ ਸ. ਅਜੈ ਸਿੰਘ, ਸ. ਦਿਲਬਾਗ ਸਿੰਘ ਸਮੇਤ ਸਮੂਹ ਸਟਾਫ਼ ਅਤੇ ਸੰਗਤਾਂ ਹਾਜ਼ਰ ਸਨ।

ਐਡਵੋਕੇਟ ਧਾਮੀ ਵੱਲੋਂ ਵੱਡੇ ਸਾਹਿਜ਼ਾਦਿਆਂ ਤੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ- ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦਿਆਂ ਅਤੇ ਸ੍ਰੀ ਚਮਕੌਰ ਸਾਹਿਬ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਜਾਰੀ ਇੱਕ ਬਿਆਨ ਵਿੱਚ ਐਡਵੋਕੇਟ ਧਾਮੀ ਨੇ ਸਾਹਿਬਜ਼ਾਦਿਆਂ ਦੇ ਜੀਵਨ ਤੋਂ ਧਰਮ ਪ੍ਰਤੀ ਦ੍ਰਿੜ੍ਹਤਾ ਅਤੇ ਹੱਕ ਸੱਚ ਨਾਲ ਖੜ੍ਹਣ ਦੀ ਵਚਨਬੱਧਤਾ ਬਾਰੇ ਪ੍ਰੇਰਣਾ ਲੈਣ

ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਾਹਿਬਜ਼ਾਦਿਆਂ ਦਾ ਜੀਵਨ ਇਤਿਹਾਸ ਸਿੱਖ ਨੌਜੁਆਨੀ ਲਈ ਮਾਰਗ ਦਰਸ਼ਨ ਹੈ। ਉਨ੍ਹਾਂ ਕਿਹਾ ਕਿ ਇਤਿਹਾਸ ਅੰਦਰ ਦਰਜ ਇਨ੍ਹਾਂ ਸ਼ਹਾਦਤਾਂ ਦੀ ਗਾਥਾ ਪੜ੍ਹ-ਸੁਣ ਕੇ ਸਿੱਖ ਜਿਸ ਮਾਣ ਦੇ ਸਨਮੁੱਖ ਹੁੰਦੇ ਹਨ, ਉਹ ਆਪਣੇ ਆਪ ਵਿਚ ਲਾਸਾਨੀ ਅਤੇ ਗੌਰਵਮਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸ਼ਹਾਦਤਾਂ ਨੂੰ ਯਾਦ ਕਰਦਿਆਂ ਕੌਮ ਦੀਆਂ ਭਵਿੱਖੀ ਤਰਜੀਹਾਂ ਨਿਰਧਾਰਤ ਕਰਨ ਦੇ ਨਾਲ-ਨਾਲ ਚੜ੍ਹਦੀ ਕਲਾ ਲਈ ਸੰਕਲਪ ਕਰਨਾ ਚਾਹੀਦਾ ਹੈ। ੨੨ ਦਸੰਬਰ

ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਮਾਮਲੇ 'ਚ ਦਖ਼ਲਅੰਦਾਜ਼ੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ- ਐਡਵੋਕੇਟ ਧਾਮੀ

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪੰਜਾਬ ਸਰਕਾਰ ਵੱਲੋਂ ਸਿੱਟ ਬਣਾਏ ਜਾਣ ਨੂੰ ਸਿਆਸੀ ਹਰਕਤ ਦੱਸਿਆ

ਸ੍ਰੀ ਅੰਮ੍ਰਿਤਸਰ-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਮਾਮਲੇ ਵਿੱਚ ਪੰਜਾਬ ਸਰਕਾਰ ਵੱਲੋਂ ਸਿੱਟ (SIT) ਦੀ ਘੋਸ਼ਣਾ ਕਰਨ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਹੈ ਕਿ ਸਰਕਾਰਾਂ ਵੱਲੋਂ ਧਰਮ ਅਤੇ ਧਾਰਮਿਕ ਸੰਸਥਾਵਾਂ ਦੇ ਅੰਦਰੂਨੀ ਪ੍ਰਬੰਧਕੀ ਮਾਮਲਿਆਂ ਵਿੱਚ ਦਖ਼ਲ ਦੇਣਾ ਨਾਂ ਸਿਰਫ਼ ਗੈਰ-ਜ਼ਰੂਰੀ ਹੈ, ਸਗੋਂ ਸਿੱਖ ਰਵਾਇਤਾਂ ਦੇ ਖ਼ਿਲਾਫ਼ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਵੀ ਸਿੱਧੀ ਚੁਣੌਤੀ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਮਾਮਲਿਆਂ ਨੂੰ ਸਿਆਸੀ ਲਾਹੇ ਲਈ ਉਛਾਲਣਾ ਕਿਸੇ ਵੀ ਤਰ੍ਹਾਂ ਕਬੂਲਯੋਗ ਨਹੀਂ।

ਐਡਵੋਕੇਟ ਧਾਮੀ ਨੇ ਸਪੱਸ਼ਟ ਕੀਤਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਇਸ ਮਾਮਲੇ 'ਤੇ ਪਹਿਲਾਂ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਂਚ ਕਮੇਟੀ ਗਠਿਤ ਕੀਤੀ ਗਈ ਸੀ, ਜਿਸ ਨੇ ਪੂਰੀ ਗੰਭੀਰਤਾ ਅਤੇ ਜ਼ਿੰਮੇਵਾਰੀ ਨਾਲ ਪੜਤਾਲ ਕੀਤੀ। ਇਸ ਪੜਤਾਲ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਜਾਰੀ ਹੁਕਮਾਂ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਦੋਸ਼ੀ ਕਰਮਚਾਰੀਆਂ ਖ਼ਿਲਾਫ਼ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਚੁੱਕੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਮਾਮਲੇ ਵਿੱਚ ਕਿਸੇ ਨਾਲ ਵੀ ਰਿਆਇਤ ਨਹੀਂ ਵਰਤੀ ਗਈ ਅਤੇ ਜਾਂਚ ਦੌਰਾਨ ਉਠਾਏ ਗਏ ਸਾਰੇ ਨੁਕਤਿਆਂ ਨੂੰ ਧਿਆਨ ਵਿੱਚ ਰੱਖਦਿਆਂ ਹੀ ਕਾਰਵਾਈ ਕੀਤੀ ਗਈ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਜਾਂਚ ਕਮੇਟੀ ਦੀ ਰਿਪੋਰਟ ਵਿੱਚ ਇਹ ਗੱਲ ਸਪੱਸ਼ਟ ਹੋ ਚੁੱਕੀ ਹੈ ਕਿ ਇਹ ਮਾਮਲਾ ਕੁਝ ਕਰਮਚਾਰੀਆਂ ਵੱਲੋਂ ਕੀਤੀ ਗਈ ਪੈਸਿਆਂ ਦੀ ਹੇਰਾਫੇਰੀ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸਨੂੰ ਜਾਣਬੁੱਝ ਕੇ ਸਿਆਸੀ ਰੰਗ ਦੇਣਾ ਸਿੱਖ ਭਾਵਨਾਵਾਂ ਨਾਲ ਖੇਡਣ ਦੇ ਬਰਾਬਰ ਹੈ, ਜੋ ਕਿਸੇ ਵੀ ਤਰ੍ਹਾਂ ਠੀਕ ਨਹੀਂ। ਅਜਿਹਾ ਕਰਕੇ ਸਰਕਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉੱਚਤਾ ਨੂੰ ਚੁਣੌਤੀ ਦੇ ਰਹੀ ਹੈ।

ਐਡਵੋਕੇਟ ਧਾਮੀ ਨੇ ਦੋਸ਼ ਲਗਾਇਆ ਕਿ ਪੰਜਾਬ ਦੀ ਮੌਜੂਦਾ ਸਰਕਾਰ ਆਪਣੇ ਸਿਆਸੀ ਹਿੱਤਾਂ ਦੀ ਪੂਰਤੀ ਲਈ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾ ਰਹੀ ਹੈ, ਜੋ ਸੂਬੇ ਦੀ ਸ਼ਾਂਤੀ ਅਤੇ ਭਲਾਈ ਲਈ ਠੀਕ ਨਹੀਂ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਦਾ ਸਰਬਉੱਚ ਧਾਰਮਿਕ ਅਸਥਾਨ ਹੈ ਜਿਸ ਦੇ ਫ਼ੈਸਲੇ ਸਿੱਖਾਂ ਲਈ ਅਖੀਰੀ ਅਤੇ ਸਰਵੋਤਮ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਨੁਸਾਰ ਜਦੋਂ ਦੋਸ਼ੀ ਕਰਮਚਾਰੀਆਂ ਖ਼ਿਲਾਫ਼ ਕਾਰਵਾਈ ਹੋ ਚੁੱਕੀ ਹੈ ਤਾਂ ਇਸ ਮਾਮਲੇ 'ਤੇ ਮੁੜ ਮੁੜ ਸਿਆਸਤ ਕਰਨਾ ਕੌਮੀ ਤੌਰ 'ਤੇ ਗੰਭੀਰ ਅਪਰਾਧ ਦੇ ਸਮਾਨ ਹੈ।

ਉਨ੍ਹਾਂ ਸਰਕਾਰ ਨੂੰ ਸਲਾਹ ਦਿੰਦਿਆਂ ਕਿਹਾ ਕਿ ਸਿੱਖ ਭਾਵਨਾਵਾਂ ਨਾਲ ਜੁੜੇ ਮਾਮਲਿਆਂ 'ਚ ਫ਼ੈਸਲੇ ਕਰਨ ਤੋਂ ਪਰਹੇਜ਼ ਕੀਤਾ ਜਾਣਾ ਚਾਹੀਦਾ ਹੈ। ਐਡਵੋਕੇਟ ਧਾਮੀ ਨੇ ਦੁਹਰਾਇਆ ਕਿ ਸ਼੍ਰੋਮਣੀ ਗੁਰਦੁਆਰਾ

ਪ੍ਰਬੰਧਕ ਕਮੇਟੀ ਸਿੱਖ ਕੌਮ ਦੀ ਚੁਣੀ ਹੋਈ ਸਿਰਮੌਰ ਸੰਸਥਾ ਹੈ ਅਤੇ ਇਸ ਦੇ ਅਧਿਕਾਰ ਖੇਤਰ ਵਿੱਚ ਕਿਸੇ ਵੀ ਤਰ੍ਹਾਂ ਦਾ ਦਖ਼ਲ ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ। ੨੨ ਦਸੰਬਰ

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਰਬੀਐਲ ਬੈਂਕ ਵੱਲੋਂ 20 ਐਲਈਡੀ ਕੀਤੀਆਂ ਭੇਟ

ਅੰਮ੍ਰਿਤਸਰ-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਆਰਬੀਐਲ ਬੈਂਕ ਨੇ ੨੦ ਐਲਈਡੀ ਟੀ.ਵੀ. ਭੇਟ ਕੀਤੇ ਹਨ। ਇਹ ਐਲਈਡੀ ਆਰਬੀਐਲ ਬੈਂਕ ਦੇ ਅਧਿਕਾਰੀਆਂ ਨੇ ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਸਕੱਤਰ ਸ. ਪ੍ਰਤਾਪ ਸਿੰਘ ਤੇ ਸ. ਬਲਵਿੰਦਰ ਸਿੰਘ ਕਾਹਲਵਾਂ ਨੂੰ ਸੌਂਪੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਰੋਜ਼ਾਨਾ ਵੱਡੀ ਗਿਣਤੀ ਵਿਚ ਸੰਗਤਾਂ ਨਤਮਸਤਕ ਹੋਣ ਪੁੱਜਦੀਆਂ ਹਨ ਅਤੇ ਗੁਰੂ ਘਰ ਵਿਖੇ ਸ਼ਰਧਾ ਨਾਲ ਭੇਟਾਵਾਂ ਅਰਪਣ ਕਰਦੀਆਂ ਹਨ। ਇਸੇ ਤਰ੍ਹਾਂ ਵੱਖ-ਵੱਖ ਬੈਂਕਾਂ ਵੱਲੋਂ ਵੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਸੇਵਾਵਾਂ ਵਿਚ ਆਪਣੀ ਸਮਰਥਾ ਅਨੁਸਾਰ ਯੋਗਦਾਨ ਪਾਇਆ ਜਾਂਦਾ ਹੈ। ਇਸੇ ਤਹਿਤ ਹੀ ਅੱਜ ਆਰਬੀਐਲ ਬੈਂਕ ਦੇ ਪ੍ਰਬੰਧਕਾਂ ਵੱਲੋਂ ੨੦ ਐਲਈਡੀ ਭੇਟ ਕਰਕੇ ਗੁਰੂ ਘਰ ਪ੍ਰਤੀ ਸ਼ਰਧਾ ਪ੍ਰਗਟਾਈ ਜਾਂਦੀ ਹੈ। ਸ. ਪ੍ਰਤਾਪ ਸਿੰਘ ਨੇ ਆਰਬੀਐਲ ਬੈਂਕ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਵੀ ਕੀਤੀ। ਇਸੇ ਦੌਰਾਨ ਆਰਬੀਐਲ ਦੇ ਬੈਂਕ ਅਧਿਕਾਰੀਆਂ ਨੇ ਕਿਹਾ ਕਿ ਗੁਰੂ ਘਰ ਦੀਆਂ ਸੇਵਾਵਾਂ ਵਿਚ ਹਿੱਸਾ ਪਾਉਣਾ ਉਨ੍ਹਾਂ ਲਈ ਵੱਡੇ ਭਾਗਾਂ ਦੀ ਗੱਲ ਹੈ। ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ ਬੈਂਕ ਵੱਲੋਂ ਜਲਦ ਹੀ ਸੰਗਤਾਂ ਦੀ ਸਹੂਲਤ ਲਈ ਸ਼੍ਰੋਮਣੀ ਕਮੇਟੀ ਨੂੰ ਇਕ ਐਂਬੂਲੈਂਸ ਵੀ ਦਿੱਤੀ ਜਾਵੇਗੀ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਮਨਜੀਤ ਸਿੰਘ ਤਲਵੰਡੀ ਤੇ ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਆਰਬੀਐਲ ਬੈਂਕ ਦੇ ਅਧਿਕਾਰੀ ਸ੍ਰੀ ਨਰਿੰਦਰ ਅਗਰਵਾਲ ਬੀ.ਬੀ.ਆਰ.ਐੱਲ. ਹੈੱਡ, ਸ੍ਰੀ ਸਲਿੰਦਰ ਮਿਸ਼ਰਾ ਪ੍ਰੋਗਰਾਮ ਹੈੱਡ, ਸ੍ਰੀ ਜਗਜੀਤ ਪਾਲ ਏਰੀਆ ਹੈੱਡ ਟਾਸਕ, ਸ੍ਰੀ ਸਰਵਨ ਸ਼ਰਮਾ ਏਰੀਆ ਹੈੱਡ ਅਤੇ ਬ੍ਰਾਂਚ ਮੈਨੇਜਰ ਸ੍ਰੀ ਹਰਸ ਅਗਵਾਲ ਸਮੇਤ ਹੋਰ ਮੌਜੂਦ ਸਨ। ੨੩ ਦਸੰਬਰ

ਪੰਜਾਬ ਸਰਕਾਰ ਵੱਲੋਂ ਸਿਆਸੀ ਹਿੱਤਾਂ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ ਪੰਥ ਕਦੇ ਪ੍ਰਵਾਨ ਨਹੀਂ ਕਰੇਗਾ- ਸ਼੍ਰੋਮਣੀ ਕਮੇਟੀ ਮੈਂਬਰਾਨ

ਅੰਮ੍ਰਿਤਸਰ-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਮਾਮਲੇ ਵਿਚ ਪੰਜਾਬ ਸਰਕਾਰ ਵੱਲੋਂ ਕੀਤੀ ਜਾ ਰਹੀ ਸਿਆਸਤ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ ਹੈ, ਜਿਸ ਨੂੰ ਸਿੱਖ ਪੰਥ ਕਦੇ ਵੀ ਪ੍ਰਵਾਨ ਨਹੀਂ ਕਰੇਗਾ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਸੁਰਜੀਤ ਸਿੰਘ ਭਿੱਟੇਵੱਡ ਅਤੇ ਸ. ਅਮਰਜੀਤ ਸਿੰਘ ਭਲਾਈਪੁਰ ਨੇ ਜਾਰੀ ਇਕ ਬਿਆਨ ਵਿਚ ਕੀਤਾ। ਮੈਂਬਰ ਸਾਹਿਬਾਨ ਨੇ ਕਿਹਾ ਕਿ ਇਸ ਮਾਮਲੇ ਦੀ ਪੜਤਾਲ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬਣਾਈ ਜਾਂਚ ਕਮੇਟੀ ਨੇ ਕੀਤੀ ਸੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਡਾ. ਈਸ਼ਰ ਸਿੰਘ ਦੀ ਰਿਪੋਰਟ ਅਨੁਸਾਰ ਕਾਰਵਾਈ ਕੀਤੀ ਹੈ। ਉਨ੍ਹਾਂ ਕਿਹਾ ਕਿ ਉਸ ਵੇਲੇ ਕੁਝ ਸਿੱਖ ਵਿਦਵਾਨਾਂ ਅਤੇ ਸੰਗਤਾਂ ਨੇ ਸ਼੍ਰੋਮਣੀ ਕਮੇਟੀ ਕੋਲ ਪਹੁੰਚ ਕੀਤੀ ਸੀ ਕਿ ਇਹ ਮਾਮਲਾ ਸ੍ਰੀ ਗੁਰੂ ਗੰਥ ਸਾਹਿਬ ਜੀ ਨਾਲ ਜੁੜਿਆ ਹੋਇਆ ਹੈ ਇਸ ਲਈ ਇਸ ਬਾਰੇ ਕੋਈ ਵੀ ਪੁਲਿਸ ਕਾਰਵਾਈ ਨਾ ਕੀਤੀ ਜਾਵੇ, ਸਗੋਂ ਸ਼੍ਰੋਮਣੀ ਕਮੇਟੀ ਆਪਣੇ ਤੌਰ

'ਤੇ ਕਾਰਵਾਈ ਕਰੇ। ਉਨ੍ਹਾਂ ਕਿਹਾ ਕਿ ਡਾ. ਈਸ਼ਰ ਸਿੰਘ ਦੀ ਜਾਂਚ ਰਿਪੋਰਟ ਵਿਚ ਇਹ ਸਪੱਸ਼ਟ ਹੈ ਕਿ ਇਹ ਮਾਮਲਾ ਕੁਝ ਮੁਲਾਜਮਾਂ ਵੱਲੋਂ ਕੀਤੀ ਪੈਸਿਆਂ ਦੀ ਹੇਰਾਫੇਰੀ ਅਤੇ ਅਣਗਹਿਲੀ ਦਾ ਹੈ, ਇਸ ਨੂੰ ਸਰੂਪ ਗੁੰਮ ਹੋਣ ਅਤੇ ਬੇਅਦਬੀ ਵਜੋਂ ਪ੍ਰਚਾਰ ਕੇ ਸੰਗਤਾਂ ਨੂੰ ਗੁੰਮਰਾਹ ਨਹੀਂ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਉਸ ਵੇਲੇ ਕਾਂਗਰਸ ਪਾਰਟੀ ਦੀ ਸਰਕਾਰ ਸੀ ਅਤੇ ਉਨ੍ਹਾਂ ਵੱਲੋਂ ਸਿਆਸੀ ਮੁਫ਼ਾਦਾਂ ਲਈ ਸ੍ਰੀ ਦਰਬਾਰ ਸਾਹਿਬ ਨੂੰ ਆਉਂਦੇ ਰਸਤੇ 'ਤੇ ਭਾਈ ਬਲਦੇਵ ਸਿੰਘ ਵਡਾਲਾ ਰਾਹੀਂ ਧਰਨਾ ਲਗਾਇਆ ਗਿਆ ਸੀ। ਹੁਣ ਆਪ ਆਦਮੀ ਪਾਰਟੀ ਨਾਲ ਸਬੰਧਤ ਪੰਜਾਬ ਵਿਧਾਨ ਸਭਾ ਦੇ ਸਪੀਕਰ, ਮੰਤਰੀ ਅਤੇ ਵਿਧਾਇਕ ਵੱਲੋਂ ਇਸ ਧਰਨੇ ਵਿਚ ਪਹੁੰਚ ਕੇ ਆਪਣੇ ਸਿਆਸੀ ਲਾਹੇ ਲਈ ਪੁਲਿਸ ਨੂੰ ਐਫਆਈਆਰ ਦਰਜ ਕਰਨ ਲਈ ਕਹਿਣਾ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਿੱਧੀ ਚੁਣੌਤੀ ਹੈ।

ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਬੁਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ ਅਤੇ ਆਪਣੀ ਨਾਕਾਮੀਆਂ ਨੂੰ ਛੁਪਾਉਣ ਲਈ ਸਿੱਖ ਭਾਵਨਾਵਾਂ ਨਾਲ ਖੇਡਣ ਤੋਂ ਗੁਰੇਜ ਨਹੀਂ ਕਰ ਰਹੀ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਨੂੰ ਕਿਹਾ ਕਿ ਬਾਰ-ਬਾਰ ਡਰਾਮੇ ਕਰਕੇ ਲੋਕਾਂ ਦਾ ਧਿਆਨ ਸਰਕਾਰਾਂ ਦੀਆਂ ਨਾਕਾਮੀਆਂ ਤੋਂ ਪਾਸੇ ਨਹੀਂ ਕੀਤਾ ਜਾ ਸਕਦਾ, ਇਸ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਹੋਈ ਕਾਰਵਾਈ ਤੋਂ ਬਾਅਦ ਇਸ ਮਾਮਲੇ ਵਿਚ ਕਿਸੇ ਤਰ੍ਹਾਂ ਦੀ ਦਖ਼ਲਅੰਦਾਜ਼ੀ ਨਾ ਕੀਤੀ ਜਾਵੇ। ਉਨ੍ਹਾਂ ਪ੍ਰਸ਼ਾਸਨਿਕ ਅਧਿਅਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੇ ਸਿਆਸੀ ਹਿੱਤਾਂ ਲਈ ਅਜਿਹੀ ਕਿਸੇ ਵੀ ਕਾਰਵਾਈ ਲਈ ਭਾਗੀਦਾਰ ਨਾ ਬਣਨ। ੨੪ ਦਸੰਬਰ

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਨਗਰ ਕੀਰਤਨ

ਅੰਮ੍ਰਿਤਸਰ-ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਗਏ ਨਗਰ ਕੀਰਤਨ ਦੀ ਆਰੰਭਤਾ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨ ਪਰਵਿੰਦਰਪਾਲ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ। ਇਸ ਮੌਕੇ ਗੱਤਕਾ ਪਾਰਟੀਆਂ ਨੇ ਹਾਜ਼ਰੀ ਭਰੀ ਅਤੇ ਸ਼ਬਦੀ ਜਥਿਆਂ ਨੇ ਗੁਰੂ ਸਾਹਿਬ ਜੀ ਦੀ ਉਸਤਤ ਵਿਚ ਗੁਰੂ ਜਸ ਗਾਇਨ ਕੀਤਾ। ਇਸ ਮੌਕੇ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਦਸਮ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਸੰਗਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਦੁਨੀਆ ਦੇ ਧਾਰਮਿਕ ਇਤਿਹਾਸ ਅੰਦਰ ਸ੍ਰੀ ਗੁਰੂ ਗੋਬਿੰਦ ਸਿੰਘ ਦਾ ਜੀਵਨ ਲਾਸਾਨੀ ਅਤੇ ਪ੍ਰੇਰਣਾਦਾਇਕ ਹੈ। ਉਨ੍ਹਾਂ ਸੰਗਤ ਨੂੰ ਗੁਰੂ ਸਾਹਿਬ ਵੱਲੋਂ ਬਖ਼ਸ਼ੀ ਖੰਡੇ ਬਾਟੇ ਦੀ ਦਾਤ ਪ੍ਰਾਪਤ ਕਰ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਣਾ ਕੀਤੀ।

ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਣ ਮਗਰੋਂ ਨਗਰ ਕੀਰਤਨ ਦਾ ਪਲਾਜ਼ਾ ਘੰਟਾ ਘਰ, ਬਜ਼ਾਰ ਮਾਈ ਸੇਵਾਂ, ਬਜ਼ਾਰ ਕਾਠੀਆਂ, ਬਜ਼ਾਰ ਪਾਪੜਾਂ, ਬਜ਼ਾਰ ਬਾਂਸਾਂ, ਚੌਂਕ ਛੱਤੀ ਖੂਹੀ, ਚਾਵਲ ਮੰਡੀ, ਦਾਲ ਮੰਡੀ, ਢਾਬ ਵਸਤੀ ਰਾਮ, ਜੌੜਾ ਪਿੱਪਲ, ਬਜ਼ਾਰ ਲੁਹਾਰਾ, ਚੌਂਕ ਲਛਮਣਸਰ, ਚੌਂਕ ਬਾਬਾ ਸਾਹਿਬ, ਚੌਂਕ ਪਰਾਗਦਾਸ ਆਦਿ ਥਾਵਾਂ 'ਤੇ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਨਗਰ ਕੀਰਤਨ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਭਲਾਈਪੁਰ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਵਧੀਕ

ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਜਸਵਿੰਦਰ ਸਿੰਘ ਜੱਸੀ, ਸ. ਮਨਜੀਤ ਸਿੰਘ ਤਲਵੰਡੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਨਰਿੰਦਰ ਸਿੰਘ, ਸੁਪ੍ਰਿੰਟੈਂਡੈਂਟ ਪ੍ਰਚਾਰ ਸ. ਮਲਕੀਤ ਸਿੰਘ ਬਹਿੜਵਾਲ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਬਿਕਰਮਜੀਤ ਸਿੰਘ ਝੰਗੀ, ਸ. ਬਲਵਿੰਦਰ ਸਿੰਘ, ਸੂਚਨਾ ਅਧਿਕਾਰੀ ਸ. ਰਣਧੀਰ ਸਿੰਘ, ਸ. ਅੰਮ੍ਰਿਤਪਾਲ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ੨੬ ਦਸੰਬਰ

ਸ਼ਹੀਦੀ ਸਭਾ ਦੌਰਾਨ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਲੱਖਾਂ ਸੰਗਤਾਂ ਹੋਈਆਂ ਨਤਮਸਤਕ

ਸ੍ਰੀ ਫਤਹਿਗੜ੍ਹ ਸਾਹਿਬ-ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਅਤੇ ਮਾਤਾ ਗੁਜਰੀ ਜੀ ਦੀ ਸ਼ਹੀਦੀ ਸਭਾ ਦੇ ਦੂਜੇ ਦਿਨ ਦੇਸ਼-ਵਿਦੇਸ਼ ਤੋਂ ਪਹੁੰਚੀਆਂ ਲੱਖਾਂ ਸੰਗਤਾਂ ਨੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ, ਗੁਰਦੁਆਰਾ ਸਾਹਿਬ ਠੰਢਾ ਬੁਰਜ ਤੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਗੁਰਦੁਆਰਾ ਸਾਹਿਬ ਦੇ ਮੁੱਖ ਦਰਬਾਰ ਵਿਖੇ ਅੰਮ੍ਰਿਤ ਵੇਲੇ ਆਸਾ ਦੀ ਵਾਰ ਦੇ ਕੀਰਤਨ ਉਪਰੰਤ ਹੈੱਡ ਗ੍ਰੰਥੀ ਗਿਆਨੀ ਹਰਪਾਲ ਸਿੰਘ ਨੇ ਸਾਹਿਬਜ਼ਾਦਿਆਂ ਦੇ ਇਤਿਹਾਸ ਦੀ ਲੜੀਵਾਰ ਕਥਾ ਕੀਤੀ ਅਤੇ ਸਾਰਾ ਦਿਨ ਗੁਰਬਾਣੀ ਕੀਰਤਨ ਦਾ ਪ੍ਰਵਾਹ ਚੱਲਦਾ ਰਿਹਾ। ਇਸ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਟੋਡਰ ਮੱਲ ਦੀਵਾਨ ਹਾਲ ਅਤੇ ਗੁਰਦੁਆਰਾ ਸਾਹਿਬ ਦੇ ਬਿਲਕੁਲ ਸਾਹਮਣੇ ਬਾਹਰਵਾਰ ਖੁੱਲ੍ਹੇ ਪੰਡਾਲ ਵਿਚ ਧਾਰਮਿਕ ਦੀਵਾਨ ਵੀ ਸਜਾਏ ਗਏ, ਜਿਨ੍ਹਾਂ ਵਿਚ ਪੰਥ ਪ੍ਰਸਿੱਧ ਕਥਾਵਾਚਕ, ਢਾਡੀ ਅਤੇ ਕਵੀਸ਼ਰੀ ਜੱਥਿਆਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦਾ ਜੀਵਨ ਇਤਿਹਾਸ ਸੰਗਤਾਂ ਨੂੰ ਸਰਵਣ ਕਰਵਾਇਆ। ਇਸੇ ਦੌਰਾਨ ਕਵੀ ਦਰਬਾਰ ਸਮੇਂ ਪੰਥ ਪ੍ਰਸਿੱਧ ਕਵੀਆਂ ਨੇ ਸਾਹਿਬਜ਼ਾਦਿਆਂ ਦੇ ਜੀਵਨ ਅਤੇ ਸ਼ਹਾਦਤ ਨਾਲ ਸਬੰਧਤ ਕਵਿਤਾਵਾਂ ਰਾਹੀਂ ਹਾਜ਼ਰੀ ਭਰੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਲਈ ਵਿਸ਼ਾਲ ਪੱਧਰ 'ਤੇ ਲੰਗਰ, ਮੈਡੀਕਲ ਸਹੂਲਤ, ਰਿਹਾਇਸ਼, ਧਾਰਮਿਕ ਸਾਹਿਤ ਪ੍ਰਦਰਸ਼ਨੀਆਂ, ਜੋੜਾ ਘਰ, ਗੱਠੜੀ ਘਰ ਆਦਿ ਦੇ ਪ੍ਰਬੰਧ ਕੀਤੇ ਗਏ। ਸੰਗਤਾਂ ਤੇ ਸੇਵਾ ਸੁਸਾਇਟੀਆਂ ਵੱਲੋਂ ਵੀ ਵੱਡੀ ਪੱਧਰ 'ਤੇ ਸੰਗਤ ਦੀ ਸੇਵਾ ਲਈ ਵੱਖ-ਵੱਖ ਤਰ੍ਹਾਂ ਦੇ ਪ੍ਰਬੰਧ ਕੀਤੇ ਗਏ ਸਨ।

ਸ਼ਹੀਦੀ ਸਭਾ ਦੌਰਾਨ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਤੋਂ ਇਲਾਵਾ ਵੱਖ-ਵੱਖ ਧਾਰਮਿਕ, ਰਾਜਸੀ ਤੇ ਸਮਾਜਿਕ ਸ਼ਖ਼ਸੀਅਤਾਂ ਨੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਹਾਜ਼ਰੀ ਭਰ ਕੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ।

ਜਿਕਰਯੋਗ ਹੈ ਕਿ ੨੭ ਦਸੰਬਰ ਨੂੰ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸਵੇਰ ਸਮੇਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ, ਜਿਸ ਮਗਰੋਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਸਵੇਰੇ ੯:੦੦ ਵਜੇ ਨਗਰ ਕੀਰਤਨ ਆਰੰਭ ਹੋਵੇਗਾ, ਜਿਸ ਦੀ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਕੀਰਤਨ ਸੋਹਲੇ ਦੇ ਪਾਠ ਨਾਲ ਸਮਾਪਤੀ ਹੋਵੇਗੀ। ੨੭ ਦਸੰਬਰ ਨੂੰ ਦੁਪਹਿਰ ੧੨:੦੦ ਵਜੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਵਿਸ਼ੇਸ਼ ਤੌਰ 'ਤੇ ਅੰਮ੍ਰਿਤ ਸੰਚਾਰ ਸਮਾਗਮ ਵੀ ਹੋਵੇਗਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਅਵਤਾਰ ਸਿੰਘ ਰਿਆ,

ਬਾਬਾ ਗੁਰਪ੍ਰੀਤ ਸਿੰਘ, ਸ. ਕਰਨੈਲ ਸਿੰਘ ਪੰਜੋਲੀ, ਸ. ਹਰਪਾਲ ਸਿੰਘ ਜੱਲਾ, ਸ. ਮਲਕੀਤ ਸਿੰਘ ਚੰਗਾਲ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ, ਇੰਚਾਰਜ ਸ. ਸਿਮਰਨਜੀਤ ਸਿੰਘ ਕੰਗ, ਚੀਫ ਸ. ਜਗਦੀਸ਼ ਸਿੰਘ ਬੁੱਟਰ, ਮੈਨੇਜਰ ਸ. ਗੁਰਿੰਦਰ ਸਿੰਘ ਦੇਵੀਦਾਸਪੁਰ, ਵਧੀਕ ਮੈਨੇਜਰ ਸ. ਬਲਵਿੰਦਰ ਸਿੰਘ, ਸ. ਗੁਰਇਕਬਾਲ ਸਿੰਘ ਮਾਨ, ਸ. ਹਰਮਨਜੀਤ ਸਿੰਘ ਸਮੇਤ ਲੱਖਾਂ ਦੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ੨੬ ਦਸੰਬਰ

ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੀ ਯਾਦ ਵਿਚ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਸਜਾਇਆ ਸ਼ਹੀਦੀ ਨਗਰ ਕੀਰਤਨ

ਸ੍ਰੀ ਫ਼ਤਹਿਗੜ੍ਹ ਸਾਹਿਬ-ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫਤਹਿ ਸਿੰਘ ਜੀ ਤੇ ਸਤਿਕਾਰਯੋਗ ਮਾਤਾ ਗੁਜਰ ਕੌਰ ਜੀ ਦੀ ਸ਼ਹਾਦਤ ਨੂੰ ਸਮਰਪਿਤ ਸਲਾਨਾ ਸ਼ਹੀਦੀ ਸਭਾ ਦੌਰਾਨ ਅੱਜ ਲੱਖਾਂ ਸੰਗਤਾਂ ਨੇ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਜਥੇਬੰਦੀਆਂ, ਧਾਰਮਿਕ ਸਭਾ ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਪੁਰਾਤਨ ਪਰੰਪਰਾ ਅਨੁਸਾਰ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਜਪੁਜੀ ਸਾਹਿਬ ਦੇ ਪਾਠ ਮਗਰੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਪਹੁੰਚ ਕੇ ਕੀਰਤਨ ਸੋਹਿਲੇ ਦੇ ਪਾਠ ਉਪਰੰਤ ਅਰਦਾਸ ਨਾਲ ਸੰਪੂਰਨ ਹੋਇਆ। ਨਗਰ ਕੀਰਤਨ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ੯੬ਵੇਂ ਕਰੋੜੀ, ਤਰਨਾ ਦਲ ਹਰੀਆਂ ਵੇਲਾਂ ਦੇ ਮੁਖੀ ਬਾਬਾ ਨਿਹਾਲ ਸਿੰਘ, ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਸਮੇਤ ਵੱਡੀ ਗਿਣਤੀ ਵਿਚ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕਰਕੇ ਸਾਹਿਬਜ਼ਾਦਿਆਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ।

ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਆਸਾ ਦੀ ਵਾਰ ਦਾ ਕੀਰਤਨ ਹੋਇਆ ਅਤੇ ਮੁੱਖ ਗ੍ਰੰਥੀ ਗਿਆਨੀ ਹਰਪਾਲ ਸਿੰਘ ਨੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੇ ਜੀਵਨ ਇਤਿਹਾਸ ਸਬੰਧੀ ਵਿਚਾਰ ਕੀਤੀ। ਇਸ ਦੌਰਾਨ ਸੰਗਤੀ ਰੂਪ ਵਿਚ ਜਪੁ ਜੀ ਸਾਹਿਬ ਦੇ ਪਾਠ ਮਗਰੋਂ ਗਿਆਨੀ ਹਰਪਾਲ ਸਿੰਘ ਨੇ ਅਰਦਾਸ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸਰਵਣ ਕਰਵਾਇਆ। ਇਸ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜ ਪਿਆਰਿਆਂ ਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਭੇਟ ਕੀਤੇ।

ਨਗਰ ਕੀਰਤਨ ਵਿਚ ਵੱਖ-ਵੱਖ ਗੱਤਕਾ ਅਖਾੜਿਆਂ ਨੇ ਸਿੱਖ ਮਾਰਸ਼ਲ ਆਰਟ ਗਤਕਾ ਦੇ ਜੰਗਜੂ ਜੌਹਰ ਦਿਖਾਉਂਦਿਆਂ ਸਾਹਿਬਜ਼ਾਦਿਆਂ ਨੂੰ ਸਤਿਕਾਰ ਭੇਟ ਕੀਤਾ ਅਤੇ ਵੱਡੀ ਗਿਣਤੀ ਵਿਚ ਸਕੂਲੀ ਵਿਦਿਆਰਥੀਆਂ ਨੇ ਵੀ ਸ਼ਮੂਲੀਅਤ ਕੀਤੀ। ਨਗਰ ਕੀਰਤਨ ਦੇ ਸਾਰੇ ਰਸਤੇ ਸੰਗਤਾਂ ਅਤੇ ਸਭਾ-

ਸੁਸਾਇਟੀਆਂ ਵੱਲੋਂ ਜਿਥੇ ਭਰਵਾਂ ਸਵਾਗਤ ਕੀਤਾ ਗਿਆ, ਉਥੇ ਹੀ ਵੱਖ-ਵੱਖ ਤਰ੍ਹਾਂ ਦੇ ਲੰਗਰ ਵੀ ਲਗਾਏ ਗਏ। ਨਗਰ ਕੀਰਤਨ ਦੌਰਾਨ ਜਿੱਥੇ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਉਥੇ ਸੰਗਤੀ ਰੂਪ ਵਿਚ ਗੁਰਮੰਤਰ ਤੇ ਮੂਲਮੰਤਰ ਦਾ ਜਾਪ ਕਰਕੇ ਸ਼ਹੀਦਾਂ ਨੂੰ ਸਤਿਕਾਰ ਭੇਟ ਕੀਤਾ ਗਿਆ।

ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਉਪਰੰਤ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਨਗਰ ਕੀਰਤਨ ਆਰੰਭ ਹੋਇਆ, ਜਿਸ ਦੀ ਸਮਾਪਤੀ ਸਮੇਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸਜਾਏ ਗਏ ਗੁਰਮਤਿ ਸਮਾਗਮ ਵਿਚ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਸੋਹਿਲਾ ਸਾਹਿਬ ਦਾ ਪਾਠ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਕੀਤਾ ਅਤੇ ਸਮਾਪਤੀ ਦੀ ਅਰਦਾਸ ਗਿਆਨੀ ਹਰਪਾਲ ਸਿੰਘ ਨੇ ਕੀਤੀ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੰਬੋਧਨ ਕਰਦਿਆਂ ਨੌਜਵਾਨਾਂ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਪ੍ਰੇਰਨਾ ਲੈ ਕੇ ਸਾਬਤ ਸੂਰਤ ਅਤੇ ਬਾਣੀ ਬਾਣੇ ਦੇ ਧਾਰਨੀ ਹੋਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਹਕੂਮਤ ਸਮਝਦੀ ਸੀ ਕਿ ਸਹਿਬਜ਼ਾਦਿਆਂ ਨੂੰ ਸ਼ਹੀਦ ਕਰਕੇ ਸਿੱਖੀ ਦੀ ਗੱਲ ਮੁਕ ਗਈ ਪਰ ਉਹ ਇਹ ਨਹੀਂ ਸਮਝੇ ਕਿ ਸਰੀਰਾਂ ਨੂੰ ਤਾਂ ਖ਼ਤਮ ਕੀਤਾ ਜਾ ਸਕਦਾ, ਪਰ ਸਿੱਖੀ ਸੋਚ ਨੂੰ ਨਹੀਂ। ਖਾਲਸਾ ਪੰਥ ਦੇ ਇਹ ਵੱਡੇ ਇਕੱਠ ਦਰਸਾਉਂਦੇ ਹਨ ਕਿ ਸਾਹਿਬਜ਼ਾਦਿਆਂ ਪ੍ਰਤੀ ਸਿੱਖਾਂ ਦੇ ਮਨਾਂ ਅੰਦਰ ਕਿੱਡਾ ਸਤਿਕਾਰ ਹੈ। ਉਨ੍ਹਾਂ ਕਿਹਾ ਕਿ ਹਕੂਮਤਾਂ ਹਮੇਸ਼ਾ ਹੀ ਸਿੱਖੀ ਨੂੰ ਜ਼ਜ਼ਬ ਕਰਨ ਦੀ ਲਾਲਸਾ ਰਖਦੀਆਂ ਰਹੀਆਂ ਹਨ, ਪ੍ਰੰਤੂ ਪੰਥ ਹਮੇਸ਼ਾ ਚੜ੍ਹਦੀ ਕਲਾ ਵਿਚ ਰਿਹਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰੇ ਗੁਰਧਾਮ ਸਿੱਖ ਦੀ ਆਸਥਾ ਦਾ ਕੇਂਦਰ ਹਨ ਜਿਨ੍ਹਾਂ ਦਾ ਪ੍ਰਬੰਧ ਹਮੇਸ਼ਾ ਪੰਥ ਕੋਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਥ ਆਪਣੇ ਫੈਸਲੇ ਹਮੇਸ਼ਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਕਰਦਾ ਰਿਹਾ ਹੈ ਅਤੇ ਕਰਦਾ ਰਹੇਗਾ। ਉਨ੍ਹਾਂ ਸਮੁੱਚੇ ਪੰਥ ਨੂੰ ਹਕੂਮਤਾਂ ਵੱਲੋਂ ਕੀਤੀ ਜਾ ਰਹੀ ਦਖ਼ਲਅੰਦਾਜ਼ੀ ਪ੍ਰਤੀ ਸੁਚੇਤ ਰਹਿਣ ਦੀ ਅਪੀਲ ਕੀਤੀ। ਜਥੇਦਾਰ ਗਿਆਨੀ ਕੁਲਦੀਪ ਸਿੰਘ ਨੇ ਕਿਹਾ ਕਿ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਹਨ ਕਿ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜਿਆਂ ਮੌਕੇ ਪੂਰੇ ਪੰਜਾਬ ਅੰਦਰ ਨਸਾ ਬੰਦੀ ਹੋਏ। ਉਨ੍ਹਾਂ ਸਰਕਾਰ ਨੂੰ ਵੀ ਸੰਗਤਾਂ ਦੀਆਂ ਭਾਵਨਾਵਾਂ ਸਮਝਣ ਲਈ ਆਖਿਆ।

ਨਗਰ ਕੀਰਤਨ ਦੌਰਾਨ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਦਲਜੀਤ ਸਿੰਘ ਭਿੰਡਰ, ਸ. ਬਲਦੇਵ ਸਿੰਘ ਕਾਇਮਪੁਰ, ਮੈਂਬਰ ਸ. ਅਵਤਾਰ ਸਿੰਘ ਰਿਆ, ਬਾਬਾ ਗੁਰਪ੍ਰੀਤ ਸਿੰਘ ਰੰਧਾਵੇ ਵਾਲੇ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਜਥੇਦਾਰ ਕਰਨੈਲ ਸਿੰਘ ਪੰਜੋਲੀ, ਸ. ਕੇਵਲ ਸਿੰਘ ਬਾਦਲ, ਸ. ਹਰਪਾਲ ਸਿੰਘ ਜੱਲ੍ਹਾ, ਸ. ਅਜਮੇਰ ਸਿੰਘ ਖੇੜਾ, ਸ. ਸਤਵਿੰਦਰ ਸਿੰਘ ਟੌਹੜਾ, ਸ. ਅੰਮ੍ਰਿਤਪਾਲ ਸਿੰਘ ਕੁਲਾਰ, ਸਾਬਕਾ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਸਵਿੰਦਰ ਸਿੰਘ, ਬਾਬਾ ਹਰੀ ਸਿੰਘ ਰੰਧਾਵੇ ਵਾਲੇ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਯੂਥ ਅਕਾਲੀ ਦਲ ਦੇ ਪ੍ਰਧਾਨ ਸ. ਸਰਬਜੀਤ ਸਿੰਘ ਝਿੰਜਰ, ਮੈਂਬਰ ਪਾਰਲੀਮੈਂਟ ਸ. ਅਮਰ ਸਿੰਘ, ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ, ਬਾਬਾ ਸੁਖਦੇਵ ਸਿੰਘ ਬੁਲਾਰਾ ਦਮਦਮੀ ਟਕਸਾਲ, ਗਿਆਨੀ ਪ੍ਰਣਾਮ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਬਾਬਾ ਗੁਰਦੇਵ ਸਿੰਘ, ਸਾਬਕਾ ਸਕੱਤਰ ਸ. ਦਿਲਮੇਘ ਸਿੰਘ, ਸ. ਅਵਤਾਰ ਸਿੰਘ ਸੈਂਪਲਾ, ਇੰਚਾਰਜ ਸ. ਸਿਮਰਜੀਤ ਸਿੰਘ ਕੰਗ, ਚੀਫ ਸ. ਜਗਦੀਸ਼ ਸਿੰਘ ਬੁੱਟਰ, ਮੈਨੇਜਰ ਸ. ਗੁਰਦੀਪ ਸਿੰਘ ਕੰਗ, ਸ. ਮਲਕੀਤ ਸਿੰਘ, ਸ. ਨਰਿੰਦਰਜੀਤ ਸਿੰਘ ਭਵਾਨੀਗੜ੍ਹ, ਸ. ਰਾਜਿੰਦਰਪਾਲ ਸਿੰਘ ਟੌਹੜਾ, ਸ. ਗੁਰਪ੍ਰੀਤ ਸਿੰਘ ਮੱਲੇਵਾਲ, ਸ. ਅਵਤਾਰ ਸਿੰਘ ਆਦਿ ਹਾਜ਼ਰ ਸਨ। ੨੭ ਦਸੰਬਰ

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਸਿੱਖ ਮਿਸ਼ਨ ਹਾਪੁੜ ਵੱਲੋਂ ਕਰਵਾਇਆ ਗਿਆ ਗੁਰਮਤਿ ਸਮਾਗਮ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਕਾਰਜਸ਼ੀਲ ਸਿੱਖ ਮਿਸ਼ਨ ਹਾਪੁੜ, ਉੱਤਰ ਪ੍ਰਦੇਸ਼ ਵੱਲੋਂ ਸਮੂਹ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ, ਚੋਪਲਾ, ਹਾਪੁੜ ਵਿਖੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਗੁਰਪੁਰਬ ਬੜੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਲੋਂ ਓਐਸਡੀ ਸ. ਸਤਬੀਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਅਤੇ ਹਾਪੁੜ ਦੇ ਜਿਲ੍ਹਾ ਜੱਜ ਸ. ਗੁਰਪ੍ਰੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।

ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਕਮਿੰਦਰ ਸਿੰਘ ਅਤੇ ਭਾਈ ਇੰਦਰਜੀਤ ਸਿੰਘ ਦੇ ਰਾਗੀ ਜਥਿਆਂ ਨੇ ਇਲਾਹੀ ਗੁਰਬਾਣੀ ਦਾ ਕੀਰਤਨ ਕੀਤਾ ਅਤੇ ਧਰਮ ਪ੍ਰਚਾਰ ਕਮੇਟੀ ਦੇ ਢਾਡੀ ਭਾਈ ਗੁਰਪ੍ਰੀਤ ਸਿੰਘ ਭੰਗੂ ਦੇ ਜਥੇ ਨੇ ਗੁਰ-ਇਤਿਹਾਸ ਸਰਵਣ ਕਰਵਾਇਆ। ਕਥਾਵਾਚਕ ਭਾਈ ਹਰਮਨਜੀਤ ਸਿੰਘ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਇਤਿਹਾਸ ਅਤੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਦੀ ਗਾਥਾ ਦੀ ਸੰਗਤਾਂ ਨਾਲ ਸਾਂਝੀ ਕੀਤੀ।ਇਸ ਮੌਕੇ ਸਿੱਖ ਮਿਸ਼ਨ ਹਾਪੁੜ ਦੇ ਇੰਚਾਰਜ ਸ. ਬ੍ਰਿਜਪਾਲ ਸਿੰਘ ਦੀ ਪ੍ਰੇਰਨਾ ਨਾਲ ਐਸ ਦੇ ਐਸ ਮੋਟਰਜ਼ ਦੇ ਮਾਲਕ ਸ. ਧਿਆਨ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਭੇਟ ਕੀਤੀ ਗੱਡੀ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਸਾਹਿਬ ਦੀ ਪਾਲਕੀ ਸਾਹਿਬ ਲਈ ਤਿਆਰ ਕਰਕੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ (ਯੂ.ਪੀ. ਸਿੱਖ ਮਿਸ਼ਨ, ਹਾਪੁੜ) ਨੂੰ ਸੌਂਪੀ ਗਈ। ਇਸ ਪਾਲਕੀ ਸਾਹਿਬ ਨੂੰ ਤਿਆਰ ਕਰਨ ਦੀ ਸੇਵਾ ਸ. ਬੰਤਾ ਸਿੰਘ ਦੇ ਪਰਿਵਾਰ ਨੇ ਸਮੂਹ ਸੰਗਤ ਦੇ ਸਹਿਯੋਗ ਨਾਲ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਅਧਿਕਾਰੀ ਸ. ਪਰਵਿੰਦਰ ਸਿੰਘ ਡੰਡੀ, ਸਿੱਖ ਮਿਸ਼ਨ ਹਾਪੁੜ ਦੇ ਇੰਚਾਰਜ ਸ. ਬ੍ਰਿਜਪਾਲ ਸਿੰਘ, ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਦੇ ਹੈੱਡ ਗ੍ਰੰਥੀ ਗਿਆਨੀ ਪ੍ਰਭਦਿਆਲ ਸਿੰਘ, ਗੁ. ਇੰਸਪੈਕਟਰ ਸ. ਬਲਜਿੰਦਰ ਸਿੰਘ, ਸ. ਹਰਵਿੰਦਰ ਸਿੰਘ, ਸ. ਬੂਟਾ ਸਿੰਘ, ਸ. ਕਰਮ ਸਿੰਘ, ਸ. ਬਲਬੀਰ ਸਿੰਘ, ਸ. ਸਿਮਰਜੀਤ ਸਿੰਘ, ਸ. ਇਕਬਾਲ ਸਿੰਘ, ਸ. ਹਰਜੀਤ ਸਿੰਘ, ਸ. ਰਣਜੋਧ ਸਿੰਘ, ਸ. ਦਲਜੀਤ ਸਿੰਘ, ਸ. ਖੇਮ ਸਿੰਘ, ਸ. ਕਾਹਨ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ੨੯ ਦਸੰਬਰ

ਸ੍ਰੀ ਦਰਬਾਰ ਸਾਹਿਬ ਦੀਆਂ ਪਰਕਰਮਾਂ ਵਿਚ ਲੱਗੇ ਪੁਰਾਤਨ ਖੰਭੇ ਨੂੰ ਰਿਪੇਅਰ ਕਰਕੇ ਜਲਦ ਹੀ ਮੁੜ ਸਥਾਪਤ ਕੀਤਾ ਜਾਵੇਗਾ- ਮੈਨੇਜਰ ਸ. ਧੰਗੇੜਾ

ਅੰਮ੍ਰਿਤਸਰ-ਸ੍ਰੀ ਦਰਬਾਰ ਸਾਹਿਬ ਦੀਆਂ ਪਰਕਰਮਾਂ ਵਿਚ ਲੱਗੇ ਪੁਰਾਤਨ ਖੰਭਿਆਂ 'ਚੋਂ ਨੁਕਸਾਨੇ ਗਏ ਇਕ ਖੰਭੇ ਨੂੰ ਰਿਪੇਅਰ ਲਈ ਉਤਾਰੇ ਜਾਣ ਮਗਰੋਂ ਸੋਸ਼ਲ ਮੀਡੀਆ 'ਤੇ ਹੋ ਰਹੇ ਗੁੰਮਰਾਹਕੁੰਨ ਪ੍ਰਚਾਰ ਬਾਰੇ ਪ੍ਰਤੀਕਿਰਿਆ ਦਿੰਦਿਆਂ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਨੇ ਕਿਹਾ ਕਿ ਇਹ ਸੰਗਤਾਂ ਦੀ ਸੁਰੱਖਿਆ ਦੇ ਮੱਦੇਨਜ਼ਰ ਰਿਪੇਅਰ ਲਈ ਉਤਾਰਿਆ ਗਿਆ ਹੈ। ਸ. ਧੰਗੇੜਾ ਨੇ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਦੀ ਪਰਕਰਮਾਂ ਵਿਚ ਸਥਿਤ ਫਰੀਦਕੋਟ ਰਿਆਸਤ ਵੱਲੋਂ ਬਿਜਲੀ ਸਪਲਾਈ ਲਈ ਲਗਾਏ ਗਏ ਖੰਭਿਆਂ ਵਿੱਚੋਂ ਤਿੰਨ ਖੰਭੇ ਮੌਜੂਦ ਹਨ, ਜਿਨ੍ਹਾਂ ਵਿੱਚੋਂ ਬੁੰਗਾ ਰਾਮਗੜ੍ਹੀਆ ਵਾਲੇ ਪਾਸੇ ਸਥਿਤ ਇਹ ਖੰਭਾ ਨੁਕਸਾਨਿਆ ਗਿਆ ਸੀ, ਜੋ ਇਸ ਵੇਲੇ ਪਾਈਪਾਂ ਅਤੇ ਤਾਰਾਂ ਦੇ ਸਹਾਰੇ ਖੜ੍ਹਾ ਸੀ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੱਡੀ ਗਿਣਤੀ ਵਿਚ ਪੁੱਜਦੀਆਂ ਸੰਗਤਾਂ ਨੂੰ ਕਿਸੇ ਕਿਸਮ ਦਾ ਨੁਕਸਾਨ ਨਾ ਪਹੁੰਚੇ, ਇਸ ਲਈ ਇਹ ਖੰਭਾ ਰਿਪੇਅਰ ਲਈ ਉਤਾਰਿਆ ਗਿਆ ਹੈ। ਸ.

ਧੰਗੇੜਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਹਮੇਸ਼ਾ ਯਤਨ ਰਿਹਾ ਹੈ ਕਿ ਵਿਰਾਸਤੀ ਨਿਸ਼ਾਨੀਆਂ ਨੂੰ ਹੂਬਹੂ ਰੂਪ ਵਿਚ ਸੰਭਾਲਿਆ ਜਾਵੇ। ਇਸ ਖੰਭੇ ਦੀ ਰਿਪੇਅਰ ਕਰਕੇ ਇਸੇ ਰੂਪ ਵਿਚ ਜਲਦ ਇਸ ਨੂੰ ਮੁੜ ਸਥਾਪਤ ਕੀਤਾ ਜਾਵੇਗਾ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਤਰ੍ਹਾਂ ਦੇ ਗੁੰਮਰਾਹਕੁੰਨ ਪ੍ਰਚਾਰ ਵੱਲ ਧਿਆਨ ਨਾ ਦੇਣ। ੨੯ ਦਸੰਬਰ

ਪਾਵਨ ਸਰੂਪਾਂ ਦੇ ਮਾਮਲੇ 'ਚ ਸਰਕਾਰ ਨੇ ਅਦਾਲਤ 'ਚ ਖ਼ੁਦ ਮੰਨਿਆ ਕਿ ਕਾਰਵਾਈ ਲਈ ਸਮਰੱਥ ਹੈ ਸ਼੍ਰੋਮਣੀ ਕਮੇਟੀ-ਐਡਵੋਕੇਟ ਧਾਮੀ

ਕਿਹਾ; ਸ਼੍ਰੋਮਣੀ ਕਮੇਟੀ ਨੇ ਜਾਂਚ ਰਿਪੋਰਟ ਅਨੁਸਾਰ ਕੀਤੀ ਸਖ਼ਤ ਕਰਵਾਈ, ਛੋਟੇ ਤੋਂ ਲੈ ਕੇ ਵੱਡੇ ਮੁਲਾਜ਼ਮਾਂ ਤੱਕ ਕਿਸੇ ਨੂੰ ਨਹੀਂ ਬਖ਼ਸ਼ਿਆ

ਅੰਮ੍ਰਿਤਸਰ-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ੩੨੯ ਪਾਵਨ ਸਰੂਪਾਂ ਦੇ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਸੱਦੀ ਉਚੇਚੀ ਪੱਤਰਕਾਰ ਵਾਰਤਾ ਦੌਰਾਨ ਪੰਜਾਬ ਸਰਕਾਰ 'ਤੇ ਸਵਾਲ ਚੁੱਕਦਿਆਂ ਆਖਿਆ ਕਿ ਸਰਕਾਰ ਵੱਲੋਂ ਉੱਚ ਅਦਾਲਤ ਵਿਚ ਸ਼੍ਰੋਮਣੀ ਕਮੇਟੀ ਨੂੰ ਇਕ ਸਮਰੱਥ ਸੰਸਥਾ ਵਜੋਂ ਪ੍ਰਵਾਨੇ ਜਾਣ ਅਤੇ ਆਪਣੇ ਪ੍ਰਬੰਧਕੀ ਮਾਮਲਿਆਂ 'ਚ ਕਾਰਵਾਈ ਕਰਨ ਲਈ ਅਧਿਕਾਰਤ ਹੋਣ ਦੇ ਦਿੱਤੇ ਪੱਖ ਦੇ ਬਾਵਜੂਦ ਵੀ ਐਫਆਈਆਰ ਦਰਜ ਕਰਨੀ ਉਸ ਦੀ ਸਿਆਸੀ ਮਨਸ਼ਾ ਨੂੰ ਸਾਬਤ ਕਰਦੀ ਹੈ। ਉਨ੍ਹਾਂ ਆਖਿਆ ਕਿ ਸਰਕਾਰ ਅਜਿਹਾ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਵੀ ਚੁਣੌਤੀ ਦੇ ਰਹੀ ਹੈ, ਕਿਉਂਕਿ ਡਾ. ਈਸ਼ਰ ਸਿੰਘ ਦੀ ਜਾਂਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕਰਵਾਈ ਗਈ ਸੀ ਅਤੇ ਜਾਂਚ ਰਿਪੋਰਟ ਅਨੁਸਾਰ ਸ਼੍ਰੋਮਣੀ ਕਮੇਟੀ ਨੂੰ ਕਾਰਵਾਈ ਦਾ ਆਦੇਸ਼ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਹੀ ਕੀਤਾ ਸੀ।

ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਡਾ. ਈਸ਼ਰ ਸਿੰਘ ਦੀ ਜਾਂਚ ਰਿਪੋਰਟ ਦੀਆਂ ਸਿਫਾਰਸ਼ਾਂ ਨੂੰ ਇਨ-ਬਿਨ ਲਾਗੂ ਕਰਦਿਆਂ ਛੋਟੇ ਤੋਂ ਲੈ ਕੇ ਹਰ ਵੱਡੇ ਮੁਲਾਜ਼ਮ 'ਤੇ ਕਾਰਵਾਈ ਕਰ ਚੁੱਕੀ ਹੈ, ਜਿਸ ਬਾਅਦ ਸਰਕਾਰ ਅਤੇ ਪੁਲਿਸ ਦੀ ਦਖ਼ਲਅੰਦਾਜ਼ੀ ਦੀ ਕੋਈ ਤੁਕ ਨਹੀਂ ਬਣਦੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਾਈਕੋਰਟ ਦੇ ਜਿਸ ਹੁਕਮ ਦਾ ਜ਼ਿਕਰ ਕਰਕੇ ਐਫਆਈਆਰ ਦਰਜ ਕਰਨ ਨੂੰ ਉਭਾਰ ਰਹੀ ਹੈ, ਉਸ ਵਿਚ ਖ਼ੁਦ ਸਰਕਾਰ ਵੱਲੋਂ ਇਹ ਅਧਿਕਾਰ ਖੇਤਰ ਸਿੱਖ ਗੁਰਦੁਆਰਾ ਜੁਡੀਸ਼ੀਅਲ ਕਮਿਸ਼ਨ ਦਾ ਹੋਣ ਬਾਰੇ ਹਲਫ਼ਨਾਮਾ ਦਿੱਤਾ ਗਿਆ ਹੈ। ਇਸ ਤੋਂ ਬਾਅਦ ਮਾਣਯੋਗ ਅਦਾਲਤ ਨੇ ਪਟੀਸ਼ਨਰ ਨੂੰ ਆਪਣਾ ਜਵਾਬ ਦੇਣ ਲਈ ਆਖਿਆ ਸੀ, ਜਿਸ ਦੀ ਪੇਸ਼ੀ ਦੌਰਾਨ ਪਟੀਸ਼ਨਰ ਦੇ ਵਕੀਲ ਨੇ ਗ੍ਰਹਿ ਸਕੱਤਰ ਵੱਲੋਂ ਡੀਜੀਪੀ ਨੂੰ ਲਿਖਣ ਦਾ ਜ਼ਿਕਰ ਕੀਤਾ ਅਤੇ ਅਦਾਲਤ ਨੇ ਪਟੀਸ਼ਨ ਖਾਰਜ ਕਰ ਦਿੱਤੀ। ਇਸ ਵਿਚ ਕਿਧਰੇ ਵੀ ਐਫਆਈਆਰ ਦਰਜ ਕਰਨ ਦਾ ਆਦੇਸ਼ ਨਹੀਂ ਸੀ। ਇਸ ਤੋਂ ਸਰਕਾਰ ਦੀ ਦੋਹਰੀ ਮਨਸ਼ਾ ਸਪੱਸ਼ਟ ਹੋ ਰਹੀ ਹੈ, ਕਿਉਂਕਿ ਇਕ ਪਾਸੇ ਸਰਕਾਰ ਸ਼੍ਰੋਮਣੀ ਕਮੇਟੀ ਨੂੰ ਸਮਰੱਥ ਸੰਸਥਾ ਹੁੰਦਿਆਂ ਕਾਰਵਾਈ ਲਈ ਯੋਗ ਮੰਨ ਰਹੀ ਹੈ, ਜਦਕਿ ਦੂਜੇ ਪਾਸੇ ਅਦਾਲਤ ਦੇ ਹੁਕਮ ਦਾ ਝੂਠਾ ਬਹਾਨਾ ਬਣਾ ਕੇ ਐਫਆਈਆਰ ਦਰਜ ਕਰ ਕਰਵਾ ਰਹੀ ਹੈ। ਇਹ ਮਾਨ ਸਰਕਾਰ ਦੀ ਸਿਆਸੀ ਚਾਲ ਹੈ, ਜਿਸ ਨੇ ਉਸ ਦੀ ਸਿੱਖ ਮਸਲਿਆਂ ਵਿਚ ਦਖ਼ਲਅੰਦਾਜ਼ੀ ਨੂੰ ਪ੍ਰਤੱਖ ਕੀਤਾ ਹੈ।

ਉਨ੍ਹਾਂ ਸੰਨ ੨੦੨੧ ਦੇ ਹਾਈਕੋਰਟ ਵਿਚ ਚੱਲ ਰਹੇ ਇਕ ਹੋਰ ਕੇਸ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਸ ਵਿਚ ਵੀ ਤਤਕਾਲੀ ਸਰਕਾਰ ਨੇ ਸ਼੍ਰੋਮਣੀ ਕਮੇਟੀ ਨੂੰ ਆਪਣੇ ਪ੍ਰਬੰਧਕੀ ਮਾਮਲਿਆਂ ਲਈ ਸਿੱਖ ਗੁਰਦੁਆਰਾ ਐਕਟ ਅਨੁਸਾਰ ਫੈਸਲਾਕੁੰਨ ਹੋਣ ਦਾ ਪੱਖ ਦਿੱਤਾ ਸੀ। ਇਸ ਕੇਸ ਵਿਚ ਸਰਕਾਰ ਵੱਲੋਂ ਸਾਫ਼ ਕੀਤਾ ਗਿਆ ਹੈ ਕਿ ਸਿੱਖ ਸੰਸਥਾ ਦੇ ਸਰਵਿਸ ਨਿਯਮਾਂ ਵਿਚ ਦਖ਼ਲ ਦੇਣਾ ਸਰਕਾਰ ਲਈ ਠੀਕ

ਨਹੀਂ ਹੈ। ਉਨ੍ਹਾਂ ਆਖਿਆ ਕਿ ਇਹ ਕੇਸ ਅਜੇ ਵੀ ਅਦਾਲਤ ਵਿਚ ਲੰਬਤ ਹੈ। ਉਨ੍ਹਾਂ ਮਾਮਲੇ ਦੇ ਇਕ ਦੋਸ਼ੀ ਸ. ਜੁਝਾਰ ਸਿੰਘ ਵੱਲੋਂ ਪੁਲਿਸ ਕਮਿਸ਼ਨਰ ਪਾਸ ਪਾਈ ਇਕ ਦਰਖਾਸਤ ਦਾ ਜ਼ਿਕਰ ਕਰਦਿਆਂ ਆਖਿਆ ਕਿ ਇਸ 'ਤੇ ਸ਼੍ਰੋਮਣੀ ਕਮੇਟੀ ਦੇ ਦਿੱਤੇ ਪੱਖ ਮਗਰੋਂ ਪੁਲਿਸ ਕਮਿਸ਼ਨਰ ਨੇ ਸ਼੍ਰੋਮਣੀ ਕਮੇਟੀ ਦਾ ਪ੍ਰਬੰਧਕੀ ਮਾਮਲਾ ਹੋਣ ਦਾ ਹਵਾਲਾ ਦਿੰਦਿਆਂ ਇਸ ਨੂੰ ਖ਼ਤਮ ਕਰ ਦਿੱਤਾ ਸੀ। ਸਰਕਾਰ ਦੀਆਂ ਇਨ੍ਹਾਂ ਕਾਰਵਾਈਆਂ ਤੋਂ ਸਪੱਸ਼ਟ ਹੈ ਕਿ ਇਹ ਸ਼੍ਰੋਮਣੀ ਕਮੇਟੀ ਦਾ ਪ੍ਰਬੰਧਕੀ ਮਾਮਲਾ ਹੈ, ਜਿਸ ਵਿਚ ਸਰਕਾਰ ਅਤੇ ਪੁਲਿਸ ਦੀ ਦਖ਼ਲਅੰਦਾਜ਼ੀ ਨਹੀਂ ਬਣਦੀ।

ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਸਿੱਖ ਸੰਸਥਾ ਨੂੰ ਜਾਣਬੁਝ ਕੇ ਉਲਝਾਉਣ ਦੇ ਰਾਹ 'ਤੇ ਹੈ, ਜਿਸ ਨੂੰ ਪ੍ਰਵਾਨ ਨਹੀਂ ਕੀਤਾ ਜਾਵੇਗਾ। ਐਡਵੋਕੇਟ ਧਾਮੀ ਨੇ ਆਖਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਸਰਕਾਰ ਨੂੰ ਸਿੱਖ ਸੰਸਥਾ ਦੇ ਮਾਮਲਿਆਂ ਵਿਚ ਦਾਖ਼ਲ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਆਖਿਆ ਕਿ ਇਹ ਮਾਮਲਾ ਬੇਹੱਦ ਸੰਜੀਦਾ ਹੈ, ਜਿਸ ਪ੍ਰਤੀ ਸ਼੍ਰੋਮਣੀ ਕਮੇਟੀ ਨੇ ਕਿਸੇ ਨਾਲ ਰਿਆਇਤ ਨਹੀਂ ਕੀਤੀ ਅਤੇ ਨਾ ਹੀ ਭਵਿੱਖ ਵਿਚ ਕੀਤੀ ਜਾਵੇਗੀ। ਐਡਵੋਕੇਟ ਧਾਮੀ ਨੇ ਸਪੱਸ਼ਟ ਕਿਹਾ ਕਿ ਸ਼੍ਰੋਮਣੀ ਕਮੇਟੀ ਕਿਸੇ ਵੀ ਦੋਸ਼ੀ ਦਾ ਸਾਥ ਨਹੀਂ ਦੇ ਰਹੀ ਅਤੇ ਇਸ ਸਬੰਧੀ ਕੀਤਾ ਜਾ ਰਿਹਾ ਝੂਠਾ ਪ੍ਰਾਪੇਗੰਡਾ ਵੀ ਬਰਦਾਸ਼ਤ ਨਹੀਂ ਕਰਾਂਗੇ। ਉਨ੍ਹਾਂ ਆਖਿਆ ਜਿਨ੍ਹਾਂ ਖਿਲਾਫ਼ ਕਾਰਵਾਈ ਕੀਤੀ ਜਾ ਚੁੱਕੀ ਹੈ, ਉਨ੍ਹਾਂ ਨੂੰ ਬਚਾਉਣਾ ਸ਼੍ਰੋਮਣੀ ਕਮੇਟੀ ਦਾ ਕਦੇ ਵੀ ਮਕਸਦ ਨਹੀਂ ਰਿਹਾ। ਉਨ੍ਹਾਂ ਇਹ ਗੱਲ ਮੁੜ ਦੁਹਰਾਈ ਕਿ ਸ਼੍ਰੋਮਣੀ ਕਮੇਟੀ ਨੇ ਜਿਸ ਮਤੇ ਰਾਹੀਂ ਕਾਨੂੰਨੀ ਕਾਰਵਾਈ ਨੂੰ ਪ੍ਰਵਾਨਗੀ ਦਿੱਤੀ ਸੀ, ਉਸ ਨੂੰ ਵਿਦਵਾਨਾਂ ਦੀ ਰਾਏ ਅਨੁਸਾਰ ਅਗਲੇ ਮਤੇ ਵਿਚ ਹੀ ਵਾਪਸ ਲੈ ਕੇ ਖ਼ੁਦ ਕਾਰਵਾਈ ਕਰਨ ਦਾ ਫੈਸਲਾ ਲੈ ਲਿਆ ਸੀ। ਇਸੇ ਅਨੁਸਾਰ ਹੀ ਸਾਰੀ ਕਾਰਵਾਈ ਮੁਕੰਮਲ ਕੀਤੀ ਗਈ ਹੈ। ਇਥੋਂ ਤੱਕ ਕਿ ਕਈ ਮੁਲਾਜ਼ਮਾਂ ਵੱਲੋਂ ਹਾਈਕੋਰਟ ਵਿਚ ਕੀਤੀ ਪਹੁੰਚ 'ਤੇ ਮਾਣਯੋਗ ਅਦਾਲਤ ਦੇ ਆਦੇਸ਼ਾਂ ਬਾਅਦ ਵੀ ਸਬੰਧਤ ਮੁਲਾਜ਼ਮਾਂ ਨੂੰ ਬਹਾਲ ਕਰਕੇ ਤੁਰੰਤ ਪ੍ਰਭਾਵ ਤੋਂ ਫਿਰ ਮੁਅੱਤਲ ਕਰ ਦਿੱਤਾ ਗਿਆ ਅਤੇ ਹੁਣ ਤਕ ਕਿਸੇ ਨਾਲ ਵੀ ਤਰਫ਼ਦਾਰੀ ਨਹੀਂ ਕੀਤੀ ਗਈ। ਇਹ ਸਿੱਖ ਸੰਸਥਾ ਦੀ ਵਚਨਬੱਧਤਾ ਸੀ ਅਤੇ ਸਦਾ ਰਹੇਗੀ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸੀਏ ਸ. ਸਤਿੰਦਰ ਸਿੰਘ ਕੋਹਲੀ ਬਾਰੇ ਗੱਲ ਕਰਦਿਆਂ ਆਖਿਆ ਕਿ ਇਸ ਮਾਮਲੇ ਵਿਚ ਸਿੱਖ ਗੁਰਦੁਆਰਾ ਜੁਡੀਸ਼ੀਅਲ ਕਮਿਸ਼ਨ ਵਿਚ ਪੈਸੇ ਰਿਕਵਰ ਕਰਨ ਦਾ ਕੇਸ ਚੱਲ ਰਿਹਾ ਹੈ, ਜਿਸ ਦੀ ਅਗਲੀ ਤਾਰੀਕ ਜਨਵਰੀ ੨੦੨੬ ਵਿਚ ਹੈ। ਇਸ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਕਦੇ ਵੀ ਢਿੱਲ ਨਹੀਂ ਕੀਤੀ ਗਈ ਅਤੇ ਫੈਸਲਾ ਹੋਣ ਤੋਂ ਤੁਰੰਤ ਬਾਅਦ ਹੀ ਇਸ ਦੇ ਪੈਰਵਾਈ ਆਰੰਭ ਦਿੱਤੀ ਗਈ ਸੀ। ਅੱਗੇ ਵੀ ਇਸ 'ਤੇ ਸ਼ਿੱਦਤ ਨਾਲ ਕਾਰਵਾਈ ਕੀਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਬੇਅਦਬੀਆਂ ਦੇ ਮਾਮਲੇ 'ਤੇ ਸਿਆਸਤ ਕਰਕੇ ਸਰਕਾਰ ਬਣਾਈ ਸੀ, ਜਿਸ ਵਿਚ ਨਾਕਾਮ ਰਹਿਣ ਮਗਰੋਂ ਅਦਾਲਤਾਂ ਵਿਚ ਆਪਣੇ ਹਲਫ਼ਨਾਮਿਆਂ ਦੇ ਵਿਰੁੱਧ ਜਾ ਕੇ ਸਿਆਸਤ ਕੀਤੀ ਜਾ ਰਹੀ ਹੈ। ਇਥੋਂ ਤਕ ਕਿ ਪੰਜਾਬ ਸਰਕਾਰ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਦੇ ਮਾਮਲੇ ਵਿਚ ਵੀ ਚੁੱਪ ਹੈ। ਸ਼੍ਰੋਮਣੀ ਕਮੇਟੀ ਤਾਂ ਇਸ ਨੂੰ ਮਿਲ ਰਹੀ ਪੈਰੋਲ ਅਤੇ ਫਰਲੋ ਰੋਕਣ ਲਈ ਹਾਈਕੋਰਟ ਅਤੇ ਸੁਪਰੀਮ ਕੋਰਟ ਤੱਕ ਪਹੁੰਚੀ ਹੋਈ ਹੈ, ਜਦਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਚੁੱਪ ਕੇ ਉਸ ਦੀ ਅਸਿੱਧੇ ਤਰੀਕੇ ਨਾਲ ਮੱਦਦ ਕਰ ਰਹੀ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਗੁਰਬਖ਼ਸ਼ ਸਿੰਘ ਖਾਲਸਾ,ਸ. ਅਮਰਜੀਤ ਸਿੰਘ ਬੰਡਾਲਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਡੰਟ ਸ. ਨਿਸ਼ਾਨ ਸਿੰਘ ਆਦਿ ਮੌਜੂਦ ਸਨ। ੩੦ ਦਸੰਬਰ

ਹਿਸਾਬ-ਕਿਤਾਬ

ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਚਿੱਠਾ ਆਮਦਨ/ਖ਼ਰਚ ਧਰਮ ਪ੍ਰਚਾਰ ਕਮੇਟੀ, ਮਹੀਨਾ ਮਾਰਚ ੨੦੨੫

ਸੀ: ਨੰ:	ਨਾਮ ਖਾਤਾ	ਪੰਨਾ	ਨਾਮ	ਜਮ੍ਹਾਂ
੧	ਧਾਰਮਿਕ ਫੰਡ ੮੫	੫੫	੦.੦੦	੧੩੭੮੦੬੦੫੧.੦੦
੨	ਧਾਰਮਿਕ ਫੰਡ ੮੭	੬੨	੦.੦੦	੬੮੬੨੬੫੬੬.੦੦
੩	ਪ੍ਰਚਾਰ ਸਹਾਇਤਾ	੬੫	੦.੦੦	੬੮੨੬੦੦.੦੦
੪	ਸੂਦ ਬੈਂਕਾਂ	੨੦੩	੦.੦੦	੬੫੬੬੮੬੫੩.੦੦
੫	ਧਾਰਮਿਕ ਪ੍ਰੀਖਿਆ ਵਜੀਫੇ/ਪੱਤਰ ਵਿਹਾਰ ਕੋਰਸ ਤੇ ਖੋਜ ਕੇਂਦਰ	੧੯੮	੩੪੬੦੩੬੬੬.੦੦	੫੬੨੦੦.੦੦
੬	ਧਾਰਮਿਕ ਵਿੱਦਿਆ	੨੧੪	੨੬੧੮੪੩.੦੦	੦.੦੦
੭	ਗੁਰਮਤਿ ਪ੍ਰਕਾਸ਼ (ਪੰਜਾਬੀ ਮਾਸਿਕ ਪੱਤਰ)	੨੬੫	੧੭੭੫੬੪੦.੦੦	੫੪੧੪੦੦.੦੦
੮	ਗੁਰਮਤਿ ਗਿਆਨ ਹਿੰਦੀ	੨੭੩	੫੪੭੫੧੫.੦੦	੩੫੦੮੦.੦੦
੯	ਧਰਮ ਤੇ ਅੰਮ੍ਰਿਤ ਪ੍ਰਚਾਰ	੨੮੭	੨੩੩੯੩੪੦.੦੦	੦.੦੦
੧੦	ਕਿਰਾ: ਦੁਕਾਨਾਂ ਤੇ ਫਲੈਟਸ, ਯੂ.ਪੀ. ਸਿੱਖ ਮਿਸ਼ਨ	੩੦੬	੦.੦੦	੧੪੬੪੨੬.੦੦
੧੧	ਲਿਟਰੇਚਰ ਭੇਟਾ ਰਹਿਤ ਡਾਇਰੀਆਂ, ਕੈਲੰਡਰ, ਸੇਵਾਫਲ ਖਰੜੇ ਆਦਿ (ਛਪਾਈ ਤੇ ਖ੍ਰੀਦ)	੩੨੦	੨੬੧੫੦੫੫.੦੦	੦.੦੦
੧੨	ਗੁਰਦੁਆਰਾ ਗਜ਼ਟ ਦਾ ਹਿੱਸਾ	੩੩੦	੬੮੬੩੬.੦੦	੦.੦੦
੧੩	ਆਡਿਟ ਫੀਸ ਅਤੇ ਇੰਟਰਨਲ ਆਡਿਟ ਫੀਸ	੩੩੫	੩੦੦੦੦.੦੦	੦.੦੦
੧੪	ਸਟੇਸ਼ਨਰੀ ਛਪਾਈ	੩੪੬	੩੨੬੭੭੬.੦੦	੦.੦੦
੧੫	ਤਨਖਾਹ ਸਟਾਫ ਦਫਤਰ	੩੪੪	੪੫੭੨੩੦੫.੦੦	੦.੦੦
੧੬	ਤਨਖਾਹ ਸਟਾਫ ਲਿਟਰੇਚਰ ਅਤੇ ਕਮਿਸ਼ਨ ਆਦਿ	੩੫੦	੬੩੭੧੪੮.੦੦	੦.੦੦
੧੭	ਤਨਖਾਹ ਤੇ ਸਫਰ ਖਰਚ ਅਲਾਊਂਸ ਡਰਾਈਵਰਜ਼	੩੫੭	੬੮੪੫੧੬.੦੦	੦.੦੦
੧੮	ਤਨਖਾਹ ਧਾਰਮਿਕ ਟੀਚਰ	੩੬੬	੧੫੬੪੮੨੨.੦੦	੦.੦੦
੧੯	ਡਾਕ ਤੇ ਤਾਰ ਖਰਚ	੩੭੨	੬੫੭੩.੦੦	੦.੦੦
੨੦	ਕਮਿਸ਼ਨ ਬੈਂਕਾਂ	੩੭੫	੮੧੬.੩੦	੦.੦੦
੨੧	ਫਿਲਮਾਂ ਰਾਹੀਂ ਪ੍ਰਚਾਰ(ਤਨਖਾਹ ਫਿਲਮ ਉਪਰੇ:, ਮੁੰਰ: ਤੇ ਸ:ਖ: ਆਦਿ)	੩੮੭	੩੧੬੪੬੧.੦੦	੦.੦੦
੨੨	ਖਰਚ ਗੱਡੀਆਂ (ਤੇਲ ਤੇ ਮੁਰੰਮਤਾਂ)	੪੧੭	੪੦੩੪੪੧.੦੦	੦.੦੦
੨੩	ਮੁਕੱਦਮੇ	੪੨੮	੧੦੬੨੬੩੦.੦੦	੦.੦੦
੨੪	ਟੈਲੀਫੋਨ	੪੪੨	੨੬੬੨੬.੦੦	੦.੦੦

੨੫	ਮੁਰੰਮਤ ਸਾਮਾਨ ਦਫਤਰ	੪੪੫	੧੮੫੦.੦੦	੦.੦੦
੨੬	ਮੁਰੰਮਤ ਇਮਾਰਤ ਦਫਤਰ	੪੪੬	੫੦੦੭੪.੦੦	੦.੦੦
੨੭	ਮੁਰੰਮਤ ਕੰਪਿਊਟਰ ਅਤੇ ਪ੍ਰਿੰਟਰ ਆਦਿ	੪੫੪	੬੨੦੦.੦੦	੦.੦੦
੨੮	ਐਂਟਰਟੇਨਮੈਂਟ (ਆਉ ਭਗਤ)	੪੬੧	੭੮੫੬੯.੦੦	੦.੦੦
੨੯	ਵਰਦੀਆਂ ਮੁਲਾਜਮਾਂ	੪੭੨	੬੭੧੩੫.੦੦	੦.੦੦
੩੦	ਸਫਰ ਖਰਚ ਮੈਂਬਰ ਸਾਹਿਬਾਨ	੪੬੮	੧੦੩੧੮੭.੦੦	੦.੦੦
੩੧	ਸਫਰ ਖਰਚ ਮੁਲਾਜਮਾਂ	੪੮੮	੧੪੧੭੨੨.੦੦	੦.੦੦
੩੨	ਫੁਟਕਲ ਦਫਤਰ ਤੇ ਰੋਸ਼ਨੀ	੫੧੦	੪੫੭੬੦.੦੦	੦.੦੦
੩੩	ਬੀਮਾ ਗੱਡੀਆਂ ਤੇ ਕੈਸ਼	੫੧੭	੮੭੦੬੩.੦੦	੦.੦੦
੩੪	ਬੀਮਾਂ ਪੇਸ਼ਗੀ ਮੁਲਾਜਮਾਂ ਐਕਸੀਡੈਂਟਲ	੫੩੩	੦.੦੦	੧੪੧੬.੦੦
੩੫	ਬੀਮਾਂ ਪੇਸ਼ਗੀ ਮੁਲਾਜਮਾਂ ਮੈਡੀਕਲੇਮ	੫੪੮	੦.੦੦	੧੨੪੩੫੫.੦੦
੩੬	ਸ਼ਤਾਬਦੀਆਂ ਸਮਾਰੋਹ	੫੮੮	੧੩੭੦੧੬੮.੦੦	੩੧੫੦੦.੦੦
੩੭	ਐਡਵਰਟਾਈਜ਼ਮੈਂਟ (ਇਸ਼ਤਿਹਾਰਬਾਜ਼ੀ)	੬੧੩	੩੦੬੫੮.੦੦	੦.੦੦
੩੮	ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ	੬੩੬	੯੪੬੫੫੨.੦੦	੨੬੬੪੧.੦੦
੩੯	ਸੰਤ ਫਤਹਿ ਸਿੰਘ ਸੰਤ ਚੰਨਣ ਸਿੰਘ ਬੁੱਢਾ ਜੋਹੜ, ਰਾਜਸਥਾਨ	੬੪੨	੨੪੩੭੩੨.੦੦	੦.੦੦
੪੦	ਗਿਆਨੀ ਸੋਹਣ ਸਿੰਘ ਸੀਤਲ ਢਾਡੀ ਕਾਲਜ, ਗੁਰੂ ਕੀ ਵਡਾਲੀ	੬੫੩	੩੭੮੨੧੭.੦੦	੦.੦੦
੪੧	ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ)	੬੬੪	੪੬੪੦੭੫.੦੦	੨੯੯੧੦.੦੦
੪੨	ਭਾਈ ਗੁਰਦਾਸ ਵਿਦਿਆਲਾ ਜੁਬਲੀ ਧਰਮਸ਼ਾਲਾ ਫਿਰੋਜਪੁਰ	੬੭੨	੨੮੮੨੧੨.੦੦	੦.੦੦
੪੩	ਗੁਰਮਤਿ ਸੰਗੀਤ ਅਕੈਡਮੀ (ਸ੍ਰੀ ਅਨੰਦਪੁਰ ਸਾਹਿਬ)	੬੮੩	੪੪੬੨੮੦.੦੦	੧੩੬੧.੦੦
੪੪	ਸਬ-ਆਫਿਸ ਸ੍ਰੀ ਅਨੰਦਪੁਰ ਸਾਹਿਬ	੬੯੨	੧੩੮੪੬੫੩.੦੦	੦.੦੦
੪੫	ਸਬ-ਆਫਿਸ ਤਲਵੰਡੀ ਸਾਬੋ ਕੀ ਬਠਿੰਡਾ	੬੯੬	੩੩੧੫੫੨੬.੦੦	੦.੦੦
੪੬	ਸ਼ਹੀਦ ਸੰਗੀਤ ਵਿਦਿਆਲਾ ਬਾਦੀਆਂ ਸ੍ਰੀ ਮੁਕਤਸਰ ਸਾਹਿਬ ਤਨ:, ਸ:ਖ: ਤੇ ਫੁਟ: ਆਦਿ	੭੦੪	੬੩੫੩੬.੦੦	੦.੦੦
੪੭	ਸੰਤ ਕਰਤਾਰ ਸਿੰਘ ਖਾਲਸਾ ਸਿੱਖ ਮਿਸ਼ਨਰੀ ਕਾਲਜ ਭੂਰਾ ਕੋਹਨਾ ਤਰਨਤਾਰਨ ਤਨ:, ਸ:ਖ: ਤੇ ਫੁਟ: ਆਦਿ	੭੧੦	੩੩੮੬੬੫.੦੦	੦.੦੦
੪੮	ਸ੍ਰ. ਜੱਸਾ ਸਿੰਘ ਆਹਲੂਵਾਲੀਆ ਗੁਰ: ਸੰਗ: ਵਿਦਿ: ਕਾਲਾ ਮਲ੍ਹਾ ਛਾਪਾ ਬਰਨਾਲਾ ਤਨ:, ਸ:ਖ: ਤੇ ਫੁਟ:ਆਦਿ	੭੧੫	੫੫੩੧੪੮.੦੦	੦.੦੦
੪੯	ਬੇਬੇ ਨਾਨਕੀ ਸਿੱਖ ਮਿਸ਼ਨਰੀ ਕਾਲਜ ਸੁਲਤਾਨਪੁਰ ਲੋਧੀ, ਕ ਪੂਰਥਲਾ ਤਨ:, ਸ:ਖ: ਤੇ ਫੁਟ:ਆਦਿ	੭੨੨	੪੬੭੦੬੫.੦੦	੦.੦੦
੫੦	ਸ਼ਹੀਦ ਬਾਬਾ ਦੀਪ ਸਿੰਘ ਜੀ ਗੁਰ: ਵਿਦਿ: ਬਰਨਾਲਾ (ਬਖਸ਼ੀ ਵਾਲੀ ਕੋਠੀ) ਤਨ:, ਸ:ਖ: ਤੇ ਫੁਟ:ਆਦਿ	੭੨੬	੨੭੪੫੧੭.੦੦	੦.੦੦

੫੧	ਗੁਰੂ ਨਾਨਕ ਗੁਰਮਤਿ ਸਿਖਲਾਈ ਵਿਦਿ: ਡੇਰਾ ਬਾਬਾ ਨਾਨਕ ਗੁਰਦਾਸਪੁਰ ਤਨ:, ਸ:ਖ: ਤੇ ਫੁਟ:ਆਦਿ	੭੩੬	੨੮੮੮੮੩.੦੦	੦.੦੦
੫੨	ਬੇਬੇ ਨਾਨਕੀ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅੰਮ੍ਰਿਤਸਰ	੭੪੨	੧੩੮੬੫੧.੦੦	੦.੦੦
੫੩	ਜਥੇ: ਗੁਰਚਰਨ ਸਿੰਘ ਟੌਹੜਾ ਇੰਸੀ: ਆਫ ਐਡਵਾਂਸ ਸਿੱਖ ਸਟੱਡੀਜ਼, (ਤਨਖਾਹਾਂ, ਆਨਰੇਰੀਅਮ ਤੇ ਫੁਟਕਲ ਆਦਿ)	੭੫੭	੧੪੦੪੪੭੦.੦੦	੪੭੫੫੮.੦੦
੫੪	ਸਮੂੰਹ ਮੁਰਮੰਤ ਇਮਾਰਤਾਂ (ਮਿਸ਼ਨ, ਕਾਲਜ, ਗੁਰਮਤਿ ਇੰਸ, ਅਕੈਡਮੀਆਂ ਅਤੇ ਵਿਦਿਆਲੇ)	੭੭੨	੪੨੭੪੫੫.੦੦	੦.੦੦
੫੫	ਤਨਖਾਹ ਭਾਈ ਨਗਾਹੀਆ ਜੀ ਪਬ:ਸਕੂਲ ਫਾਰ ਡੈਫ ਆਲਮਗੀਰ, ਲੁਧਿਆਣਾ	੭੮੪	੩੨੮੧੨੭.੦੦	੦.੦੦
੫੬	ਤਨਖਾਹ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ	੭੯੭	੬੩੧੨੭੦.੦੦	੨੧੫੦੦੦.੦੦
੫੭	ਸਫਰ ਖਰਚ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ	੮੦੭	੩੧੨੫੪੪.੦੦	੦.੦੦
੫੮	ਦੀਵਾਨ ਮੇਲੇ ਤੇ ਕੈਂਪਸ ਪੰਜਾਬ ਪ੍ਰਚਾਰ, ਨਸ਼ਾ ਮੁਕਤੀ ਮੁਹਿੰਮ ਅਤੇ ਗੁਰਮਤਿ ਦਸਤਾਰ ਸਮਾਗਮ	੮੩੨	੧੭੬੪੭੧੮.੦੦	੦.੦੦
੫੯	ਤਨਖਾਹ ਤੇ ਸਫਰ ਖਰਚ ਸਟਾਫ਼ ਹਰਿਆਣਾ ਸਿੱਖ ਮਿਸ਼ਨ, ਕੁਰੂਕਸ਼ੇਤਰ	੮੫੫	੫੨੪੩੮੮.੦੦	੦.੦੦
੬੦	ਫੁਟਕਲ ਦਫ਼ਤਰ ਹਰਿਆਣਾ ਸਿੱਖ ਮਿਸ਼ਨ	੮੬੪	੧੯੬੭੦.੦੦	੦.੦੦
੬੧	ਖਰਚ ਗੱਡੀਆਂ ਹਰਿਆਣਾ ਸਿੱਖ ਮਿਸ਼ਨ	੮੬੬	੫੫੨੫੭.੦੦	੦.੦੦
੬੨	ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ ਹਰਿਆਣਾ ਸਿੱਖ ਮਿਸ਼ਨ	੮੭੭	੧੪੩੭੭੩.੦੦	੦.੦੦
੬੩	ਗੁਰ:ਵਿਦਿਆਲਾ ਸ਼ੇਖੂਪੁਰਾ ਮੰਚੂਰੀ, ਕਰਨਾਲ ਤਨ:,ਵਜੀ:, ਸ:ਖਰਚ ਤੇ ਫੁਟ:	੮੯੩	੨੧੧੧੮੬.੦੦	੧੩੫੪.੦੦
੬੪	ਤਨਖਾਹ ਤੇ ਸਫਰ ਖਰਚ ਸਟਾਫ਼ ਹਿਮਾਚਲ ਪ੍ਰਦੇਸ਼ ਸਿੱਖ ਮਿਸ਼ਨ (ਗੁ: ਪਲਾਹ ਸਾਹਿਬ, ਊਨਾ)	੯੦੦	੨੮੩੮੨੪.੦੦	੦.੦੦
੬੫	ਤਨਖਾਹ ਤੇ ਸਫਰ ਖਰਚ ਸਟਾਫ਼ ਰਾਜਿਸਥਾਨ ਸਿੱਖ ਮਿਸ਼ਨ (ਬੁੱਢਾ ਜੋਹੜ)	੯੦੮	੧੯੭੭੦੦.੦੦	੦.੦੦
੬੬	ਦੀਵਾਨ, ਮੇਲੇ, ਕੈਂਪਸ ਅਤੇ ਫ਼ਿਲਮਾਂ ਰਾਹੀਂ ਪ੍ਰਚਾਰ ਰਾਜਸਥਾਨ ਸਿੱਖ ਮਿਸ਼ਨ	੯੧੩	੧੩੮੧੪੧.੦੦	੦.੦੦
੬੭	ਤਨ: ਸਫਰ ਖਰਚ ਸਟਾਫ਼ ਹਾਪੁੜ (ਯੂ:ਪੀ:) ਅਤੇ ਮੱਧ ਪ੍ਰਦੇਸ਼ ਮਿਸ਼ਨ	੯੨੨	੧੭੭੪੫੩੫.੦੦	੦.੦੦
੬੮	ਦੀਵਾਨ, ਮੇਲੇ, ਕੈਂਪਸ, ਫਿਲਮਾਂ ਰਾਹੀਂ ਪ੍ਰਚਾਰ ਅਤੇ			

	ਗੁਰਮਤਿ ਦਸਤਾਰ ਸਮਾਗਮ, ਖਰਚ ਗੱਡੀਆਂ, ਹਾਪੁੜ (ਯੂ:ਪੀ:) ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ	੯੨੬	੮੫੫੫੪.੦੦	੦.੦੦
੬੯	ਮੁਰੰਮਤ ਇਮਾ: ਹਾਪੜ, ਅਲੀਗੜ੍ਹ ਅਤੇ ਮਗਹਰ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ ਮਿਸ਼ਨ	੯੩੩	੧੪੦੯੮੦੦.੦੦	੦.੦੦
੭੦	ਟੈਕਸਿਸ ਹਾਊਸ ਤੇ ਪਾਣੀ ਅਤੇ ਬਿੱਲ ਬਿਜਲੀ ਮੁਰੰਮਤ ਸਾਮਾਨ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ	੯੩੮	੧੧੧੩੯੧.੦੦	੨੧੩੮.੦੦
੭੧	ਤਨ:, ਸਫਰ ਖਰਚ ਸਟਾਫ਼ ਦਿੱਲੀ ਸਿੱਖ ਮਿਸ਼ਨ	੯੪੪	੧੮੨੧੦੫.੦੦	੦.੦੦
੭੨	ਫੁਟਕਲ ਦਫ਼ਤਰ ਦਿੱਲੀ ਸਿੱਖ ਮਿਸ਼ਨ	੯੪੬	੩੪੬੫੪.੦੦	੦.੦੦
੭੩	ਸ੍ਰੀ ਗੁਰੂ ਰਾਮਦਾਸ ਜੀ ਗੁਰਮਤਿ ਵਿਦਿਆਲੇ ਸ਼ਾਹਜਹਾਨਪੁਰ, ਯੂ:ਪੀ:	੯੫੨	੨੩੮੫੬੫.੦੦	੩੮੮੮.੦੦
੭੪	ਗੁਰਦੁਆਰਾ ਗੁਰੂ ਨਾਨਕ ਦਰਬਾਰ, ਹਾਪੜ (ਯੂ:ਪੀ:)	੯੫੮	੧੦੮੫੦੮.੦੦	੧੮੦੦੪੨.੦੦
੭੫	ਗੁਰ: ਸਾਹਿਬਾਨ ਨੱਕਾ ਕੂਆਂ, ਸੰਤ ਸਭਾ ਨਗੀਨਾ, ਬ੍ਰਿੰਦਾਬਨ, ਗੜਮੁਕਤੇਸਰ, ਅਲੀਗੜ੍ਹ (ਯੂ:ਪੀ:)	੯੬੫	੭੫੫੧੪.੦੦	੧੮੭੮੮੦.੦੦
੭੬	ਦੀਵਾਨ ਮੇਲੇ ਤੇ ਕੈਂਪਸ ਸਿੱਖ ਮਿਸ਼ਨ ਦਿੱਲੀ	੯੭੪	੪੦੩੫੫੪.੦੦	੦.੦੦
੭੭	ਸੰਗੀਤ ਵਿਦਿਆਲਾ ਬਗੜੀ ਗਜਰੋਲਾ ਯੂ:ਪੀ:	੧੦੦੩	੧੫੨੬੯.੦੦	੯੩੨੦.੦੦
੭੮	ਗੁਰਦੁਆਰਾ ਸਾਹਿਬਾਨ ਪਿੰਡ ਸਾਦੂਲਾਪੁਰ (ਲੋਧਾ ਕੋਠੀ) ਯੂ:ਪੀ:੧੦੦੪		੦.੦੦	੧੩੩੫੦.੦੦
੭੯	ਗੁ: ਭਗਤ ਕਬੀਰ ਜੀ ਮਗਹਰ ਗੋਰਖਪੁਰ ਯੂ.ਪੀ.	੧੦੦੭	੮੩੫੩੫.੦੦	੧੭੧੧੮੦.੦੦
੮੦	ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ) ਅਤੇ ਉੜੀਸਾ ਮਿਸ਼ਨ, ਅਹਿਮਦਾਬਾਦ, ਗੁਜਰਾਤ	੧੦੧੫	੧੫੪੫੩੬.੦੦	੦.੦੦
੮੧	ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ, ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ), ਸਿੱਖ ਮਿਸ਼ਨ ਗੁਜਰਾਤ ਅਤੇ ਉੜੀਸਾ ਮਿਸ਼ਨ	੧੦੧੯	੧੨੯੯੧.੦੦	੦.੦੦
੮੨	ਗੁ:ਨਾਨਕ ਦਰਸ਼ਨ ਮਾਊਟ ਆਬੂ, ਗੁਜਰਾਤ	੧੦੨੫	੧੧੭੭੩੩.੦੦	੧੪੪੯੪੭.੦੦
੮੩	ਤਨ: ਤੇ ਸਫ਼ਰ ਖ਼ਰਚ ਸਟਾਫ਼ ਛੱਤੀਸਗੜ੍ਹ ਸਿੱਖ ਮਿਸ਼ਨ	੧੦੩੩	੨੯੬੩੬੫.੦੦	
੮੪	ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਛੱਤੀਸਗੜ੍ਹ ਮਿਸ਼ਨ	੧੦੩੯	੭੪੭੯੨.੦੦	੦.੦੦
੮੫	ਗੁਰੂ ਨਾਨਕ ਦੇਵ ਗੁ:ਵਿਦਿ: ਛੱਤੀਸਗੜ੍ਹ ਮਿਸ਼ਨ (ਤਨ:ਸਫਰ ਖਰਚ ਅਤੇ ਬਿੱਲ ਆਦਿ)	੧੦੪੪	੨੨੬੨੬੬੪.੦੦	੪੩੧੪੮.੦੦
੮੬	ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਜੰਮੂ ਕਸ਼ਮੀਰ ਸਿੱਖ ਮਿਸ਼ਨ	੧੦੪੯	੬੫੭੬੬੫.੦੦	੦.੦੦
੮੭	ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਅਤੇ ਖਰਚ ਗੱਡੀਆਂ ਜੰਮੂ ਕਸ਼ਮੀਰ ਸਿੱਖ ਮਿਸ਼ਨ	੧੦੫੩	੪੦੮੧੩.੦੦	੦.੦੦

੯੮	ਗੁਰਦੁਆਰਾ ਗੁਰੂ ਨਾਨਕ ਦੇਵ ਮਿਸ਼ਨ ਸਤਵਾਰੀ ਨਰਵਾਲ ਪਾਈ, ਜੰਮੂ	੧੦੬੦	੪੩੯੮੬.੦੦	੦.੦੦
੯੯	ਫੁਟਕਲ ਦਫ਼ਤਰ ਲੰਗਰ (ਆਉ ਭਗਤ), ਜੰਮੂ ਕਸ਼ਮੀਰ ਸਿੱਖ ਮਿਸ਼ਨ	੧੦੬੩	੨੫੦.੦੦	੦.੦੦
੧੦੦	ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਕਾਂਸ਼ੀਪੁਰ ਸਿੱਖ ਮਿਸ਼ਨ	੧੦੭੨	੭੨੪੫੦੨.੦੦	੦.੦੦
੧੦੧	ਫੁਟਕਲ ਆਦਿ, ਕਾਂਸ਼ੀਪੁਰ ਸਿੱਖ ਮਿਸ਼ਨ	੧੦੭੭	੨੦੧੧੨.੦੦	੦.੦੦
੧੦੨	ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਕਾਂਸ਼ੀਪੁਰ ਸਿੱਖ ਮਿਸ਼ਨ	੧੦੮੦	੨੨੪੫੭.੦੦	੦.੦੦
੧੦੩	ਤਨਖਾਹ, ਸਫਰ ਖਰਚ ਸਿੱਖ ਮਿਸ਼ਨ ਨੇਪਾਲ	੧੦੮੩	੨੧੭੨੫.੦੦	੦.੦੦
੧੦੪	ਸਿੱਖ ਮਿਸ਼ਨ ਲਖਨਊ	੧੦੮੭	੮੭੯੩.੦੦	੦.੦੦
੧੦੫	ਸਹਾਇਤਾ ਭੇਟਾ ਰਹਿਤ ਪਾਵਨ ਸਰੂਪ	੧੦੯੧	੨੧੭੦੦.੦੦	੦.੦੦
੧੦੬	ਸਹਾਇਤਾ ਲਾਇਬ੍ਰੇਰੀਆਂ ਲਿਟਰੇਚਰ ਆਦਿ	੧੦੯੮	੨੬੪੮੨੪.੦੦	੦.੦੦
੧੦੭	ਸਹਾਇਤਾ ਗੁਰਦੁਆਰਾ ਸਾਹਿਬਾਨ	੧੧੩੫	੩੬੫੦੮੯੪.੦੦	੪੮੩੦੦੦.੦੦
੧੦੮	ਸਹਾਇਤਾ ਭੇਟਾ ਰਹਿਤ ਕੀਰਤਨੀ ਸਾਜ਼	੧੧੪੮	੨੪੩੫੫੦.੦੦	੦.੦੦
੧੦੯	ਸਹਾਇਤਾ ਪੰਜਾਬ ਤੋਂ ਬਾਹਰਲੇ ਗੁਰਦੁਆਰਾ ਸਾਹਿਬਾਨ	੧੧੫੫	੪੦੫੦੦੦.੦੦	੦.੦੦
੧੧੦	ਸਹਾਇਤਾ ਧਾਰਮਿਕ ਵਿਦਿਆ ਸਕੂਲਾਂ/ਕਾਲਜਾਂ, ਯੂਨੀਵਰਸਿਟੀ	੧੪੩੦	੧੨੯੬੩੫੦.੦੦	੫੮੦੦੦.੦੦
੧੧੧	ਸਹਾਇਤਾ ਧਰਮ ਪ੍ਰਚਾਰ ਵਿਦਿਆਰਥੀ ਖੇਤਰ ਅਤੇ ਸਿੱਖ ਸ਼ਸ਼ਤਰ ਵਿਦਿਆ (ਗਤਕਾ)	੧੧੮੭	੫੮੯੦੧੮.੦੦	੦.੦੦
੧੧੨	ਸਹਾਇਤਾ ਗਰੀਬ ਤੇ ਲੋੜਵੰਦ ਪਰਿਵਾਰ	੧੩੭੨	੬੬੯੫੧੦੦.੦੦	੧੬੫੦੦੦.੦੦
੧੧੩	ਸਹਾਇਤਾ ਸਿਕਲੀਗਰ ਤੇ ਵਣਜਾਰੇ ਸਿੱਖਾਂ	੧੩੦੧	੨੧੧੭੬੫੦.੦੦	੦.੦੦
੧੧੪	ਸਹਾਇਤਾ ਡਾਕਟਰੀ ਸਹੂਲਤਾਂ ਵਾਲੀਆਂ ਵੈਨਾਂ ਅਤੇ ਫਰੀ ਦਵਾਈਆਂ ਆਦਿ	੧੩੦੯	੪੮੦੬.੦੦	੦.੦੦
੧੧੫	ਸਹਾਇਤਾ ਯਾਦਗਾਰੀ ਪ੍ਰੋਜੈਕਟ ਤੇ ਇਤਿਹਾਸਕ ਇਮਾਰਤਾਂ	੧੩੧੪	੧੭੫੨੮੦.੦੦	੦.੦੦
੧੧੬	ਸਹਾਇਤਾ ਧਾਰਮਿਕ, ਪੰਥਕ ਤੇ ਸਮਾਜ ਸੇਵੀ ਸੰਸਥਾਵਾਂ, ਪਿੰਡਾਂ ਦੇ ਗ੍ਰੰਥੀ ਸਿੰਘਾਂ ਰਾਹੀਂ ਪ੍ਰਚਾਰ, ਪੰਥਕ ਵਿਦਿਵਾਨਾਂ ਨੂੰ ਸਨਮਾਨ	੧੩੨੬	੬੭੬੩੪੫.੦੦	੦.੦੦
੧੧੭	ਸਹਾਇਤਾ ਮੁਫਤ ਵਿਦਿਆ ਅੰਮ੍ਰਿਤਧਾਰੀ ਵਿਦਿਆਰਥੀ (ਸ਼੍ਰੋ:ਗੁ:ਪ੍ਰ:ਕਮੇਟੀ ਨੂੰ)	੧੪੩੪	੨੦੮੧੦੦੦੦.੦੦	੦.੦੦
੧੧੮	ਸਹਾਇਤਾ ਗੁਰਦੁਆਰਾ ਸਾਹਿਬਾਨ, ਗਰੀਬ ਤੇ ਲੋੜਵੰਦ ਪਰਿਵਾਰ, ਲਾਇਬ੍ਰੇਰੀਆਂ, ਸਕੂਲ/ਕਾਲਜ ਆਦਿ ਹਰਿਆਣਾ ਸਿੱਖ ਮਿਸ਼ਨ	੧੪੩੧	੫੫੦੦੦੦.੦੦	੭੦੦੦੦.੦੦

੧੦੯ ਸਹਾਇਤਾ ਗੁਰਦੁਆਰਾ ਸਾਹਿਬਾਨ ਰਾਜਿਸਥਾਨ ਸਿੱਖ ਮਿਸ਼ਨ	੧੩੫੧	੪੦੦੦੦.੦੦	੦.੦੦
੧੧੦ ਸਹਾਇਤਾ ਗੁਰ:ਸਾਹਿ:, ਗਰੀਬ ਤੇ ਲੋੜਵੰਦ ਪਰਿਵਾਰ, ਸਕੂਲ/ਕਾਲਜ ਯੂ:ਪੀ:,ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ	੧੩੫੬	੦.੦੦	੧੦੦੦੦੦.੦੦
੧੧੧ ਸਹਾਇਤਾ ਬੀਬੀ ਭਾਨੀ ਕੰਨਿਆ ਨੇਤਰਹੀਣ ਵਿਦਿ: ਸੰਨ੍ਹ ਸਾਹਿਬ ਛੇਹਰਟਾ ਰੋਡ, ਸ੍ਰੀ ਅੰਮ੍ਰਿਤਸਰ	੧੩੮੯	੧੦੦੦੦੦.੦੦	੦.੦੦
੧੧੨ ਸਹਾਇਤਾ ਮੁਫ਼ਤ ਵਿਦਿਆ ਗੁਰਸਿੱਖ ਵਿਦਿਆਰਥਣਾਂ	੧੪੦੬	੪੨੮੬੮੬੪.੦੦	੦.੦੦
੧੧੩ ਸਟਾਕ ਲਿਟਰੇਚਰ, ਡਾਇਰੀ, ਕੈਲੰਡਰ ਆਦਿ (ਛਪਾਈ) ਪੂੰਜੀਗਤ ਖਰਚੇ	੧੫੧੮	੧੧੦੭੪੦.੦੦	੯੬੬੦੮੫.੦੦
੧੧੪ ਸਟਾਕ ਕਕਾਰ ਅੰਮ੍ਰਿਤ ਸੰਚਾਰ	੧੫੩੬	੨੦੫੫੬੫੦.੦੦	੧੫੧੭੪੧੬.੦੦
੧੧੫ ਸਟਾਕ ਸਿਰਪਾਉ	੧੫੪੩	੦.੦੦	੧੧੪੮੨੮.੦੦
੧੧੬ ਨਵੀਆਂ (ਸਟਾਕ) ਗੱਡੀਆਂ	੧੫੫੦	੧੮੬੦੦੦੦.੦੦	੦.੦੦
੧੧੭ ਸਾਮਾਨ ਦਫਤਰ ਧਰਮ ਪ੍ਰਚਾਰ ਕਮੇਟੀ	੧੫੫੬	੧੫੭੧੧.੦੦	੦.੦੦
੧੧੮ ਸਾਮਾਨ ਸ਼ਹੀਦ ਸਿੱਖ ਮਿ: ਕਾਲਜ ਅੰਮ੍ਰਿਤਸਰ ਤੇ ਬੁੱਢਾ ਜੌਹੜ	੧੫੮੬	੧੫੩੦੧੨.੦੦	੦.੦੦
੧੧੯ ਸਾਮਾਨ ਬੇਬੇ ਨਾਨਕੀ ਗੁਰਮਤਿ ਸੰਗੀਤ ਅਕੈਡਮੀ, ਸ੍ਰੀ ਅੰਮ੍ਰਿਤਸਰ	੧੫੯੧	੯੨੫੦੦.੦੦	੦.੦੦
੧੨੦ ਸਾਮਾਨ ਜਥੇ: ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ, ਪਟਿਆਲਾ	੧੬੦੪	੧੫੩੫੦੧.੦੦	੦.੦੦
੧੨੧ ਸਾਮਾਨ ਦਫਤਰ ਯੂ.ਪੀ., ਮੱਧ ਪ੍ਰਦੇਸ਼, ਦਿੱਲੀ ਅਤੇ ਸਿੱਖ ਮਿਸ਼ਨ ਹਾਪੁੜ	੧੬੧੫	੧੫੧੮੧੨.੦੦	੦.੦੦
੧੨੨ ਸਾਮਾਨ ਗੁਰ: ਟ੍ਰੇਨਿੰਗ ਕਾਲਜ ਡੇਰਾ ਬਾਬਾ ਨਾਨਕ	੧੬੨੭	੧੪੦੦.੦੦	੦.੦੦
੧੨੩ ਸਾਮਾਨ ਦਫਤਰ ਜੰਮੂ ਕਸ਼ਮੀਰ ਸਿੱਖ ਮਿਸ਼ਨ	੧੬੩੪	੧੪੨੫੦.੦੦	੦.੦੦
੧੨੪ ਸਾਮਾਨ ਗੁ:ਗੁਰੂ ਨਾਨਕ ਮਿਸ਼ਨ ਨਰਵਾਲ ਪਾਈ ਸਤਵਾਰੀ, ਜੰਮੂ	੧੬੪੩	੩੬੫੭੮.੦੦	੦.੦੦
੧੨੫ ਇਮਾਰਤ ਸ਼ਹੀਦ ਸਿੱਖ ਮਿ: ਕਾਲਜ, ਅੰਮ੍ਰਿਤਸਰ (ਸਰੀਆ)	੧੬੮੩	੨੬੯੫੪੫੦.੦੦	੦.੦੦
੧੨੬ ਇਮਾਰਤ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ, ਪਟਿਆਲਾ (ਸਰੀਆ)	੧੭੦੭	੦.੦੦	੧੯੦੩੯੫.੦੦
੧੨੭ ਇਮਾਰਤ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ, ਪਟਿਆਲਾ (ਸੀਮਿੰਟ)	੧੭੧੦	੭੫੮੪੦.੦੦	੨੨੦੬੯੮.੦੦
੧੨੮ ਇਮਾਰਤ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ, ਪਟਿਆਲਾ (ਠੇਕੇਦਾਰਾਂ)	੧੭੧੧	੨੭੩੫੩੭੫.੦੦	੦.੦੦

੧੨੯ ਇਮਾਰਤ ਗੁ:ਸਾਹਿਬ ਭਗਤ ਕਬੀਰ ਜੀ ਮਗਹਰ ਗੌਰਖਪੁਰ ਯੂ.ਪੀ.	੧੭੫੫	੧੯੭੧੬੬੭.੦੦	੦.੦੦
੧੩੦ ਆਮਦਨ ਕਰ	੧੭੮੪	੨੨੮੩੯੦.੦੦	੧੮੧੧੬੫.੦੦
੧੩੧ ਟੀ.ਡੀ.ਐਸ. (ਅਦਾਇਗੀ ਯੋਗ)	੧੮੧੪	੩੪੭੯੦.੦੦	੫੭੪੬੩.੦੦
੧੩੨ ਪ੍ਰੋਫੈਸ਼ਨਲ ਟੈਕਸ ਪੰਜਾਬ ਸਰਕਾਰ	੧੮੪੩	੩੦੮੬੦੦.੦੦	੧੦੬੮੦੦.੦੦
੧੩੩ ਅਣਦਿੱਤੀ ਤਨਖਾਹ	੨੦੧੨	੧੪੩੪੫੧.੦੦	੧੧੩੨੫੬.੦੦
੧੩੪ ਅਣਦਿੱਤੇ ਬਿਲਜ਼	੨੦੩੦	੮੧੭੭੬.੦੦	੪੫੮੬੪੧੮.੦੦
੧੩੫ ਅਣਦਿੱਤੇ ਬਿੱਲਜ਼ ਸ਼੍ਰੋਮਣੀ ਕਮੇਟੀ (ਗੁਰਬਾਣੀ ਤੇ ਗੁਰਮਤਿ ਲਿਟ: ਫੰਡ)	੨੦੩੪	੦.੦੦	੧੬੩੭੦੬.੦੦
੧੩੬ ਅਮਾਨਤ ਜਨਰਲ	੨੦੪੩	੦.੦੦	੧੦੨੦੬੦੮.੦੦
੧੩੭ ਪੇਸ਼ਗੀ ਜਨਰਲ	੨੪੨੩	੭੬੬੧੮੧੮.੦੦	੩੩੭੨੪੨੭੩.੦੦
੧੩੮ ਜਮਾਨਤਾਂ ਜਨਰਲ ਤੇ ਠੇਕੇਦਾਰਾਂ	੨੨੧੬	੦.੦੦	੨੧੪੭੮੬.੦੦
੧੩੯ ਅਮਾਨਤ ਕਿਰਾਇਆ ਤੇ ਬਿਜਲੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ	੨੨੩੪	੧੨੪੧੭੦.੦੦	੧੨੪੧੭੦.੦੦
੧੪੦ ਅਮਾਨਤ ਕਿਰਾਇਆ ਰੋਸ਼ਨੀ ਗੁ:ਮੰਜੀ ਸਾਹਿਬ ਆਲਮਗੀਰ	੨੨੪੩	੧੩੨੨੫.੦੦	੧੧੩੪.੦੦
੧੪੧ ਅਮਾਨਤ ਗੁ: ਸ੍ਰੀ ਅੰਬ ਸਾਹਿਬ, ਮੁਹਾਲੀ	੨੩੯੭	੧੦੯੩੯.੦੦	੮੭੪.੦੦
੧੪੨ ਅਮਾਨਤ ਕਿਰਾਇਆ ਤਲਵੰਡੀ ਸਾਬੋ, ਬਠਿੰਡਾ	੨੨੫੨	੨੦੬੯੫੧.੦੦	੧੫੦੧੧.੦੦
੧੪੩ ਅਮਾਨਤ ਸ਼੍ਰੋਮਣੀ ਕਮੇਟੀ	੨੨੭੬	੧੮੯੪੩.੦੦	੧੯੧੪੩.੦੦
੧੪੪ ਲੈਣ-ਦੇਣ ਸ਼੍ਰੋਮਣੀ ਕਮੇਟੀ	੨੨੮੬	੦.੦੦	੧੫੯੨੪੪੬.੦੦
੧੪੫ ਅਮਾਨਤ ਕਿਰਾਇਆ ਸ੍ਰੀ ਦੁਖ ਨਿਵਾਰਨ ਸਾਹਿਬ (ਗੁ:ਸ੍ਰੀ ਮੋਤੀ ਬਾਗ) ਪਟਿਆਲਾ	੨੩੮੭	੧੩੭੬੫.੦੦	੧੧੮੧.੦੦
੧੪੬ ਅਮਾਨਤ ਕਿਰਾਇਆ ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ	੨੨੯੭	੩੨੬੪੨.੦੦	੩੧੫੮.੦੦
੧੪੭ ਅਮਾਨਤ ਮੁਲਾਜਮਾਂ ਭਲਾਈ ਪ੍ਰਚਾਰਕ ਸਾਹਿਬਾਨ	੨੩੧੩	੨੦੦.੦੦	੫੬੦੦੦.੦੦
੧੪੮ ਪ੍ਰੋ: ਫੰਡ ਸਟਾਫ਼	੨੩੪੪	੩੮੭੬੪੬੨.੦੦	੩੮੭੬੪੬੨.੦੦
੧੪੯ ਜਮਾਨਤਾਂ ਮੁਲਾਜਮਾਂ	੨੩੬੫	੧੩੧੬੭੧.੦੦	੧੫੩੧੦੬੬੬.੦੦
੧੫੦ ਸਕਿਉਰਟੀ ਜਨਰਲ (ਟੈਲੀਫੋਨ, ਗੈਸ, ਬਿਜਲੀ ਆਦਿ)	੨੩੮੧	੬੨੫੦.੦੦	੦.੦੦
੧੫੧ ਅਮਾਨਤ ਸ੍ਰੀ ਦਰਬਾਰ ਸਾਹਿਬ, ਸ੍ਰੀ ਮੁਕਤਸਰ ਸਾਹਿਬ	੨੩੬੫	੭੬੩੦.੦੦	੨੦੬੫.੦੦
੧੫੨ ਸੇਫ਼ ਖਾਤਾ	੨੫੦੧	੩੩੬੭੭੭੧.੦੦	੦.੦੦
੧੫੩ S.B a/c no.੬੫੦੩੮੬੦੦੪੯੦ SBI, ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ	੨੫੫੮	੧੦੦੫੩੮੪੯੦.੦੦	੧੧੫੬੯੨੨੪੩.੦੦

੧੫੪ ਮਿਆਦੀ ਰਸੀਦ ਸਟੇਟ ਬੈਂਕ ਆਫ ਇੰਡੀਆ ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ	੨੫੬੧	੨੦੦੦੦੦੦੦	੦.੦੦
੧੫੫ S.B. a/c no.੦੦੦੮੭੩੨ PNB, ਸਰਾਂ, ਅੰਮ੍ਰਿਤਸਰ	੨੬੦੮	੧੮੨੮੨੯੮੩੭.੦੦	੨੧੪੪੧੭੮੩੬.੦੦
੧੫੬ ਮਿਆਦੀ ਰਸੀਦ PNB, ਸਰਾਂ, ਅੰਮ੍ਰਿਤਸਰ	੨੬੩੭	੨੧੦੦੦੦੦੦.੦੦	੦.੦੦
੧੫੭ S.B. a/c no.੧੩੧੩੧੦੦੦੦੧੭੬੬੬ HDFC, ਗੋਲਡਨ ਟੈਂਪਲ, ਅੰਮ੍ਰਿਤਸਰ	੨੬੭੪	੪੦੬੭੮.੦੦	੦.੦੦
੧੫੮ S.B. a/c no.੬੬੬੦੦੦੦੦੧੭੬੬੬ HDFC, ਗੋਲਡਨ ਟੈਂਪਲ, ਅੰਮ੍ਰਿਤਸਰ	੨੬੮੬	੩੫੬੧੪੧੬੭੪.੦੦	੩੬੧੪੬੩੧੪੪.੦੦
੧੫੯ ਮਿਆਦੀ ਰਸੀਦ HDFC, ਗੋਲਡਨ ਟੈਂਪਲ, ਅੰਮ੍ਰਿਤਸਰ	੨੭੨੨	੩੫੦੦੦੦੦੦੦.੦੦	੧੩੬੨੨੫੧੧੦.੦੦
੧੬੦ S.B. a/c no.੦੫੨੪੧੦੦੦੦੦੨੪੮੦ PSB, ਸਰਾਂ, ਅੰਮ੍ਰਿਤਸਰ	੨੬੬੪	੪੧੮੭੭੬੭੬੧.੦੦	੫੦੬੪੮੭੫੮੮.੮੦
੧੬੧ ਮਿਆਦੀ ਰਸੀਦ PSB, ਸਰਾਂ, ਅੰਮ੍ਰਿਤਸਰ	੨੭੮੬	੬੫੦੦੦੦੦੦.੦੦	੨੦੦੦੦੦੦੦.੦੦
੧੬੨ S.B. a/c no.੦੨੪੧੧੦੦੦੦੦੦੨੩੩ PSB, ਗੜ੍ਹ ਰੋਡ, ਹਾਪੁੜ (ਯੂ.ਪੀ.)	੨੮੧੦	੬੪੨੪੮੧.੦੦	੦.੦੦
੧੬੩ S.B. a/c no.੨੦੧੬੫੭੧੭੬੮੫ Indian Bank, ਕਟੜਾ ਆਹਲੂਵਾਲੀਆ, ਅੰਮ੍ਰਿਤਸਰ	੨੮੨੦	੨੦੫੨੪੭.੦੦	੩੦੦੦੦੦੦੦.੦੦
੧੬੪ S.B. a/c no੦੬੦੧੦੦੦੦੨੪੦੦੦ Overseas Bank, ਹਾਲ ਬਾਜ਼ਾਰ, ਅੰਮ੍ਰਿਤਸਰ	੨੮੨੩	੭੩੬੫.੦੦	੦.੦੦
੧੬੫ S.B. a/c no.੦੧੬੬੧੦੧੦੨੬੪੬੫ Canara Bank, ਧਰਮ ਸਿੰਘ ਮਾਰਕੀਟ, ਅੰਮ੍ਰਿਤਸਰ	੨੮੩੬	੧੮੩੬੭੬੮੨੬.੦੦	੧੮੦੦੦੦੨੬੧.੦੦
੧੬੬ ਮਿਆਦੀ ਰਸੀਦ Canara Bank, ਧਰਮ ਸਿੰਘ ਮਾਰਕੀਟ, ਅੰਮ੍ਰਿਤਸਰ	੨੮੩੫	੦.੦੦	੧੭੦੦੦੦੦੦.੦੦
੧੬੭ S.B. a/c no.੧੦੦੦੦੭੦੨੧੬੨੧ Induslnd Bank, ਮਾਲ ਰੋਡ, ਅੰਮ੍ਰਿਤਸਰ	੨੮੩੭	੩੬੬੨੫.੦੦	੩੦੦੦੦੦.੦੦
੧੬੮ S.B. a/c no.੦੦੬੬੦੧੦੦੩੨੩੩ ICICI Bank, ਮਾਲ ਰੋਡ, ਅੰਮ੍ਰਿਤਸਰ	੨੮੪੬	੮੩੬੧੩੮੬੩.੦੦	੧੫੬੬੬੬੬੬੬.੦੦
੧੬੯ ਮਿਆਦੀ ਰਸੀਦ ICICI Bank, ਮਾਲ ਰੋਡ, ਅੰਮ੍ਰਿਤਸਰ	੨੮੪੮	੧੦੬੬੬੬੬੬੬.੦੦	੬੬੬੬੬੬੬੬.੦੦
੧੭੦ S.B. a/c no.੬੧੧੦੧੦੦੩੦੩੭੪੬੭੨ Axis Bank, ਕੋਰਟ ਰੋਡ, ਅੰਮ੍ਰਿਤਸਰ	੨੮੫੧	੧੦੬੪੬੫੬੦.੦੦	੪੦੦੦੦੦੦੦.੦੦
੧੭੧ ਮਿਆਦੀ ਰਸੀਦ Axis Bank, ਕੋਰਟ ਰੋਡ, ਅੰਮ੍ਰਿਤਸਰ	੨੮੫੩	੨੫੦੦੦੦੦੦.੦੦	੦.੦੦
੧੭੨ S.B. a/c No ੭੮੩੬੦੧੦੦੦੦੫੪੦੪ ਬੈਂਕ ਆਫ ਬੜੌਦਾ, ਮਾਲ ਰੋਡ, ਅੰਮ੍ਰਿਤਸਰ	੨੬੧੪	੫੦੦੦੦੦੦੦.੦੦	੫੩੬੨੩੦੬੬.੫੦

੧੭੩ ਮਿਆਦੀ ਰਸੀਦ ਬੈਂਕ ਆਫ ਬੜੌਦਾ, ਮਾਲ ਰੋਡ, ਅੰਮ੍ਰਿਤਸਰ	੨੮੫੭	੫੦੦੦੧੦੦੦.੦੦	੦.੦੦
੧੭੪ S.B. a/c No ੦੮੧੧੬੫੫੬੪੨ ਕੋਟਿਕ ਮਹਿੰਦਰਾ ਬੈਂਕ, ਮਾਲ ਰੋਡ, ਅੰਮ੍ਰਿਤਸਰ	੨੮੬੧	੨੬੪੧.੦੦	੦.੦੦
੧੭੫ S.B. a/c ੦੫੬੦੬੦੪੦੧੦੦੦੧੨੬੨੬ ਜੰਮੂ ਐਂਡ ਕਸ਼ਮੀਰ ਬੈਂਕ, ਸਾਸ਼ਤਰੀ ਮਾਰਕੀਟ, ਅੰਮ੍ਰਿਤਸਰ	੨੮੬੫	੫੮੬.੦੦	੦.੦੦
੧੭੬ S.B. a/c ੫੫੦੦੦੦੦੧੩੧੩ IDFC, ਮਾਲ ਰੋਡ, ਅੰਮ੍ਰਿਤਸਰ	੨੮੭੦	੩੬੭੧੫.੦੦	੦.੦੦
੧੭੭ S.B. a/c ੧੦੦੦੦੧੦੦੧੩੧੩ Equitas Small Finance Bank, ਕੋਰਟ ਰੋਡ, ਅੰਮ੍ਰਿਤਸਰ	੨੮੭੪	੧੩੦੪੭੩.੦੦	੧੦੦੦੦੦੦੦.੦੦
੧੭੮ ਮਿਆਦੀ ਰਸੀਦ Cooperative Bank, ਹਾਲ ਗੇਟ, ਅੰਮ੍ਰਿਤਸਰ	੨੮੮੬	੧੮੦੬੬੭੨੭.੦੦	੦.੦੦
੧੭੯ ਮਿਆਦੀ ਰਸੀਦ Yes Bank, ਹਾਲ ਬਾਜਾਰ, ਅੰਮ੍ਰਿਤਸਰ	੨੮੮੮	੩੫੦੦੦੦੦੦.੦੦	੩੨੦੦੦੦੦੦.੦੦
੧੮੦ ਮਿਆਦੀ ਰਸੀਦ ਜਮਾਨਤਾਂ ਮੁਲਾਜਮਾਂ	੨੮੬੧	੨੧੬੩੩੨੭੩.੦੦	੨੦੭੭੪੮੬੦.੦੦
੧੮੧ ਕੈਸ਼ ਹੋਣ ਯੋਗ ਚੈਕਸ (ਅਦਾਇਗੀ ਯੋਗ)	੨੬੦੮	੦.੦੦	੪੮੬੦੦੦.੦੦
੧੮੨ ਮਿਆਦੀ ਰਸੀਦ AU Small Finance Bank, ਅੰਮ੍ਰਿਤਸਰ	੨੬੩੦	੪੦੦੦੦੦੦੦.੦੦	੬੦੦੦੦੦੦੦.੦੦
੧੮੩ ਵਸੂਲਣਯੋਗ ਬੈਂਕਾਂ	੨੬੩੨	੩੬੦੬੦੬.੦੦	੦.੦੦
ਟੀਵੀ ਨੰ:੧੭੬੮ ਤੀਕ ਜੋੜ :-		**੨੭੭੦੩੬੪੦੨੮.੩੦**	**੨੭੬੬੮੭੫੭੬੪.੩੦**
ਹੱਥ ਦੀ ਬਾਕੀ :-		**੦.੦੦**	**੫੧੮੨੩੪.੦੦**
ਕੁੱਲ ਜੋੜ :-		**੨੭੭੦੩੬੪੦੨੮.੩੦**	**੨੭੭੦੩੬੪੦੨੮.੩੦**

ਸਹੀ/- **ਸਹੀ/-**

ਚੀਫ਼ ਅਕਾਊਂਟੈਂਟ, **ਮੀਤ/ਐਡੀ:/ ਸਕੱਤਰ,**

ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ), ਸ੍ਰੀ ਅੰਮ੍ਰਿਤਸਰ।

ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਚਿੱਠਾ ਆਮਦਨ/ਖ਼ਰਚ ਧਰਮ ਪ੍ਰਚਾਰ ਕਮੇਟੀ, ਮਹੀਨਾ ਸਤੰਬਰ ੨੦੨੫

ਸੀ: ਨੰ:	ਨਾਮ ਖਾਤਾ	ਪੰਨਾ	ਨਾਮ	ਜਮ੍ਹਾਂ
੧	ਪੂੰਜੀਗਤ	੧	੦.੦੦	੭੬੮.੦੦
੨	ਧਾਰਮਿਕ ਫੰਡ ੮੫	੨੫	੦.੦੦	੬੭੨੬੧੬੧੯.੦੦
੩	ਧਾਰਮਿਕ ਫੰਡ ੮੭	੮੨	੦.੦੦	੧੮੪੦੦੦.੦੦
੪	ਪ੍ਰਚਾਰ ਸਹਾਇਤਾ	੧੧੫	੦.੦੦	੩੨੬੫੦੦.੦੦
੫	ਸੂਦ ਬੈਂਕਾਂ	੧੪੯	੦.੦੦	੧੩੪੩੫੭.੦੦
੬	ਧਾਰਮਿਕ ਪ੍ਰੀਖਿਆ ਵਜੀਫੇ/ਪੱਤਰ ਵਿਹਾਰ ਕੋਰਸ ਤੇ ਖੋਜ ਕੇਂਦਰ	੧੬੬	੯੭੭੨੦੪.੦੦	੧੩੬੮੮੦.੦੦
੭	ਧਾਰਮਿਕ ਵਿਦਿਆ	੨੧੩	੨੩੯੨੭੧.੦੦	੦.੦੦
੮	ਗੁਰਮਤਿ ਪ੍ਰਕਾਸ਼ (ਪੰਜਾਬੀ ਮਾਸਿਕ ਪੱਤਰ)	੨੩੨	੧੯੦੮੨੯੩.੦੦	੩੧੨੫੦.੦੦
੯	ਗੁਰਮਤਿ ਗਿਆਨ ਹਿੰਦੀ	੨੬੨	੫੪੬੪੮੧.੦੦	੩੭੬੦.੦੦
੧੦	ਧਰਮ ਤੇ ਅੰਮ੍ਰਿਤ ਪ੍ਰਚਾਰ	੨੮੨	੬੮੬੪੫੮.੦੦	੨੨੫੮੨.੦੦
੧੧	ਕਿਰਾ: ਦੁਕਾਨਾਂ ਤੇ ਫਲੈਟਸ, ਯੂ.ਪੀ. ਸਿੱਖ ਮਿਸ਼ਨ	੩੦੪	੦.੦੦	੩੬੯੫੭.੦੦
੧੨	ਸਟੇਸ਼ਨਰੀ ਛਪਾਈ	੩੩੮	੪੦੫੫.੦੦	੦.੦੦
੧੩	ਤਨਖਾਹ ਸਟਾਫ ਦਫਤਰ	੩੪੩	੪੬੬੮੧੧੭.੦੦	੩੯੬੮੧.੦੦
੧੪	ਤਨਖਾਹ ਸਟਾਫ ਲਿਟਰੇਚਰ ਅਤੇ ਕਮਿਸ਼ਨ ਆਦਿ	੩੪੮	੬੯੩੫੩੮.੦੦	੦.੦੦
੧੫	ਤਨਖਾਹ ਤੇ ਸਫਰ ਖਰਚ ਅਲਾਊਂਸ ਡਰਾਈਵਰਜ਼	੩੫੪	੧੦੧੮੨੧੨.੦੦	੦.੦੦
੧੬	ਤਨਖਾਹ ਧਾਰਮਿਕ ਟੀਚਰ	੩੬੪	੧੬੮੨੯੬੧.੦੦	੦.੦੦
੧੭	ਡਾਕ ਤੇ ਤਾਰ ਖਰਚ	੩੭੦	੮੨੨੧.੦੦	੦.੦੦
੧੮	ਫਿਲਮਾਂ ਰਾਹੀਂ ਪ੍ਰਚਾਰ (ਤਨਖਾਹ ਫਿਲਮ ਉਪਰੇ:, ਮੁੰਰ: ਤੇ ਸ:ਖ: ਆਦਿ)	੩੮੦	੧੮੯੬੭੫.੦੦	੦.੦੦
੧੯	ਖਰਚ ਗੱਡੀਆਂ (ਤੇਲ ਤੇ ਮੁਰੰਮਤਾਂ)	੪੧੨	੩੪੨੬੫੧.੦੦	੦.੦੦
੨੦	ਮੁਕੱਦਮੇ	੪੨੭	੫੦੦.੦੦	੧੦੦੦੦.੦੦
੨੧	ਟੈਲੀਫੋਨ	੪੩੪	੬੪੩੩.੦੦	੦.੦੦
੨੨	ਮੁਰੰਮਤ ਸਾਮਾਨ ਦਫਤਰ	੪੪੪	੭੩੨੦.੦੦	੦.੦੦
੨੩	ਐਂਟਰਟੇਨਮੈਂਟ (ਆਉ ਭਗਤ)	੪੬੦	੩੫੪੬੩.੦੦	੦.੦੦
੨੪	ਵਰਦੀਆਂ ਮੁਲਾਜਮਾਂ	੪੭੦	੨੪੫੦੦੦.੦੦	੦.੦੦
੨੫	ਸਫਰ ਖਰਚ ਮੈਂਬਰ ਸਾਹਿਬਾਨ	੪੭੫	੫੯੨੬੪.੦੦	੦.੦੦

੨੬	ਸਫਰ ਖਰਚ ਮੁਲਾਜਮਾਂ	੪੮੨	੨੭੪੬੫.੦੦	੦.੦੦
੨੭	ਫੁਟਕਲ ਦਫਤਰ ਤੇ ਰੋਸ਼ਨੀ	੫੦੭	੩੨੭੧੮.੦੦	੦.੦੦
੨੮	ਬੀਮਾ ਗੱਡੀਆਂ ਤੇ ਕੈਸ਼	੫੧੫	੭੪੧੦੬.੦੦	੦.੦੦
੨੯	ਸ਼ਤਾਬਦੀਆਂ ਸਮਾਰੋਹ	੫੬੨	੪੪੭੦੭੨੫.੦੦	੨੫੪੭੫੦੦.੦੦
੩੦	ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ	੬੩੧	੯੦੪੧੧੧.੦੦	੪੦੧੦੭.੦੦
੩੧	ਸੰਤ ਫਤਹਿ ਸਿੰਘ ਸੰਤ ਚੰਨਣ ਸਿੰਘ ਬੁੱਢਾ ਜੌਹੜ, ਰਾਜਸਥਾਨ	੬੩੯	੨੩੬੦੮੮.੦੦	੦.੦੦
੩੨	ਗਿਆਨੀ ਸੋਹਣ ਸਿੰਘ ਸੀਤਲ ਢਾਡੀ ਕਾਲਜ, ਗੁਰੂ ਕੀ ਵਡਾਲੀ	੬੫੦	੩੩੩੬੮੭.੦੦	੦.੦੦
੩੩	ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ)	੬੫੯	੫੦੮੨੨੦.੦੦	੧੦੩੦੯.੦੦
੩੪	ਭਾਈ ਗੁਰਦਾਸ ਵਿਦਿਆਲਾ ਜੁਬਲੀ ਧਰਮਸ਼ਾਲਾ ਫਿਰੋਜ਼ਪੁਰ	੬੭੦	੩੦੦੧੩੫.੦੦	੦.੦੦
੩੫	ਗੁਰਮਤਿ ਸੰਗੀਤ ਅਕੈਡਮੀ (ਸ੍ਰੀ ਅਨੰਦਪੁਰ ਸਾਹਿਬ)	੬੮੦	੨੮੧੪੨੧.੦੦	੪੧੨੨.੦੦
੩੬	ਸਬ-ਆਫਿਸ ਸ੍ਰੀ ਅਨੰਦਪੁਰ ਸਾਹਿਬ	੬੯੦	੧੩੪੬੬੨੩.੦੦	੪੦੬੦੬.੦੦
੩੭	ਸਬ-ਆਫਿਸ ਤਲਵੰਡੀ ਸਾਬੋ ਕੀ ਬਠਿੰਡਾ	੬੯੮	੩੫੫੬੯੮੭.੦੦	੦.੦੦
੩੮	ਸ਼ਹੀਦ ਸੰਗੀਤ ਵਿਦਿਆਲਾ ਬਾਦੀਆਂ ਸ੍ਰੀ ਮੁਕਤਸਰ ਸਾਹਿਬ ਤਨ:, ਸ:ਖ: ਤੇ ਫੁਟ: ਆਦਿ	੭੦੨	੬੭੧੫੨.੦੦	੦.੦੦
੩੯	ਸੰਤ ਕਰਤਾਰ ਸਿੰਘ ਖਾਲਸਾ ਸਿੱਖ ਮਿਸ਼ਨਰੀ ਕਾਲਜ ਭੂਰਾ ਕੋਹਨਾ ਤਰਨਤਾਰਨ ਤਨ:, ਸ:ਖ: ਤੇ ਫੁਟ:ਆਦਿ	੭੦੭	੨੮੯੪੩੨.੦੦	੦.੦੦
੪੦	ਸ੍ਰ. ਜੱਸਾ ਸਿੰਘ ਆਹਲੂਵਾਲੀਆ ਗੁਰ: ਸੰਗ: ਵਿਦਿ: ਕਾਲਾ ਮਲ੍ਹਾ ਛਾਪਾ ਬਰਨਾਲਾ ਤਨ:, ਸ:ਖ: ਤੇ ਫੁਟ:ਆਦਿ	੭੧੩	੧੫੯੫੩੮.੦੦	੦.੦੦
੪੧	ਬੇਬੇ ਨਾਨਕੀ ਸਿੱਖ ਮਿਸ਼ਨਰੀ ਕਾਲਜ ਸੁਲਤਾਨਪੁਰ ਲੋਧੀ, ਕਪੂਰਥਲਾ ਤਨ:, ਸ:ਖ: ਤੇ ਫੁਟ:ਆਦਿ	੭੧੯	੪੫੧੯੮੭.੦੦	੦.੦੦
੪੨	ਸ਼ਹੀਦ ਬਾਬਾ ਦੀਪ ਸਿੰਘ ਜੀ ਗੁਰ: ਵਿਦਿ: ਬਰਨਾਲਾ (ਬਖਸ਼ੀ ਵਾਲੀ ਕੋਠੀ) ਤਨ:,ਸ:ਖ: ਤੇ ਫੁਟ:ਆਦਿ	੭੨੭	੨੬੫੦੦੭.੦੦	੦.੦੦
੪੩	ਗੁਰੂ ਨਾਨਕ ਗੁਰਮਤਿ ਸਿਖਲਾਈ ਵਿਦਿ: ਡੇਰਾ ਬਾਬਾ ਨਾਨਕ ਗੁਰਦਾਸਪੁਰ ਤਨ:, ਸ:ਖ: ਤੇ ਫੁਟ:ਆਦਿ	੭੩੪	੨੮੧੨੨੦.੦੦	੦.੦੦
੪੪	ਬੇਬੇ ਨਾਨਕੀ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅੰਮ੍ਰਿਤਸਰ	੭੪੦	੧੩੪੮੧੬.੦੦	੦.੦੦
੪੫	ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਆਫ ਐਡਵਾਂਸ ਸਿੱਖ ਸਟੱਡੀਜ਼, (ਤਨਖਾਹਾਂ, ਆਨਰੇਰੀਅਮ ਤੇ ਫੁਟਕਲ ਆਦਿ)	੭੫੨	੧੨੯੬੧੨੧.੦੦	੧੫੩੨੯੩.੦੦
੪੬	ਸਮੂੰਹ ਮੁਰਮੰਤ ਇਮਾਰਤਾਂ (ਮਿਸ਼ਨ, ਕਾਲਜ, ਗੁਰਮਤਿ ਇੰਸ, ਅਕੈਡਮੀਆਂ ਅਤੇ ਵਿਦਿਆਲੇ)	੭੭੧	੩੧੪੦੬.੦੦	੦.੦੦
੪੭	ਤਨਖਾਹ ਭਾਈ ਨਗਾਹੀਆ ਜੀ ਪਬ:ਸਕੂਲ ਫਾਰ ਡੈਫ ਆਲਮਗੀਰ, ਲੁਧਿਆਣਾ	੭੯੧	੨੯੫੩੫੬.੦੦	੦.੦੦

੪੮	ਤਨਖਾਹ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ	੭੯੨	੬੦੮੨੩੪੨.੦੦	੨੫੦੦੦.੦੦
੪੯	ਸਫਰ ਖਰਚ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ	੮੦੩	੨੭੪੨੨੬.੦੦	੦.੦੦
੫੦	ਦੀਵਾਨ ਮੇਲੇ ਤੇ ਕੈਂਪਸ ਪੰਜਾਬ ਪ੍ਰਚਾਰ, ਨਸ਼ਾ ਮੁਕਤੀ ਮੁਹਿੰਮ ਅਤੇ ਗੁਰਮਤਿ ਦਸਤਾਰ ਸਮਾਗਮ	੮੧੮	੧੯੫੫੦੮੨.੦੦	੦.੦੦
੫੧	ਤਨਖਾਹ ਤੇ ਸਫਰ ਖਰਚ ਸਟਾਫ਼ ਹਰਿਆਣਾ ਸਿੱਖ ਮਿਸ਼ਨ, ਕੁਰੂਕਸ਼ੇਤਰ	੮੫੪	੪੮੮੫੮੩.੦੦	੦.੦੦
੫੨	ਫੁਟਕਲ ਦਫ਼ਤਰ ਹਰਿਆਣਾ ਸਿੱਖ ਮਿਸ਼ਨ	੮੬੧	੧੮੬੩੭.੦੦	੦.੦੦
੫੩	ਖਰਚ ਗੱਡੀਆ ਹਰਿਆਣਾ ਸਿੱਖ ਮਿਸ਼ਨ	੮੬੭	੨੫੧੮੧.੦੦	੦.੦੦
੫੪	ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ ਹਰਿਆਣਾ ਸਿੱਖ ਮਿਸ਼ਨ	੮੭੭	੩੧੧੬੭.੦੦	੦.੦੦
੫੫	ਮੁਕੱਦਮੇ ਹਰਿਆਣਾ ਸਿੱਖ ਮਿਸ਼ਨ	੮੮੩	੬੦੦.੦੦	੦.੦੦
੫੬	ਗੁਰ:ਵਿਦਿਆਲਾ ਸ਼ੇਖੂਪੁਰਾ ਮੰਚੂਰੀ, ਕਰਨਾਲ ਤਨ:, ਵਜੀ:, ਸ:ਖਰਚ ਤੇ ਫੁਟ:	੮੯੦	੨੪੪੯੪੩.੦੦	੧੮੬੫.੦੦
੫੭	ਤਨਖਾਹ ਤੇ ਸਫਰ ਖਰਚ ਸਟਾਫ਼ ਹਿਮਾਚਲ ਪ੍ਰਦੇਸ਼ ਸਿੱਖ ਮਿਸ਼ਨ (ਗੁ: ਪਲਾਹ ਸਾਹਿਬ, ਊਨਾ)	੮੯੮	੨੬੬੬੪੫.੦੦	੦.੦੦
੫੮	ਤਨਖਾਹ ਤੇ ਸਫਰ ਖਰਚ ਸਟਾਫ਼ ਰਾਜਿਸਥਾਨ ਸਿੱਖ ਮਿਸ਼ਨ (ਬੁੱਢਾ ਜੋਹੜ)	੯੦੬	੨੦੯੦੭੭.੦੦	੦.੦੦
੫੯	ਦੀਵਾਨ, ਮੇਲੇ, ਕੈਂਪਸ ਅਤੇ ਫ਼ਿਲਮਾਂ ਰਾਹੀਂ ਪ੍ਰਚਾਰ ਰਾਜਸਥਾਨ ਸਿੱਖ ਮਿਸ਼ਨ	੯੧੨	੨੬੬੪੫.੦੦	੦.੦੦
੬੦	ਤਨ: ਸਫਰ ਖਰਚ ਸਟਾਫ਼ ਹਾਪੁੜ (ਯੂ:ਪੀ:) ਅਤੇ ਮੱਧ ਪ੍ਰਦੇਸ਼ ਮਿਸ਼ਨ	੯੧੯	੧੮੬੪੧੧੨.੦੦	੦.੦੦
੬੧	ਟੈਕਸਿਸ ਹਾਊਸ ਤੇ ਪਾਣੀ ਅਤੇ ਬਿੱਲ ਬਿਜਲੀ ਮੁਰੰਮਤ ਸਾਮਾਨ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ	੯੩੬	੧੦੦੯੭੦.੦੦	੫੨੦੫.੦੦
੬੨	ਫੁਟਕਲ ਦਫ਼ਤਰ ਯੂ:ਪੀ:, ਮੱਧ ਪ੍ਰਦੇਸ਼ ਸਿੱਖ ਮਿਸ਼ਨ	੯੩੯	੧੬੪੭੩.੦੦	੦.੦੦
੬੩	ਤਨ:, ਸਫਰ ਖਰਚ ਸਟਾਫ਼ ਦਿੱਲੀ ਸਿੱਖ ਮਿਸ਼ਨ	੯੪੨	੧੬੫੫੮੩.੦੦	੦.੦੦
੬੪	ਫੁਟਕਲ ਦਫ਼ਤਰ ਦਿੱਲੀ ਸਿੱਖ ਮਿਸ਼ਨ	੯੪੫	੧੫੨੬੯.੦੦	੦.੦੦
੬੫	ਦੀਵਾਨ ਮੇਲੇ ਤੇ ਕੈਂਪਸ ਸਿੱਖ ਮਿਸ਼ਨ ਦਿੱਲੀ	੯੫੨	੧੧੮੬੦੬.੦੦	੦.੦੦
੬੬	ਸ੍ਰੀ ਗੁਰੂ ਰਾਮਦਾਸ ਜੀ ਗੁਰਮਤਿ ਵਿਦਿਆਲੇ ਸ਼ਾਹਜਹਾਨਪੁਰ, ਯੂ.ਪੀ	੯੫੮	੧੬੭੬੦੬.੦੦	੧੪੫੯.੦੦

੬੭	ਗੁਰਦੁਆਰਾ ਗੁਰੂ ਨਾਨਕ ਦਰਬਾਰ, ਹਾਪੜ (ਯੂ:ਪੀ:)	੯੬੦	੬੪੬੪੨.੦੦	੦.੦੦
੬੮	ਗੁਰ: ਸਾਹਿਬਾਨ ਨੱਕਾ ਕੂਆਂ, ਸੰਤ ਸਭਾ ਨਗੀਨਾ, ਬ੍ਰਿੰਦਾਬਨ, ਗੜਮੁਕਤੇਸਰ, ਅਲੀਗੜ੍ਹ (ਯੂ:ਪੀ:)	੯੭੦	੪੩੫੩੫.੦੦	੨੫੬੪੪.੦੦
੬੯	ਗੁ:ਚਾਚਾ ਫੱਗੂਮੱਲ ਜੀ ਸਾਸਾਰਾਮ ਰੋਹਤਾਸ, ਬਿਹਾਰ ਤਨਖਾਹ, ਸ.ਖਰਚ ਆਦਿ	੯੭੩	੧੨੮੯੨੧.੦੦	੦.੦੦
੭੦	ਸੰਗੀਤ ਵਿਦਿਆਲਾ ਬਗੜੀ ਗਜਰੋਲਾ ਯੂ:ਪੀ:	੧੦੦੧	੮੦੧੩.੦੦	੦.੦੦
੭੧	ਗੁ: ਭਗਤ ਕਬੀਰ ਜੀ ਮਗਹਰ ਗੋਰਖਪੁਰ ਯੂ.ਪੀ.	੧੦੦੫	੪੮੮੬੫.੦੦	੦.੦੦
੭੨	ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ) ਅਤੇ ਉੜੀਸਾ ਮਿਸ਼ਨ, ਅਹਿਮਦਾਬਾਦ, ਗੁਜਰਾਤ	੧੦੧੩	੧੬੬੭੫੪.੦੦	੦.੦੦
੭੩	ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ, ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ), ਸਿੱਖ ਮਿਸ਼ਨ ਗੁਜਰਾਤ ਅਤੇ ਉੜੀਸਾ ਮਿਸ਼ਨ	੧੦੧੮	੧੦੧੪੩.੦੦	੦.੦੦
੭੪	ਗੁ: ਨਾਨਕ ਦਰਸ਼ਨ ਮਾਊਂਟ ਆਬੂ, ਗੁਜਰਾਤ	੧੦੨੩	੯੩੨੬੯੮.੦੦	੦.੦੦
੭੫	ਤਨ: ਤੇ ਸਫ਼ਰ ਖ਼ਰਚ ਸਟਾਫ਼ ਛੱਤੀਸਗੜ੍ਹ ਸਿੱਖ ਮਿਸ਼ਨ	੧੦੩੧	੨੯੩੫੩੮.੦੦	੦.੦੦
੭੬	ਗੁਰੂ ਨਾਨਕ ਦੇਵ ਗੁ:ਵਿਦਿ: ਛੱਤੀਸਗੜ੍ਹ ਮਿਸ਼ਨ (ਤਨ:ਸਫਰ ਖਰਚ ਅਤੇ ਬਿੱਲ ਆਦਿ)	੧੦੪੨	੧੫੭੮੦੭.੦੦	੦.੦੦
੭੭	ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਜੰਮੂ ਕਸ਼ਮੀਰ ਸਿੱਖ ਮਿਸ਼ਨ	੧੦੪੬	੭੦੫੨੨੦.੦੦	੦.੦੦
੭੮	ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਅਤੇ ਖਰਚ ਗੱਡੀਆਂ ਜੰਮੂ ਕਸ਼ਮੀਰ ਸਿੱਖ ਮਿਸ਼ਨ	੧੦੫੨	੧੪੧੮੯.੦੦	੦.੦੦
੭੯	ਗੁਰਦੁਆਰਾ ਗੁਰੂ ਨਾਨਕ ਦੇਵ ਮਿਸ਼ਨ ਸਤਵਾਰੀ ਨਰਵਾਲ ਪਾਈ, ਜੰਮੂ	੧੦੫੮	੭੦੪੦.੦੦	੫੨੬੮੦.੦੦
੮੦	ਫੁਟਕਲ ਦਫ਼ਤਰ ਲੰਗਰ (ਆਉ ਭਗਤ), ਜੰਮੂ ਕਸ਼ਮੀਰ ਸਿੱਖ ਮਿਸ਼ਨ	੧੦੬੩	੨੫੦.੦੦	੦.੦੦
੮੧	ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਕਾਂਸ਼ੀਪੁਰ ਸਿੱਖ ਮਿਸ਼ਨ	੧੦੭੧	੭੭੧੪੮੨.੦੦	੦.੦੦
੮੨	ਫੁਟਕਲ ਆਦਿ, ਕਾਂਸ਼ੀਪੁਰ ਸਿੱਖ ਮਿਸ਼ਨ	੧੦੭੫	੧੨੮੫੨.੦੦	੦.੦੦
੮੩	ਤਨਖਾਹ, ਸਫਰ ਖਰਚ ਸਿੱਖ ਮਿਸ਼ਨ ਨੇਪਾਲ	੧੦੮੨	੨੩੧੪੨.੦੦	੦.੦੦
੮੪	ਸਿੱਖ ਮਿਸ਼ਨ ਲਖਨਊ	੧੦੮੫	੪੫੬੮.੦੦	੦.੦੦
੮੫	ਸਹਾਇਤਾ ਗੁਰਦੁਆਰਾ ਸਾਹਿਬਾਨ	੧੧੧੪	੬੦੩੮੪੨.੦੦	੦.੦੦
੮੬	ਸਹਾਇਤਾ ਭੇਟਾ ਰਹਿਤ ਕੀਰਤਨੀ ਸਾਜ਼	੧੧੪੫	੨੮੭੮੫੦.੦੦	੦.੦੦
੮੭	ਸਹਾਇਤਾ ਧਾਰਮਿਕ ਵਿਦਿਆ ਸਕੂਲਾਂ/ਕਾਲਜਾਂ, ਯੂਨੀਵਰਸਿਟੀ	੧੧੬੭	੩੩੫੦੦੦.੦੦	੦.੦੦

੯੮	ਸਹਾਇਤਾ ਧਰਮ ਪ੍ਰਚਾਰ ਵਿਦਿਆਰਥੀ ਖੇਤਰ ਅਤੇ ਸਿੱਖ ਸ਼ਸਤਰ ਵਿਦਿਆ (ਗਤਕਾ)	੧੧੮੨	੧੧੭੧੪੫.੦੦	੦.੦੦
੯੯	ਸਹਾਇਤਾ ਗਰੀਬ ਤੇ ਲੋੜਵੰਦ ਪਰਿਵਾਰ	੧੨੪੩	੧੫੨੨੫੦੦.੦੦	੦.੦੦
੧੦੦	ਸਹਾਇਤਾ ਸਿਕਲੀਗਰ ਤੇ ਵਣਜਾਰੇ ਸਿੱਖਾਂ	੧੩੦੧	੩੨੦੦.੦੦	੦.੦੦
